ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਸ਼ਨੀਵਾਰ, 17 ਫਰਵਰੀ 2024 (ਨਾਨਕਸ਼ਾਹੀ ਸੰਮਤ : ੫੫੫, ੫ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸ਼ੰਭੂ ਬਾਰਡਰ 'ਤੇ ਕਿਸਾਨ ਗਿਆਨ ਸਿੰਘ ਦੀ ਮੌਤ



**ਬਟਾਲਾ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਅੰਦੋਲਨ 2.0 ਦੇ ਚੌਥੇ ਦਿਨ ਇਕ ਹੋਰ ਬੇਹੱਦ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਜਿਥੇ ਹਰਿਆਣਾ ਦੇ ਸ਼ੰਭੂ ਬਾਰਡਰ 'ਤੇ ਇਕ ਕਿਸਾਨ ਦੀ ਮੌਤ ਹੋ ਗਈ ਹੈ। ਜਾਣਕਾਰੀ ਮੁਤਾਬਕ ਕਿਸਾਨ ਨੂੰ ਦਿਲ ਦਾ ਦੌਰਾ ਪਿਆ ਅਤੇ ਫਿਰ ਹਸਪਤਾਲ ਵਿੱਚ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। 65 ਸਾਲਾ ਗਿਆਨ ਸਿੰਘ ਕਿਸਾਨ ਅੰਦੋਲਨ ਵਿੱਚ ਸ਼ਾਮਲ ਹੋਣ ਲਈ ਪੁੱਜਿਆ ਸੀ। ਇੱਥੇ ਉਹ ਅੰਬਾਲਾ ਦੇ ਸ਼ੰਭੂ ਬਾਰਡਰ 'ਤੇ ਪ੍ਰਦਰਸ਼ਨ ਵਿਚ ਹਿੱਸਾ ਲੈ ਰਿਹਾ ਸੀ ਅਤੇ ਗੁਰਦਾਸਪੁਰ ਜ਼ਿਲ੍ਹੇ ਦਾ ਵਸਨੀਕ ਸੀ। ਵੀਰਵਾਰ ਦੇਰ ਸ਼ਾਮ ਛਾਤੀ 'ਚ ਤੇਜ਼ ਦਰਦ ਦੀ ਸ਼ਿਕਾਇਤ ਤੋਂ ਬਾਅਦ ਉਸ ਨੂੰ ਨੇੜਲੇ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।

## ਭਾਰਤ ਬੰਦ ਦਾ ਮਿਲਿਆ-ਜੁਲਿਆ ਅਸਰ

# ਬੱਸ ਅੱਡਿਆਂ 'ਤੇ ਛਾਇਆ ਸੰਨਾਟਾ, ਰੇਲਵੇ ਸਟੇਸ਼ਨ 'ਤੇ ਹਾਲਾਤ ਆਮ

**ਜਲੰਧਰ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸੰਯੁਕਤ ਕਿਸਾਨ ਮੋਰਚਾ ਅਤੇ ਰਾਸ਼ਟਰੀ ਟਰੇਡ ਯੂਨੀਅਨਾਂ ਵੱਲੋਂ ਅੱਜ ਭਾਰਤ ਬੰਦ ਦਾ ਐਲਾਨ ਕੀਤਾ ਗਿਆ ਹੈ। ਉਥੇ ਹੀ ਪੰਜਾਬ ਰੋਡਵੇਜ, ਪੀ. ਆਰ. ਟੀ. ਸੀ. ਅਤੇ ਪਨਬੱਸ ਵੱਲੋਂ ਵੀ ਕਿਸਾਨਾਂ ਦਾ ਸਮਰਥਨ ਕਰਦੇ ਹੋਏ ਸੂਬੇ ਭਰ ਵਿਚ ਅੱਜ ਸਰਕਾਰੀ ਬੱਸਾਂ ਨਾਲ ਚਲਾਉਣ ਫ਼ੈਸਲਾ ਕੀਤਾ ਗਿਆ ਹੈ। ਭਾਰਤ ਬੰਦ ਦੀ ਦਿੱਤੀ ਗਈ ਕਾਲ ਦਾ ਰਲਿਆ-ਮਿਲਿਆ ਅਸਰ ਪੰਜਾਬ ਵਿਚ ਵੀ ਵੇਖਣ ਨੂੰ ਮਿਲਿਆ ਹੈ। ਸਰਕਾਰੀ ਬੱਸਾਂ ਬੰਦ ਹੋਣ ਕਰਕੇ ਜਲੰਧਰ ਦੇ ਬੱਸ ਸਟੈਂਡ 'ਤੇ ਸੰਨਾਟਾ ਛਾਇਆ ਰਿਹਾ, ਉਥੇ ਹੀ ਯਾਤਰੀਆਂ ਨੂੰ ਭਾਰੀ ਪਰੇਸ਼ਾਨੀ ਦਾ ਵੀ ਸਾਹਮਣਾ ਕਰਨਾ ਪੈ ਰਿਹਾ ਹੈ। ਪੀ. ਏ. ਪੀ. ਚੌਂਕ ਦੇ ਲਾਗੇ ਮੇਨ ਹਾਈਵੇਅ ਬੰਦ ਹੋਣ ਕਾਰਨ ਵੀ ਪਰੇਸ਼ਾਨੀ ਝਲਣੀ ਪਈ ਹੈ। ਇਸ ਦੇ ਨਾਲ ਹੀ ਜਲੰਧਰ ਵਿਖੇ ਕੁਝ ਦੁਕਾਨਾਂ ਵੀ ਬੰਦ ਰਹੀਆਂ ਹਨ। ਕਿਸਾਨਾਂ ਦੇ ਭਾਰਤ ਬੰਦ ਦੀ ਕਾਲ ਦਾ ਅਸਰ ਰੇਲਵੇ ਸਟੇਸ਼ਨ 'ਤੇ ਨਹੀਂ ਵੇਖਣ ਨੂੰ ਮਿਲਿਆ। ਜਲੰਧਰ ਦੇ ਰੇਲਵੇ ਸਟੇਸ਼ਨ ਤੋਂ ਰੋਜ਼ਾਨਾ ਵਾਂਗ ਟਰੇਨਾਂ ਰਵਾਨਾ ਹੋ ਰਹੀਆਂ ਹਨ। ਇਥੇ ਹਾਲਾਤ ਆਮ ਵਰਗੇ ਹੀ ਹਨ। ਰੇਵਲੇ ਵਿਭਾਗ ਨੇ ਦੱਸਿਆ ਕਿ ਰੇਲਵੇ ਸਟੇਸ਼ਨ 'ਤੇ ਬੰਦ ਦਾ ਕੋਈ ਅਸਰ ਨਹੀਂ ਹੈ। ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਅਤੇ ਹੋਰ ਸਹਿਯੋਗੀ ਕਿਸਾਨ ਜਥੇਬੰਦੀਆਂ ਵੱਲੋਂ ਭੂਰ ਮੰਡੀ ਦੇ ਸਾਹਮਣੇ ਪੀ. ਏ. ਪੀ. ਚੌਂਕ ਦੇ ਲਾਗੇ ਮੇਨ ਹਾਈਵੇਅ 'ਤੇ ਲਗਾਏ ਗਏ ਧਰਨੇ ਦੀ ਸ਼ਾਮ 4 ਵਜੇ ਸਮਾਪਤੀ ਕਰ ਦਿੱਤੀ ਗਈ ਹੈ। ਇਹ ਧਰਨਾ ਸਵੇਰੇ 9 ਵਜੇ ਕਿਸਾਨਾਂ ਵੱਲੋਂ ਸ਼ੁਰੂ ਕੀਤਾ ਗਿਆ ਸੀ। ਇਸ ਧਰਨੇ ਦੀ ਅਗਵਾਈ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਮਨਦੀਪ ਸਿੰਘ ਸਮਰਾ ਅਤੇ ਮੁੱਖ ਬੁਲਾਰੇ ਜਥੇਦਾਰ ਕਸ਼ਮੀਰ ਸਿੰਘ ਜੰਡਿਆਲਾ ਵੱਲੋਂ ਕੀਤੀ ਗਈ। ਕਿਸਾਨਾਂ ਦੇ ਧਰਨੇ ਦੀ ਸਮਾਪਤੀ ਤੋਂ ਬਾਅਦ ਮੇਨ ਹਾਈਵੇਅ ਖੁੱਲ੍ਹ ਗਿਆ ਹੈ। ਆਵਾਜਾਈ ਚੱਲ ਪਈ ਹੈ। ਲੋਹੀਆਂ ਸ਼ਹਿਰ ਮੁਕੰਮਲ ਬੰਦ ਰਿਹਾ। ਲੋਹੀਆਂ ਦਾ ਮੇਨ ਬਜ਼ਾਰ, ਰੇਲਵੇ ਰੋਡ, ਸ਼ਹੀਦ ਭਗਤ ਸਿੰਘ ਚੌਂਕ ਮਾਰਕੀਟ, ਸ਼ਹੀਦ ਉਧਮ ਸਿੰਘ ਚੌਂਕ ਮਾਰਕੀਟ, ਵਿਸ਼ਵਕਰਮਾਂ ਮਾਰਕੀਟ ਅਤੇ ਟੀ-ਪੁਆਇੰਟ ਪੂਰੀ ਤਰਾਂ ਨਾਲ ਬੰਦ ਰਹੇ। ਜਦਕਿ ਲੋਹੀਆਂ-ਮਲਸੀਆਂ ਰੋਡ ਅਤੇ ਲੋਹੀਆਂ-ਮਖੂ ਰੋਡ 'ਤੇ ਪੂਰੀ ਤਰ੍ਹਾਂ ਜਾਮ ਕਰ ਦਿੱਤੇ।



## ਸ਼ੰਭੂ ਬਾਰਡਰ 'ਤੇ ਫਿਰ ਭਾਰੀ ਹੰਗਾਮਾ, ਕਿਸਾਨਾਂ 'ਤੇ ਪੁਲਿਸ ਨੇ ਦਾਗੇ ਅੱਥਰੂ ਗੈਸ ਦੇ ਗੋਲੇ

**ਚੰਡੀਗੜ੍ਹ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ-ਹਰਿਆਣਾ ਦੀ ਸ਼ੰਭੂ ਸਰਹੱਦ 'ਤੇ ਤਣਾਅ ਜਾਰੀ ਹੈ। ਜਿੱਥੇ ਪੁਲਿਸ ਨੇ ਸ਼ੁੱਕਰਵਾਰ (16 ਫਰਵਰੀ) ਨੂੰ ਦਿੱਲੀ ਵੱਲ ਵਧਣ ਦੀ ਕੋਸ਼ਿਸ਼ ਕਰ ਰਹੇ ਕਿਸਾਨਾਂ 'ਤੇ ਅੱਥਰੂ ਗੈਸ ਦੇ ਗੋਲੇ ਦਾਗੇ। ਇਨ੍ਹਾਂ ਕਿਸਾਨਾਂ ਨੇ 'ਦਿੱਲੀ ਚੱਲੋ' ਦਾ ਨਾਅਰਾ ਦਿੱਤਾ ਹੈ ਅਤੇ ਪਿਛਲੇ ਚਾਰ ਦਿਨਾਂ ਤੋਂ ਸ਼ੰਭੂ ਸਰਹੱਦ 'ਤੇ ਡਟੇ ਹੋਏ ਹਨ। ਕਿਸਾਨਾਂ ਨੇ ਮੰਗਲਵਾਰ (13 ਫਰਵਰੀ) ਨੂੰ ਦਿੱਲੀ ਵੱਲ ਆਪਣਾ ਮਾਰਚ ਸ਼ੁਰੂ ਕੀਤਾ, ਪਰ ਦਿੱਲੀ ਅਤੇ ਹਰਿਆਣਾ ਵਿਚਕਾਰ ਸ਼ੰਭੂ ਅਤੇ ਖਨੌਰੀ ਸਰਹੱਦਾਂ 'ਤੇ ਸੁਰੱਖਿਆ ਕਰਮਚਾਰੀਆਂ ਨੇ ਉਨ੍ਹਾਂ ਨੂੰ ਰੋਕ ਦਿੱਤਾ। ਕਿਸਾਨਾਂ ਨਾਲ ਸੁਲ੍ਹਾ ਕਰਨ ਨੂੰ ਲੈ ਕੇ ਸਰਕਾਰ ਅਤੇ ਜਥੇਬੰਦੀਆਂ ਦਰਮਿਆਨ ਤਿੰਨ ਦੌਰ ਦੀਆਂ ਮੀਟਿੰਗਾਂ ਹੋ ਚੁੱਕੀਆਂ ਹਨ ਪਰ ਕੋਈ ਨਤੀਜਾ ਨਹੀਂ ਨਿਕਲ ਸਕਿਆ। ਕਿਸਾਨ ਆਗੂਆਂ ਅਤੇ ਕੇਂਦਰੀ ਮੰਤਰੀਆਂ ਵਿਚਾਲੇ ਵੀਰਵਾਰ ਨੂੰ ਚੰਡੀਗੜ੍ਹ ਵਿੱਚ ਤੀਜੇ ਦੌਰ ਦੀ ਗੱਲਬਾਤ ਹੋਈ। ਹੁਣ ਦੋਵਾਂ ਧਿਰਾਂ ਵਿਚਾਲੇ 18 ਫਰਵਰੀ ਨੂੰ ਮੀਟਿੰਗ ਹੋਵੇਗੀ।

**400 ਤੋਂ ਵੱਧ ਕਿਸਾਨ ਹੋਏ ਜ਼ਖ਼ਮੀ :** ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਦਾਅਵਾ ਕੀਤਾ ਹੈ ਕਿ ਕਿਸਾਨ ਅੰਦੋਲਨ ਵਿੱਚ ਹੁਣ ਤੱਕ 400 ਤੋਂ ਵੱਧ ਕਿਸਾਨ ਜ਼ਖ਼ਮੀ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸਾਡੇ ਖ਼ਿਲਾਫ਼ ਪੂਰੀ ਤਾਕਤ ਵਰਤੀ ਜਾ ਰਹੀ ਹੈ। ਅਸੀਂ ਸਰਕਾਰ ਕੋਲ ਇਹ ਮੁੱਦਾ ਉਠਾਇਆ ਹੈ। ਸਾਡੇ ਸੋਸ਼ਲ ਮੀਡੀਆ ਹੈਂਡਲ ਬੰਦ ਕੀਤੇ ਜਾ ਰਹੇ ਹਨ। ਸਾਨੂੰ ਦੇਸ਼ ਵਿਰੋਧੀ ਕਿਹਾ ਜਾ ਰਿਹਾ ਹੈ। ਸਾਡੇ 70 ਯੂਟਿਊਬ ਚੈਨਲ ਬੰਦ ਕਰ ਦਿੱਤੇ ਗਏ ਹਨ। ਸਰਕਾਰ ਸਾਡੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਅਸੀਂ ਦਿੱਲੀ ਜਾਣ ਦੇ ਆਪਣੇ ਫੈਸਲੇ 'ਤੇ ਕਾਇਮ ਹਾਂ।

ਦੱਸ ਦਈਏ ਕਿ ਸ਼ੰਭੂ ਸਰਹੱਦ 'ਤੇ ਸੁਰੱਖਿਆ ਬਲਾਂ ਨੇ ਕਿਸਾਨਾਂ ਉਪਰ ਅੰਨ੍ਹਾ ਤਸ਼ੱਦਦ ਢਾਹਿਆ ਗਿਆ। ਇਹ ਖੁਲਾਸਾ ਜ਼ਖ਼ਮੀਆਂ ਦੇ ਇਲਾਜ ਦੌਰਾਨ ਹੋਇਆ ਹੈ। ਜ਼ਖ਼ਮੀਆਂ ਨੂੰ ਲੱਗੀਆਂ ਸੱਟਾਂ ਬਿਆਨ ਕਰ ਰਹੀਆਂ ਹਨ ਕਿ ਸੁਰੱਖਿਆ ਬਲਾਂ ਨੇ ਕਿਸਾਨਾਂ ਨੂੰ ਰੋਕਣ ਲਈ ਸਾਰੀਆਂ ਹੱਦਾਂ ਪਾਰ ਕੀਤੀਆਂ। ਹਰਿਆਣਾ ਪੁਲਿਸ ਤੇ ਅਰਧ ਸੈਨਿਕ ਬਲਾਂ ਨੇ ਕਿਸਾਨਾਂ ਉਪਰ ਅੰਨ੍ਹੇਵਾਹ ਗੈਸ ਦੇ ਗੋਲੇ ਦਾਗੇ ਗਏ ਤੇ ਪੈਲੇਟ ਗੰਨ ਨਾਲ ਫਾਇਰੰਗ ਕੀਤੀ ਗਈ।

## ਮੈਦਾਨ 'ਚ ਨਿੱਤਰੀ ਉਗਰਾਹਾਂ ਜਥੇਬੰਦੀ, ਘੇਰੇਗੀ ਭਾਜਪਾ ਲੀਡਰਾਂ ਦੇ ਘਰ, ਟੋਲ ਪਲਾਜ਼ੇ ਵੀ ਕੀਤੇ ਜਾਣਗੇ ਮੁਫ਼ਤ



**ਚੰਡੀਗੜ੍ਹ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕੱਲ੍ਹ ਤੋਂ ਪੰਜਾਬ ਵਿੱਚ ਭਾਜਪਾ ਦੇ ਤਿੰਨ ਵੱਡੇ ਆਗੂਆਂ ਦੇ ਘਰਾਂ ਦਾ ਘਿਰਾਓ ਕੀਤਾ ਜਾਵੇਗਾ ਜਿਸ ਵਿੱਚ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਭਾਜਪਾ ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਅਤੇ ਭਾਜਪਾ ਆਗੂ ਕੇਵਲ ਸਿੰਘ ਢਿੱਲੋਂ ਦੇ ਘਰ ਸ਼ਾਮਲ ਹਨ। ਇਸ ਨੂੰ ਲੈ ਕੇ ਜੋਗਿੰਦਰ ਸਿੰਘ ਉਗਰਾਹਾਂ ਨੇ ਕਿਹਾ ਕਿ 24 ਫਰਵਰੀ ਨੂੰ ਚੰਡੀਗੜ੍ਹ ਮੋਰਚਾ ਲਾਉਣ ਦਾ ਫੈਸਲਾ ਵਾਪਸ ਲਿਆ ਹੈ। ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦਾ ਸੱਦਾ ਆਉਣ ਤੱਕ ਉਹ ਭਾਰਤੀ ਜਨਤਾ ਪਾਰਟੀ ਦੇ ਤਿੰਨ ਮੁੱਖ ਆਗੂ ਸੁਨੀਲ ਜਾਖੜ, ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਤੇ ਕੇਵਲ ਢਿੱਲੋਂ ਦੇ ਘਰਾਂ ਬਾਹਰ 2 ਦਿਨ ਧਰਨੇ ਲਾਏ ਜਾਣਗੇ। ਇਸ ਤੋਂ ਇਲਾਵਾ ਪੰਜਾਬ ਦੇ ਸਾਰੇ ਟੋਲ ਪਲਾਜ਼ੇ ਮੁਫ਼ਤ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸ਼ੰਭੂ ਤੇ ਖਨੌਰੀ ਸਰੱਹਦ ਉੱਤੇ ਸੰਘਰਸ਼ ਕਰ ਰਹੇ ਸਾਥੀਆਂ ਨੂੰ ਸੁਨੇਹਾ ਦਿੱਤਾ ਹੈ ਕਿ ਉਹ ਉਨ੍ਹਾਂ ਦਾ ਸਾਥ ਦੇਣਗੇ। ਜ਼ਿਕਰ ਕਰ ਦਈਏ ਕਿ ਪੰਜਾਬ-ਹਰਿਆਣਾ ਦੀ ਸ਼ੰਭੂ ਸਰਹੱਦ 'ਤੇ ਤਣਾਅ ਜਾਰੀ ਹੈ। ਜਿੱਥੇ ਪੁਲਿਸ ਨੇ ਸ਼ੁੱਕਰਵਾਰ (16 ਫਰਵਰੀ) ਨੂੰ ਦਿੱਲੀ ਵੱਲ ਵਧਣ ਦੀ ਕੋਸ਼ਿਸ਼ ਕਰ ਰਹੇ ਕਿਸਾਨਾਂ 'ਤੇ ਅੱਥਰੂ ਗੈਸ ਦੇ ਗੋਲੇ ਦਾਗੇ। ਇਨ੍ਹਾਂ ਕਿਸਾਨਾਂ ਨੇ 'ਦਿੱਲੀ ਚੱਲੋ' ਦਾ ਨਾਅਰਾ ਦਿੱਤਾ ਹੈ ਅਤੇ ਪਿਛਲੇ ਚਾਰ ਦਿਨਾਂ ਤੋਂ ਸ਼ੰਭੂ ਸਰਹੱਦ 'ਤੇ ਡਟੇ ਹੋਏ ਹਨ। ਕਿਸਾਨਾਂ ਨੇ ਮੰਗਲਵਾਰ (13 ਫਰਵਰੀ) ਨੂੰ ਦਿੱਲੀ ਵੱਲ ਆਪਣਾ ਮਾਰਚ ਸ਼ੁਰੂ ਕੀਤਾ, ਪਰ ਦਿੱਲੀ ਅਤੇ ਹਰਿਆਣਾ ਵਿਚਕਾਰ ਸ਼ੰਭੂ ਅਤੇ ਖਨੌਰੀ ਸਰਹੱਦਾਂ 'ਤੇ ਸੁਰੱਖਿਆ ਕਰਮਚਾਰੀਆਂ ਨੇ ਉਨ੍ਹਾਂ ਨੂੰ ਰੋਕ ਦਿੱਤਾ। ਕਿਸਾਨਾਂ ਨਾਲ ਸੁਲ੍ਹਾ ਕਰਨ ਨੂੰ ਲੈ ਕੇ ਸਰਕਾਰ ਅਤੇ ਜਥੇਬੰਦੀਆਂ ਦਰਮਿਆਨ ਤਿੰਨ ਦੌਰ ਦੀਆਂ ਮੀਟਿੰਗਾਂ ਹੋ ਚੁੱਕੀਆਂ ਹਨ ਪਰ ਕੋਈ ਨਤੀਜਾ ਨਹੀਂ ਨਿਕਲ ਸਕਿਆ। ਕਿਸਾਨ ਆਗੂਆਂ ਅਤੇ ਕੇਂਦਰੀ ਮੰਤਰੀਆਂ ਵਿਚਾਲੇ ਵੀਰਵਾਰ ਨੂੰ ਚੰਡੀਗੜ੍ਹ ਵਿੱਚ ਤੀਜੇ ਦੌਰ ਦੀ ਗੱਲਬਾਤ ਹੋਈ। ਹੁਣ ਦੋਵਾਂ ਧਿਰਾਂ ਵਿਚਾਲੇ 18 ਫਰਵਰੀ ਨੂੰ ਮੀਟਿੰਗ ਹੋਵੇਗੀ। ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਦਾਅਵਾ ਕੀਤਾ ਹੈ ਕਿ ਕਿਸਾਨ ਅੰਦੋਲਨ ਵਿੱਚ ਹੁਣ ਤੱਕ 400 ਤੋਂ ਵੱਧ ਕਿਸਾਨ ਜ਼ਖ਼ਮੀ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸਾਡੇ ਖ਼ਿਲਾਫ਼ ਪੂਰੀ ਤਾਕਤ ਵਰਤੀ ਜਾ ਰਹੀ ਹੈ। ਅਸੀਂ ਸਰਕਾਰ ਕੋਲ ਇਹ ਮੁੱਦਾ ਉਠਾਇਆ ਹੈ। ਸਾਡੇ ਸੋਸ਼ਲ ਮੀਡੀਆ ਹੈਂਡਲ ਬੰਦ ਕੀਤੇ ਜਾ ਰਹੇ ਹਨ। ਸਾਨੂੰ ਦੇਸ਼ ਵਿਰੋਧੀ ਕਿਹਾ ਜਾ ਰਿਹਾ ਹੈ। ਸਾਡੇ 70 ਯੂਟਿਊਬ ਚੈਨਲ ਬੰਦ ਕਰ ਦਿੱਤੇ ਗਏ ਹਨ। ਸਰਕਾਰ ਸਾਡੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਅਸੀਂ ਦਿੱਲੀ ਜਾਣ ਦੇ ਆਪਣੇ ਫੈਸਲੇ 'ਤੇ ਕਾਇਮ ਹਾਂ।

ਆਵਾਜ਼ਿ ਕੌਮ

Daily Newspaper from U.K.

Publisher/Chief Editor

Raghbir Singh Walsal

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


## ਸੀਬੀਆਈ ਦਾ ਵੱਡਾ ਐਕਸ਼ਨ, ਜਲੰਧਰ 'ਚ ਪਾਸਪੋਰਟ ਦਫ਼ਤਰ ਦੇ 3 ਅਧਿਕਾਰੀ ਗ੍ਰਿਫ਼ਤਾਰ, 25 ਲੱਖ ਰੁਪਏ ਬਰਾਮਦ




**ਜਲੰਧਰ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵਿਖੇ ਕੇਂਦਰੀ ਜਾਂਚ ਬਿਊਰੋ ਨੇ ਇਕ ਸ਼ਿਕਾਇਤ 'ਤੇ ਪਾਸਪੋਰਟ ਜਾਰੀ ਕਰਨ ਸਬੰਧੀ ਰਿਸ਼ਵਤ ਮਾਮਲੇ 'ਚ ਵੱਡੀ ਕਾਰਵਾਈ ਕੀਤੀ ਹੈ। ਸੀ. ਬੀ. ਆਈ. ਸਰਚ ਮੁਹਿੰਮ ਦੌਰਾਨ ਪਾਸਪੋਰਟ ਦਫ਼ਤਰ ਦੇ ਤਿੰਨ ਵੱਡੇ ਅਧਿਕਾਰੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਨ੍ਹਾਂ ਵਿਚ ਖੇਤਰੀ ਪਾਸਪੋਰਟ ਅਧਿਕਾਰੀ (ਆਰ. ਪੀ. ਓ.) ਅਤੇ ਦੋ ਸਹਾਇਕ ਪਾਸਪੋਰਟ ਅਧਿਕਾਰੀ (ਸਹਾਇਕ ਪਾਸਪੋਰਟ ਅਫ਼ਸਰ) ਸ਼ਾਮਲ ਹਨ। ਇਨ੍ਹਾਂ ਦੇ ਕੋਲੋਂ ਕਰੀਬ 25 ਲੱਖ ਰੁਪਏ ਬਰਾਮਦ ਕੀਤੇ ਗਏ ਹਨ। ਸੀ. ਬੀ. ਆਈ. ਨੇ ਇਕ ਸ਼ਿਕਾਇਤ 'ਤੇ ਖੇਤਰੀ ਪਾਸਪੋਰਟ ਦਫ਼ਤਰ ਜਲੰਧਰ ਦੇ ਇਕ ਸਹਾਇਕ ਪਾਸਪੋਰਟ ਅਧਿਕਾਰੀ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਇਹ ਦੋਸ਼ ਲਗਾਇਆ ਗਿਆ ਸੀ ਕਿ ਸ਼ਿਕਾਇਤ ਕਰਤਾ ਨੇ ਆਪਣੀ ਪੋਤਰੀ ਅਤੇ ਪੋਤਰੇ ਸੰਬੰਧ 'ਚ ਨਵੇਂ ਪਾਸਪੋਰਟ ਲਈ ਬਿਨੇਕਾਰ ਦਿੱਤਾ ਸੀ। ਜਦੋਂ ਸ਼ਿਕਾਇਤ ਕਰਤਾ ਉਕਤ ਦੋਵੇਂ ਪਾਸਪੋਰਟਾਂ ਦੀ ਸਥਿਤੀ ਦੀ ਜਾਂਚ ਲਈ ਦੋਸ਼ੀ ਏ. ਪੀ. ਓ. (ਸਹਾਇਕ ਪਾਸਪੋਰਟ ਅਫ਼ਸਰ) ਨੂੰ ਮਿਲਿਆ ਤਾਂ ਮੁਲਜ਼ਮ ਨੇ ਪਾਸਪੋਰਟ ਜਾਰੀ ਕਰਨ ਲਈ ਕਥਿਤ ਤੌਰ 'ਤੇ 25 ਹਜ਼ਾਰ ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ। ਅੱਗੇ ਦੋਸ਼ ਲਾਇਆ ਕਿ ਮੁਲਜ਼ਮ ਨੇ ਸ਼ਿਕਾਇਤ ਕਰਤਾ ਨੂੰ ਸੂਚਿਤ ਕੀਤਾ ਕਿ ਰਿਸ਼ਵਤ ਦੀ ਰਕਮ ਆਰ. ਪੀ. ਓ. ਅਤੇ ਇਕ ਹੋਰ ਏ. ਪੀ. ਓ. ਦੇ ਹੁਕਮਾਂ 'ਤੇ ਸਵੀਕਾਰ ਕੀਤੀ ਜਾਂਦੀ ਹੈ ਅਤੇ ਇਸ ਨੂੰ ਉਨ੍ਹਾਂ ਵਿਚਾਲੇ ਸਾਂਝਾ ਕੀਤਾ ਜਾਂਦਾ ਹੈ। ਸੀ. ਬੀ. ਆਈ. ਨੇ ਜਾਲ ਵਿਛਾ ਕੇ ਦੋਸ਼ੀ ਏ. ਪੀ. ਓ. ਨੂੰ 25 ਹਜ਼ਾਰ ਰੁਪਏ ਦੀ ਰਿਸ਼ਵਤ ਮੰਗਦੇ ਅਤੇ ਸਵੀਕਾਰ ਕਰਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ। ਇਸ ਦੇ ਬਾਅਦ ਖੇਤਰੀ ਪਾਸਪੋਰਟ ਦਫ਼ਤਰ ਜਲੰਧਰ ਦੇ ਆਰ. ਪੀ. ਓ. ਅਤੇ ਇਕ ਹੋਰ ਏ. ਪੀ. ਓ. ਨੂੰ ਵੀ ਗ੍ਰਿਫ਼ਤਾਰ ਕਰ ਲਿਆ। ਦੋਸ਼ੀ ਵਿਅਕਤੀਆਂ ਦੀ ਰਿਹਾਇਸ਼ ਅਤੇ ਦਫ਼ਤਰ ਕੰਪਲੈਕਸ ਵਿਚ ਤਲਾਸ਼ੀ ਲਈ ਜਾ ਰਹੀ ਹੈ। ਹੁਣ ਤੱਕ ਲਗਭਗ 25 ਲੱਖ ਰੁਪਏ ਕੈਸ਼ ਅਤੇ ਇਤਰਾਜ਼ਯੋਗ ਦਸਤਾਵੇਜ਼ ਜ਼ਬਤ ਕੀਤੇ ਗਏ ਹਨ। ਬਾਕੀ ਮਾਮਲੇ ਦੀ ਜਾਂਚ ਜਾਰੀ ਹੈ। ਗ੍ਰਿਫ਼ਤਾਰ ਕੀਤੇ ਗਏ ਅਧਿਕਾਰੀਆਂ ਦੀ ਪਛਾਣ ਹਰੀ ਓਮ ਸਹਾਇਕ ਪਾਸਪੋਰਟ ਅਫ਼ਸਰ, ਆਰ. ਪੀ. ਓ ਜਲੰਧਰ (ਐੱਫ਼. ਆਈ. ਆਰ. ਨਾਮਜ਼ਦ ਮੁਲਜ਼ਮ), ਅਨੂਪ ਸਿੰਘ, ਖੇਤਰੀ ਪਾਸਪੋਰਟ ਅਫ਼ਸਰ, ਜਲੰਧਰ, ਸੰਜੇ ਸ਼੍ਰੀਵਾਸਤਵ, ਸਹਾਇਕ ਪਾਸਪੋਰਟ ਅਫ਼ਸਰ, ਆਰ. ਪੀ. ਓ, ਜਲੰਧਰ ਵਜੋਂ ਹੋਈ ਹੈ।




ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਦੀ ਯੋਗ ਅਗਵਾਈ ‘ਚ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਦੁਨਿਆਵੀ ਵਿਦਿਆ ਲਈ ਨਗਰ ਮਹਿਤਾ ਚੌਂਕ ਵਿਖੇ ਚੱਲ ਰਹੇ ਵੱਖ ਵੱਖ ਅਦਾਰਿਆਂ ‘ਚ ਨਵੇਂ ਸਾਲ (2024) ਦੀਆਂ ਕਲਾਸਾਂ ਸ਼ੁਰੂ ਹਨ । ਨਵੇਂ ਵਿਦਿਆਰਥੀ ਦਾਖਲੇ ਲੈ ਕੇ ਦੁਨਿਆਵੀ ਅਤੇ ਧਾਰਮਿਕ ਵਿਦਿਆ ਪ੍ਰਾਪਤ ਕਰੋ ਜੀ।




### ਗੁਰਦੁਆਰਾ ਦਾਦੂ ਸਾਹਿਬ ਵਿਖੇ

# 18 ਫਰਵਰੀ ਨੂੰ ਹੋਣਗੇ ਸਲਾਨਾ ਸਮਾਗਮ ਅਤੇ 21 ਸੁਭਾਗੇ ਜੋੜਿਆਂ ਦੇ ਆਨੰਦ ਕਾਰਜ - ਜਥੇਦਾਰ ਦਾਦੂਵਾਲ



ਚੰਡੀਗੜ੍ਹ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)-ਹਰਿਆਣਾ ਦੇ ਜ਼ਿਲਾ ਸਿਰਸਾ ਵਿਖੇ ਸਥਿਤ ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਦੇਸ਼ ਵਿਦੇਸ਼ ਵਿੱਚ ਧਰਮ ਪ੍ਰਚਾਰ ਦਾ ਕੇਂਦਰ ਹੈ ਜਿਸ ਅਸਥਾਨ ਤੋਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸੰਨ 1997 ਵਿੱਚ ਗੁਰਬਾਣੀ ਧਰਮ ਪ੍ਰਚਾਰ ਪ੍ਰਸਾਰ ਅੰਮ੍ਰਿਤ ਸੰਚਾਰ ਦੀ ਲਹਿਰ ਸ਼ੁਰੂ ਕੀਤੀ ਅਤੇ ਸੰਸਾਰ ਦੇ 20-25 ਮੁਲਖਾਂ ਵਿੱਚ ਜਾ ਕੇ ਗੁਰਬਾਣੀ ਗੁਰਮਤਿ ਦਾ ਪ੍ਰਚਾਰ ਪ੍ਰਸਾਰ ਕੀਤਾ ਗੁਰਦੁਆਰਾ ਦਾਦੂ ਸਾਹਿਬ ਵਿਖੇ ਹਰ ਸਾਲ ਕਿਸੇ ਮਹਾਨ ਸਿੱਖ ਸ਼ਖਸ਼ੀਅਤ ਨੂੰ ਸਮਰਪਿਤ ਸਲਾਨਾ ਗੁਰਮਤਿ ਸਮਾਗਮ ਕੀਤੇ ਜਾਂਦੇ ਹਨ ਜਿਸ ਵਿੱਚ ਦੇਸ਼ ਪਰਦੇਸ਼ ਅਤੇ ਇਲਾਕੇ ਦੀਆਂ ਸਿੱਖ ਸੰਗਤਾਂ ਵੱਡੀ ਗਿਣਤੀ ਵਿੱਚ ਹਾਜਰੀ ਭਰਦੀਆਂ ਹਨ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਮੈਂਬਰ ਅਤੇ ਸਾਬਕਾ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੀਡੀਆ ਨੂੰ ਜਾਣਕਾਰੀ ਦਿੰਦਿਆ ਦੱਸਿਆ ਕੇ ਇਸ ਸਾਲ ਇਹ ਸਮਾਗਮ ਧੰਨ ਧੰਨ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਮਹਾਨ ਸਾਥੀ ਸਿੱਖ ਭਾਈ ਮਰਦਾਨਾ ਜੀ ਦੀ ਯਾਦ ਨੂੰ ਸਮਰਪਿਤ ਕੀਤਾ ਜਾ ਰਿਹਾ ਹੈ ਜਿਸ ਵਿੱਚ 17 ਫਰਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਮਹਾਨ ਨਗਰ ਕੀਰਤਨ ਕੀਤਾ ਜਾਵੇਗਾ ਤੇ 18 ਫਰਵਰੀ ਦਿਨ ਐਤਵਾਰ ਨੂੰ ਸਵੇਰੇ 10 ਵਜੇ ਤੋਂ ਲੈ ਕੇ 3 ਵਜੇ ਤੱਕ ਕਥਾ ਕੀਰਤਨ ਦਰਬਾਰ ਅਤੇ 21 ਲੋੜਵੰਦ ਸੁਭਾਗੇ ਜੋੜਿਆਂ ਦੇ ਆਨੰਦ ਕਾਰਜ ਕੀਤੇ ਜਾਣਗੇ ਜਿਨਾ ਨੂੰ ਘਰ ਦੇ ਵਰਤੋਂ ਵਿਹਾਰ ਦਾ ਵਧੀਆ ਸਾਜ਼ੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ ਇਸ ਸਮਾਗਮ ਵਿੱਚ ਚਾਰ ਪ੍ਰਮੁੱਖ ਸਮਾਜਸੇਵੀ ਸ਼ਖਸ਼ੀਅਤਾਂ ਸਰਬੱਤ ਦਾ ਭਲਾ ਚੈਰੀਟੇਬਲ ਟਰਸੱਟ ਦੇ ਪ੍ਰਮੁੱਖ ਡਾਕਟਰ ਐਸ ਪੀ ਸਿੰਘ ਉਬਰਾਏ ਦੁਬਈ ਵਾਲੇ,ਅਜੇ ਸਿੰਘ ਜੁਨੇਜਾ ਫਰੀਦਾਬਾਦ,ਉਪਕਾਰ ਸਿੰਘ ਹੋਠੀ ਜਲੰਧਰ ਅਤੇ ਡਾਕਟਰ ਕੇਡੀ ਸਿੰਘ ਪਠਾਨਕੋਟ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ ਜਥੇਦਾਰ ਦਾਦੂਵਾਲ ਜੀ ਨੇ ਦੱਸਿਆ ਕਿ ਇਹ ਸਮਾਗਮ ਵਿੱਚ ਬੇਅੰਤ ਸੰਤ ਮਹਾਂਪੁਰਖ ਹਾਜ਼ਰੀ ਭਰਨਗੇ ਅਤੇ 21ਸੁਭਾਗੇ ਜੋੜਿਆਂ ਨੂੰ ਅਸ਼ੀਰਵਾਦ ਦੇਣਗੇ

ਆਵਾਜ਼ਿ ਕੌਮ AWAZE QAUM International Newspaper & WEB TV








ਬਾਬਾ ਚਮਕੌਰ ਸਿੰਘ ਭਾਈ ਰੂਪਾ ਵੱਲੋ ਪੰਜਗਰਾਈ ਦੇ ਗੁਰਦੁਆਰਾ ਸਾਹਿਬ ਚ ਰੱਖੇ ਧਾਰਮਿਕ ਸਮਾਗਮ ਚ ਭਾਈ ਗੁਰਦੀਪ ਸਿੰਘ ਬਠਿੰਡਾ, ਭਾਈ ਬਲਵਿੰਦਰ ਸਿੰਘ , ਬਾਬਾ ਮਨਪ੍ਰੀਤ ਸਿੰਘ ਫਰੀਦਕੋਟ, ਰਮਨਦੀਪ ਸਿੰਘ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

**ਜਾਰੀ ਕਰਤਾ- ਭਾਈ ਅਮਨਦੀਪ ਸਿੰਘ ਜਲੰਧਰ**


ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi


ਗਤਕਾ ਸਿੱਖੋ Learn Gatka

www.damdamitaksal.net



ਸਾਬਤ ਸੂਰਤਿ ਦਸਤਾਰ ਸਿਰਾ

ਦਸਤਾਰਾਂ ਹੀ ਦਸਤਾਰਾਂ


ਰੰਧਾਵਾ ਪਗੜੀ ਸੈਂਟਰ

ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।





✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446



ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work

Vaillant APPROVED INSTALLER
WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਦੇਗ ਤੇਗ ਫਤਹਿ॥ ਸ੍ਰੀ ਵਾਹਿਗੁਰੂ ਜੀ ਕੀ ਫਤਹਿ॥ ਪੰਥ ਕੀ ਜੀਤ॥

# ਧੰਨ-ਧੰਨ 108
# ਸ੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਦਾ ਜਨਮ ਦਿਹਾੜਾ
# ਮਿਤੀ 16, 17, 18 ਫ਼ਰਵਰੀ 2024 ਨੂੰ

ਗੁਰਦਵਾਰਾ ਸਾਹਿਬ ਬਾਬਾ ਸੰਗ ਜੀ ਸਮੇਦਿਕ (ਬਰਮਿੰਘਮ) ਵਿਖੇ ਮਨਾਇਆ ਜਾ ਰਿਹਾ ਹੈ।



## ਵਿਸ਼ੇਸ਼ ਪ੍ਰੋਗਰਾਮ:

16-2-2024 ਦਿਨ ਸ਼ੁਕਰਵਾਰ
ਅਰੰਭ ਦੋ ਸ੍ਰੀ ਅਖੰਡ ਪਾਠ ਸਾਹਿਬ ਜੀ 11 ਵਜੇ ਸਵੇਰੇ।
18-2-2024 ਦਿਨ ਐਤਵਾਰ
ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ।

16-17 ਫ਼ਰਵਰੀ ਨੂੰ 7 ਤੋਂ 8 ਵਜੇ ਤਕ ਸ਼ਾਮ ਦੇ ਦੀਵਾਨ ਸਜਣਗੇ
ਭੋਗ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ ਜਿਸ ਵਿਚ ਬੁਲਾਰੇ ਅਤੇ ਹੋਰ ਗੁਣੀ ਗਿਆਨੀ ਸੰਗਤਾਂ ਨੂੰ ਵਾਰਾਂ ਰਾਹੀਂ ਨਿਹਾਲ ਕਰਨਗੇ।
ਇਸ ਮੌਕੇ ਗੁਰੂ ਕਾ ਲੰਗਰ ਤਿੰਨੋ ਦਿਨ ਅਤੁੱਟ ਵਰਤੇਗਾ।
ਸਮੂਹ ਸੰਗਤ ਜੀ ਦੇ ਚਰਨਾਂ ਵਿਚ ਬੇਨਤੀ ਹੈ ਕਿ ਇਸ ਧਾਰਮਿਕ ਸਮਾਗਮ ਵਿਚ ਹੁੰਮ ਹੁੰਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**ਵਲੋਂ:-** ਸਮੂਹ ਸੰਗਤ ਅਤੇ ਨਗਰ ਨਿਵਾਸੀ ਪਿੰਡ ਬੱਲੋਵਾਲ (ਸ਼ਹੀਦ ਭਗਤ ਸਿੰਘ ਨਗਰ) ਅਤੇ ਗੁਰਦਵਾਰਾ ਬਾਬਾ ਸੰਗ ਜੀ ਸਮੈਦਿਕ (ਬਰਮਿੰਘਮ) ਦੀ ਪ੍ਰਬੰਧਕ ਕਮੇਟੀ।

# Gurdwara Baba Sang Ji

7-9 St. Pauls Road, Smethwick, Birmingham, West Midlands B66 1EE Tel: 0121 558 2681


ਗੁਰੂਘਰ ਦੇ ਮਹਾਨ ਸਿੱਖ ਭਾਈ ਮਰਦਾਨਾ ਜੀ ਦੀ ਯਾਦ ਨੂੰ ਸਮਰਪਿਤ
ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਮਹਾਨ ਸਿੱਖ ਭਾਈ ਮਰਦਾਨਾ ਜੀ
ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੀ ਸੁਚੱਜੀ ਦੇਖ ਰੇਖ ਹੇਠ
ਸਲਾਨਾ ਗੁਰਮਤਿ ਸਮਾਗਮ
21 ਲੋੜਵੰਦ ਪ੍ਰੀਵਾਰਾਂ ਦੀਆਂ ਲੜਕੀਆਂ ਦੇ ਵਿਆਹ
ਸਥਾਨ: ਗੁਰਦੁਆਰਾ ਸ਼੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜਿਲ੍ਹਾ ਸਿਰਸਾ (ਹਰਿਆਣਾ) ਵਿਖੇ
ਅਨੰਦ ਕਾਰਜ ਅਤੇ ਗੁਰਮਤਿ ਸਮਾਗਮ
ਮਿਤੀ 18 ਫਰਵਰੀ 2024
ਸਵੇਰੇ 10 ਤੋਂ ਸ਼ਾਮ 3 ਵਜੇ ਤੱਕ
ਸਭਾਗੀਆਂ 21 ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ
ਆਵਾਜ਼ਿ ਕੌਮ AWAZE QAUM International Newspaper & WEB TV
ਸਤਿਕਾਰਯੋਗ ਸੰਤ ਮਹਾਂਪੁਰਖ ਸਮਾਗਮ ਵਿੱਚ 21 ਸੁਭਾਗੇ ਜੋੜਿਆਂ ਨੂੰ ਅਸ਼ੀਰਵਾਦ ਦੇਣਗੇ
ਬਾਬਾ ਜਗਤਾਰ ਸਿੰਘ ਸਿਰਸਾ ਕਾਰ ਸੇਵਾ ਵਾਲੇ
ਬਾਬਾ ਅਮਰੀਕ ਸਿੰਘ ਕਾਰ ਸੇਵਾ ਪਟਿਆਲਾ ਵਾਲੇ
ਸੰਤ ਰਜਿੰਦਰ ਸਿੰਘ ਇਸਰਾਣਾ ਸਾਹਿਬ ਵਾਲੇ
ਸੰਤ ਸੁੱਖਾ ਸਿੰਘ ਮੁਖੀ ਸੰਪਰਦਾਇ ਸਰਹਾਲੀ ਸਾਹਿਬ
ਸੰਤ ਕਾਹਨ ਸਿੰਘ ਸੇਵਾਪੰਥੀ ਗੋਨਿਆਣਾ ਵਾਲੇ
ਸੰਤ ਹਾਕਮ ਸਿੰਘ ਸਰਹਾਲੀ ਸਾਹਿਬ ਵਾਲੇ
ਸੰਤ ਸੁੱਖਾ ਸਿੰਘ ਕਾਰ ਸੇਵਾ ਕਰਨਾਲ ਵਾਲੇ
ਸੰਤ ਮਨਮੋਹਨ ਸਿੰਘ ਬਾਰਨ ਵਾਲੇ
ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ
ਸੰਤ ਹਰੀ ਸਿੰਘ ਨਾਨਕਸਰ ਜੀਰੇ ਵਾਲੇ
ਸੰਤ ਪ੍ਰੀਤਮ ਸਿੰਘ ਰਾਜਪੁਰਾ ਵਾਲੇ
ਸੰਤ ਰਣਜੀਤ ਸਿੰਘ ਸੇਵਾਪੰਥੀ ਕਲਾਨੌਰ ਵਾਲੇ
ਸੰਤਰੇਨ ਬਾਬਾ ਲਖਬੀਰ ਸਿੰਘ ਲਲੌਂਡੇ ਵਾਲੇ
ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ਵਾਲੇ
ਬਾਬਾ ਭਗਵੰਤ ਸਿੰਘ ਢੀਂਡਸੇ ਵਾਲੇ
ਬਾਬਾ ਗੁਲਾਬ ਸਿੰਘ ਚਮਕੌਰ ਸਾਹਿਬ ਵਾਲੇ
ਬਾਬਾ ਗੁਰਪਾਲ ਸਿੰਘ ਚੋਰਮਾਰ ਵਾਲੇ
ਸੰਤ ਗੁਰਪਾਲ ਸਿੰਘ 18 ਐਫ ਰਾਜਸਥਾਨ ਵਾਲੇ
ਬਾਬਾ ਹਰਜਿੰਦਰ ਸਿੰਘ ਬਲਾਚੌਰ ਵਾਲੇ
ਸੰਤ ਸੁਖਦੇਵ ਸਿੰਘ ਨਾਨਕਸਰ ਪਟਿਆਲਾ ਵਾਲੇ
ਬਾਬਾ ਲਾਲ ਸਿੰਘ ਭੀਖੀ ਵਾਲੇ
ਬਾਬਾ ਜੀਵਨ ਸਿੰਘ ਚੁਨਾਗਰੇ ਵਾਲੇ
ਬਾਬਾ ਸੁਖਵਿੰਦਰ ਸਿੰਘ ਘੱਗਾ ਵਾਲੇ
ਬਾਬਾ ਨਾਇਬ ਸਿੰਘ ਬਹਾਦੁਰਗੜ੍ਹ ਵਾਲੇ
ਬਾਬਾ ਜਗਜੀਤ ਸਿੰਘ ਜੀ ਕਕਰਾਲੇ ਵਾਲੇ
ਬਾਬਾ ਜਗੀਰ ਸਿੰਘ ਕਾਹਨੂੰਵਾਨ ਛੰਭ ਵਾਲੇ
ਬਾਬਾ ਪ੍ਰਿਤਪਾਲ ਸਿੰਘ ਮਲੇਸ਼ੀਆ ਵਾਲੇ
ਬਾਬਾ ਗੁਰਪ੍ਰੀਤ ਸਿੰਘ ਮੋਹਲਗੜ੍ਹ ਵਾਲੇ
ਬਾਬਾ ਗੁਰਸੇਵਕ ਸਿੰਘ ਕਲਿਆਣ ਵਾਲੇ
ਬਾਬਾ ਸਰਬਜੋਤ ਸਿੰਘ ਪਟਿਆਲਾ ਵਾਲੇ
ਬਾਬਾ ਬਲਵਿੰਦਰ ਸਿੰਘ ਚਾਂਗਲੀ ਵਾਲੇ
ਬਾਬਾ ਦਰਸ਼ਨ ਸਿੰਘ ਟੌਹੜਾ ਮੁਲੇਪੁਰ ਵਾਲੇ
ਬਾਬਾ ਅਰਜਨ ਸਿੰਘ ਲਹਿਰੀ ਵਾਲੇ
ਬਾਬਾ ਕਰਤਾਰ ਸਿੰਘ ਤਿਲੋਕੇਵਾਲੇ
ਬਾਬਾ ਸਤਨਾਮ ਸਿੰਘ 34 ਸਿੰਘ ਸ਼ਹੀਦਾਂ ਵਾਲੇ
ਜਥੇਦਾਰ ਬਲਜੀਤ ਸਿੰਘ ਦਾਦੂਵਾਲ, ਚੇਅਰਮੈਨ, ਸੁੱਖ ਸੇਵਾ ਸਿਮਰਨ ਟਰੱਸਟ (ਰਜਿ) ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ: ਸੁਖ ਸੇਵਾ ਸਿਮਰਨ ਟਰੱਸਟ (ਰਜਿ.), ਪੰਥਕ ਸੇਵਾ ਲਹਿਰ ਦਾਦੂ ਸਾਹਿਬ ਜਥੇਬੰਦੀ ਅਤੇ ਸਮੂੰਹ ਸਾਧ ਸੰਗਤ ਦਾਦੂ ਸਾਹਿਬ ਸਿਰਸਾ ਹਰਿਆਣਾ | 93560-60960




## ਸ਼੍ਰੋਮਣੀ ਕਮੇਟੀ ਨੇ ਸ਼ੰਭੂ ਬਾਰਡਰ ’ਤੇ

# ਕਿਸਾਨ ਭਰਾਵਾਂ ਅਤੇ ਰਾਹਗੀਰਾਂ ਲਈ ਚਲਾਇਆ ਲੰਗਰ

### ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਲਾਛੜੂ ਸਮੇਤ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੀ ਟੀਮ ਪੁੱਜੀ

**ਪਟਿਆਲ਼ਾ, 16 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਸਾਨ ਭਰਾਵਾਂ ਲਈ ਪੰਜਾਬ-ਹਰਿਆਣਾ ਸਰਹੱਦ ਸ਼ੰਭੂ ਬਾਰਡਰ ਵਿਖੇ ਲੰਗਰ ਚਲਾਉਣ ਦੇ ਦਿਸ਼ਾ ਨਿਰਦੇਸ਼ ਦਿੱਤੇ, ਜਿਸ ਤਹਿਤ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਟਿਆਲ਼ਾ ਵੱਲੋਂ ਲੰਗਰ ਸੇਵਾ ਦੀ ਸ਼ੁਰੂਆਤ ਕੀਤੀ ਗਈ। ਇਸ ਦੌਰਾਨ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ ਅਤੇ ਜਥੇਦਾਰ ਜਰਨੈਲ ਸਿੰਘ ਕਰਤਾਰਪੁਰ ਅਤੇ ਹੋਰਨਾਂ ਨੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੀ ਸਮੁੱਚੀ ਟੀਮ ਨੂੰ ਲੈ ਕੇ ਕਿਸਾਨ ਭਰਾਵਾਂ ਅਤੇ ਰਾਹਗੀਰਾਂ ਲਈ ਲੰਗਰ ਸੇਵਾ ਸ਼ੁਰੂ ਕੀਤੀ। ਗੱਲਬਾਤ ਕਰਦਿਆਂ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ ਅਤੇ ਜਥੇਦਾਰ ਜਰਨੈਲ ਸਿੰਘ ਕਰਤਾਰਪੁਰ ਨੇ ਦੱਸਿਆ ਕਿ ਲੰਗਰ ਦੀ ਸ਼ੁਰੂਆਤ ਅਰਦਾਸ ਉਪਰੰਤ ਕੀਤੀ ਗਈ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਖੁਦ ਆਪਣੇ ਹੱਥਾਂ ਨਾਲ ਦਿੱਲੀ ਨੂੰ ਜਾਣ ਵਾਲੇ ਕਿਸਾਨ ਭਰਾਵਾਂ, ਸੰਗਤਾਂ ਅਤੇ ਰਾਹਗੀਰਾਂ ਨੂੰ ਲੰਗਰ ਛਕਾਉਣ ਦੀ ਸੇਵਾ ਕੀਤੀ। ਗੱਲਬਾਤ ਕਰਦਿਆਂ ਜਥੇਦਾਰ ਲਾਛੜੂ ਨੇ ਦੱਸਿਆ ਕਿ ਕੇਂਦਰ ਸਰਕਾਰ ਨੇ ਕਿਸਾਨ ਭਰਾਵਾਂ ਨਾਲ ਵਾਅਦਾ ਖਿਲਾਫ਼ੀ ਕੀਤੀ ਹੈ, ਜੋ ਹੁਣ ਆਪਣੀਆਂ ਅਧੂਰੀਆਂ ਰਹਿ ਗਈਆਂ ਮੰਗਾਂ ਮਨਵਾਉਣ ਲਈ ਦਿੱਲੀ ਜਾਣਾ ਚਾਹੁੰਦੇ ਹਨ। ਉਨ੍ਹਾਂ ਨੂੰ ਜਬਰ ਨਾਲ ਸ਼ੰਭੂ ਬਾਰਡਰ ’ਤੇ ਰੋਕ ਲਿਆ ਹੈ, ਜਿਸ ਨਾਲ ਲੋਕਤੰਤਰ ਦਾ ਵੱਡਾ ਘਾਣ ਸਾਹਮਣੇ ਆਇਆ ਹੈ। ਜਥੇਦਾਰ ਕਰਤਾਰਪੁਰ ਨੇ ਕਿਹਾ ਕਿ ਕਿਸਾਨਾਂ ਨਾਲ ਅਨਿਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਇਸ ਤਰ੍ਹਾਂ ਦਿੱਲੀ ਜਾਣ ਤੋਂ ਰੋਕਣਾ, ਅੱਥਰੂ ਗੈਸ ਦੇ ਗੋਲੇ ਸੁੱਟਣਾ, ਗੋਲੀਆਂ, ਕਾਰਤੂਸ ਮਾਰ ਕੇ ਕਿਸਾਨਾਂ ਨੂੰ ਜ਼ਖ਼ਮੀ ਕਰਨਾ ਅਣਮਨੁੱਖੀ ਵਰਤਾਰਾ ਹੈ, ਜੋ ਬੰਦ ਹੋਣਾ ਚਾਹੀਦਾ ਹੈ। ਇਸ ਮੌਕੇ ਮੈਨੇਜਰ ਜਰਨੈਲ ਸਿੰਘ ਮਕਰੌੜ ਸਾਹਿਬ, ਕੈਪਟਨ ਖੁਸ਼ਵੰਤ ਸਿੰਘ, ਪਲਵਿੰਦਰ ਸਿੰਘ ਰਿੰਕੂ, ਜੰਗ ਸਿੰਘ ਇਟਲੀ, ਲਖਵਿੰਦਰ ਸਿੰਘ, ਚਰਨਜੀਤ ਸਿੰਘ ਜਾਗਦੇ ਰਹੋ ਆਦਿ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ ਅਤੇ ਸਟਾਫ਼ ਮੈਂਬਰ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV











### ਸੰਘਰਸ਼ੀ ਯੋਧਿਆਂ ਦੇ 'ਐਕਸ' ਅਕਾਊਂਟ ਬੈਨ, ਜਦਕਿ

# ਪੰਜਾਬੀਆਂ ਖਿਲਾਫ਼ ਪ੍ਰਾਪੇਗੰਡਾ ਕਰਨ ਵਾਲਿਆਂ ਨੂੰ ਖੁੱਲ੍ਹੀ ਛੂਟ













ਕੇਂਦਰ ਸਰਕਾਰ ਵੱਲੋਂ ਕਿਸਾਨ ਪੱਖੀ ਸੋਸ਼ਲ ਮੀਡੀਆ ਅਕਾਊਂਟਾਂ ਨੂੰ ਲਗਾਤਾਰ ਬੰਦ ਕੀਤਾ ਜਾ ਰਿਹਾ ਹੈ, ਜਦੋਂਕਿ ਸਿੱਖਾਂ ਵਿਰੁੱਧ ਹਿੰਸਕ ਧਮਕੀ ਦੇਣ ਵਾਲੇ, ਕਿਸਾਨਾਂ ਨੂੰ ਬਦਨਾਮ ਕਰਨ ਵਾਲੇ ਅਤੇ ਨਫ਼ਰਤ ਦਾ ਪ੍ਰਚਾਰ ਕਰਨ ਵਾਲੇ ਅਕਾਊਂਟ ਬਿਨਾਂ ਕਿਸੇ ਰੁਕਾਵਟ ਦੇ ਚੱਲਦੇ ਰਹਿੰਦੇ ਹਨ।

ਕੇਂਦਰ ਸਰਕਾਰ ਇਸਤੇ ਕੋਈ ਕਾਰਵਾਈ ਨਹੀਂ ਕਰ ਰਹੀ ਪਰ Bhagwant Mann ਨੇ ਕਾਰਵਾਈ ਕਿਉਂ ਨਹੀਂ ਕੀਤੀ ਜਾਂ DGP ਪੰਜਾਬ ਨੂੰ ਇਹਨਾਂ ਅਪਰਾਧੀਆਂ ਵਿਰੁੱਧ ਕਾਨੂੰਨੀ ਕਾਰਵਾਈ ਕਰਨ ਲਈ ਨਿਰਦੇਸ਼ ਕਿਉਂ ਨਹੀਂ ਦਿੱਤੇ ਜਦੋਂ ਕਿ ਪੰਜਾਬ ਸਰਕਾਰ ਵੱਲੋਂ ਪੱਤਰਕਾਰਾਂ ਦੇ ਹੈਂਡਲ ਵੀ ਬੰਦ ਕੀਤੇ ਜਾ ਰਹੇ ਹਨ।

ਆਮ ਆਦਮੀ ਪਾਰਟੀ ਅਤੇ Arvind Kejriwal ਪੰਜਾਬੀਆਂ ਖਿਲਾਫ ਫੈਲਾਏ ਜਾ ਰਹੇ ਇਸ ਨਫ਼ਰਤੀ ਪ੍ਰਚਾਰ ਤੋਂ ਚਿੰਤਤ ਕਿਉਂ ਨਹੀਂ ਹਨ ?

Punjab Police India ਕੀ ਤੁਸੀਂ ਅਜਿਹੇ ਅਕਾਊਂਟਾਂ ਤੇ ਕਾਰਵਾਈ ਕਰੋਗੇ ?

**-ਪ੍ਰਗਟ ਸਿੰਘ ਐਮ ਐਲ ਏ ਜਲੰਧਰ ਕੈਂਟ**

# ਸੋਸ਼ਲ ਮੀਡੀਆ ਨਾਲ ਕਮਾਈ ਵਿਸ਼ੇ 'ਤੇ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ

**ਤਲਵੰਡੀ ਸਾਬੋ, 16 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ, ਤਲਵੰਡੀ ਸਾਬੋ ਦੇ ਬਿਜ਼ਨਸ ਸਟੱਡੀ ਵਿਭਾਗ ਵੱਲੋਂ 'ਸੋਸ਼ਲ ਮੀਡੀਆ: ਲਰਨਿੰਗ ਐਂਡ ਅਰਨਿੰਗ' ਵਿਸ਼ੇ 'ਤੇ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਵਿਭਾਗ ਦੇ ਮੁਖੀ ਪ੍ਰੋ. ਆਨੰਦ ਬਾਂਸਲ ਨੇ ਵਰਕਸ਼ਾਪ ਦੀ ਪ੍ਰਧਾਨਗੀ ਕੀਤੀ ਅਤੇ ਵਿਦਿਆਰਥੀਆਂ ਵਿੱਚ ਉੱਦਮੀ ਹੁਨਰ ਨੂੰ ਪਛਾਣਨ ਅਤੇ ਉਨ੍ਹਾਂ ਦੀ ਵਰਤੋਂ ਕਰਨ ਦੀ ਮਹੱਤਤਾ ਬਾਰੇ ਗੱਲ ਕੀਤੀ। ਵਰਕਸ਼ਾਪ ਵਿੱਚ ਮੁੱਖ ਬੁਲਾਰੇ ਗੁਰੀ ਘਰਾਗਨਾ ਯੂ-ਟਿਊਬ ਚੈਨਲ ਦੇ ਸ. ਗੁਰਪ੍ਰੀਤ ਸਿੰਘ ਅਤੇ ਜੁਗਲੂ ਐਜੂਕੇਸ਼ਨ ਚੈਨਲ ਦੇ ਸ. ਸ਼ਿਮੰਦਰ ਸਿੰਘ ਸਨ।ਚੰਗੀ ਗੁਣਵੱਤਾ ਵਾਲੀ ਆਨਲਾਈਨ ਜਾਣਕਾਰੀ ਅਤੇ ਦੋਵਾਂ ਬੁਲਾਰਿਆਂ ਦੀਆਂ ਕ੍ਰਿਸ਼ਮਈ ਸ਼ਖ਼ਸੀਅਤਾਂ ਨੇ ਦੁਨੀਆ ਭਰ ਦੇ ਲੱਖਾਂ ਲੋਕਾਂ ਦੇ ਦਿਲ ਜਿੱਤੇ ਹੋਏ ਹਨ।ਵਰਕਸ਼ਾਪ ਦਾ ਮੁੱਖ ਵਿਸ਼ਾ ਜਾਣਕਾਰੀ ਭਰਪੂਰ ਵੀਡੀਓ ਤਿਆਰ ਕਰਕੇ ਸੋਸ਼ਲ ਮੀਡੀਆ ਤੇ ਅਪਲੋਡ ਕਰਨ ਨੂੰ ਪਾਰਟ ਟਾਈਮ ਆਮਦਨੀ ਦੇ ਸਰੋਤ ਵਜੋਂ ਵਰਤਣਾ ਸੀ।ਮਾਹਰਾਂ ਨੇ ਵਿਦਿਆਰਥੀਆਂ ਨੂੰ ਧਰਮ, ਜਾਤ-ਪਾਤ, ਸਿਆਸੀ, ਅਪਮਾਨਜਨਕ ਅਤੇ ਵਿਅਕਤੀਗਤ ਕਿਸੇ ਵੀ ਵਿਵਾਦਪੂਰਨ ਸਮੱਗਰੀ ਅਪਲੋਡ ਕਰਨ ਤੋਂ ਬਚਣ ਦੀ ਸਲਾਹ ਦਿੱਤੀ। ਵਰਕਸ਼ਾਪ ਦਾ ਆਯੋਜਨ ਡਾ. ਗੁਰਵਿੰਦਰ ਸਿੰਘ (ਪ੍ਰਧਾਨ, ਪ੍ਰਗਤੀ ਕਲੱਬ) ਅਤੇ ਡਾ. ਸ਼ਸ਼ੀ ਅਗਰਵਾਲ (ਪ੍ਰਧਾਨ, ਈ-ਬਜ਼ ਕਲੱਬ) ਨੇ ਕੀਤਾ। ਡਾ. ਗੁਰਵਿੰਦਰ ਸਿੰਘ ਨੇ ਬੁਲਾਰਿਆਂ ਦੀ ਜਾਣ-ਪਛਾਣ ਕਰਵਾਈ, ਉਪਰੰਤ ਮੁਖੀ ਡਾ. ਆਨੰਦ ਬਾਂਸਲ ਨੇ ਸਵਾਗਤੀ ਭਾਸ਼ਣ ਦਿੱਤਾ। ਡਾ. ਸ਼ਸ਼ੀ ਨੇ ਦੋਵਾਂ ਬੁਲਾਰਿਆਂ, ਸਰੋਤਿਆਂ, ਵਿਦਿਆਰਥੀਆਂ ਅਤੇ ਇਸ ਕੈਂਪਸ ਦੇ ਫੈਕਲਟੀ ਮੈਂਬਰਾਂ ਦਾ ਧੰਨਵਾਦ ਕੀਤਾ ਜੋ ਵਰਕਸ਼ਾਪ ਵਿੱਚ ਸ਼ਾਮਲ ਹੋਏ। ਕੈਂਪਸ ਡਾਇਰੈਕਟਰ ਡਾ. ਕਮਲਜੀਤ ਸਿੰਘ ਨੇ ਬੁਲਾਰਿਆਂ ਦੀ ਸ਼ਲਾਘਾ ਕੀਤੀ ਅਤੇ ਇੱਕ ਵਿਲੱਖਣ ਵਿਸ਼ੇ 'ਤੇ ਇਸ ਵਰਕਸ਼ਾਪ ਦੇ ਆਯੋਜਨ ਲਈ ਵਿਭਾਗ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ ਅਤੇ ਵਿਦਿਆਰਥੀਆਂ ਨੂੰ ਵਰਕਸ਼ਾਪ ਤੋਂ ਜੋ ਵੀ ਸਿੱਖਿਆ ਹੈ ਉਸ ਦੀ ਵਰਤੋਂ ਅਸਲ ਜੀਵਨ ਵਿੱਚ ਲਾਗੂ ਕਰਨ ਲਈ ਕਿਹਾ।






# ਅੰਮ੍ਰਿਤਸਰ ਏਅਰਪੋਰਟ ਤੋਂ ਜਹਾਜ਼ਾਂ 'ਤੇ ਚੜ੍ਹਨ ਵਾਲਿਆਂ ਨੇ ਤੋੜੇ ਰਿਕਾਰਡ



**ਅੰਮ੍ਰਿਤਸਰ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਭ ਤੋਂ ਵੱਡੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਦੇ ਇਤਿਹਾਸ 'ਚ ਦਸੰਬਰ 2023 ਤੇ ਸਾਲ 2023 ਯਾਤਰੀ ਤੇ ਹਵਾਈ ਆਵਾਜਾਈ ਵਿੱਚ ਹੁਣ ਪਹਿਲੇ ਸਥਾਨ 'ਤੇ ਆ ਗਏ ਹਨ। ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਦੇ ਗਲੋਬਲ ਕਨਵੀਨਰ ਸਮੀਪ ਸਿੰਘ ਗੁਮਟਾਲਾ ਨੇ ਪ੍ਰੈੱਸ ਨਾਲ ਅਹਿਮ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਹਵਾਈ ਅੱਡੇ ਨੇ ਪਹਿਲੀ ਵਾਰ ਕਿਸੇ ਇੱਕ ਮਹੀਨੇ ਵਿੱਚ ਤਿੰਨ ਲੱਖ ਯਾਤਰੀਆਂ ਦੀ ਗਿਣਤੀ ਨੂੰ ਪਾਰ ਕਰਕੇ ਨਵਾਂ ਰਿਕਾਰਡ ਕਾਇਮ ਕੀਤਾ ਹੈ। ਗੁਮਟਾਲਾ ਅਨੁਸਾਰ, ਏਅਰਪੋਰਟ ਅਥਾਰਟੀ ਆਫ਼ ਇੰਡੀਆ ਦੁਆਰਾ ਹਾਲ ਹੀ ਵਿੱਚ ਭਾਰਤ ਦੇ ਹਵਾਈ ਅੱਡਿਆਂ ਤੋਂ ਹਵਾਈ ਆਵਾਜਾਈ ਸਬੰਧੀ ਦਸੰਬਰ 2023 ਲਈ ਜਾਰੀ ਕੀਤੇ ਗਏ ਅੰਕੜੇ ਤੇ ਪਿਛਲੇ ਸਾਲਾਂ ਦੇ ਅੰਕੜਿਆਂ ਦੇ ਵਿਸ਼ਲੇਸ਼ਣ ਤੋਂ ਇਹ ਤੱਥ ਸਾਹਮਣੇ ਆਏ ਹਨ ਕਿ ਅੰਮ੍ਰਿਤਸਰ ਕੌਮਾਂਤਰੀ ਹਵਾਈ ਅੱਡੇ ਨੇ ਦਸੰਬਰ 2023 ਵਿੱਚ ਕੁੱਲ 3,38,712 (ਲਗਪਗ 3.38 ਲੱਖ) ਯਾਤਰੀਆਂ ਦਾ ਸਵਾਗਤ ਕੀਤਾ, ਜਿਸ ਵਿੱਚ 2,31,699 ਘਰੇਲੂ ਤੇ 1,06,813 ਅੰਤਰਰਾਸ਼ਟਰੀ ਯਾਤਰੀ ਸ਼ਾਮਲ ਹਨ। ਇਸੇ ਮਹੀਨੇ ਵਿੱਚ ਹੀ ਹੁਣ ਤੱਕ ਦੀ ਸਭ ਤੋਂ ਵੱਧ, 2202 ਉਡਾਣਾਂ ਦੀ ਕੁੱਲ ਆਵਾਜਾਈ ਦਰਜ ਕੀਤੀ ਗਈ, ਜਿਸ ਵਿੱਚ 1,604 ਘਰੇਲੂ ਤੇ 598 ਅੰਤਰਰਾਸ਼ਟਰੀ ਉਡਾਣਾਂ ਸ਼ਾਮਲ ਹਨ। ਇਹ ਵੀ ਪਹਿਲੀ ਵਾਰ ਹੋਇਆ ਕਿ ਇੱਕ ਮਹੀਨੇ ਵਿੱਚ ਅੰਤਰਰਾਸ਼ਟਰੀ ਯਾਤਰੀਆਂ ਦੀ ਕੁੱਲ ਗਿਣਤੀ ਇੱਕ ਲੱਖ ਦਾ ਅੰਕੜਾ ਪਾਰ ਕਰ ਗਈ। ਇਸ ਤੋਂ ਪਹਿਲਾਂ ਨਵੰਬਰ 2023, 2 ਲੱਖ 85 ਹਜ਼ਾਰ ਯਾਤਰੀਆਂ ਨਾਲ ਸਭ ਤੋਂ ਵੱਧ ਯਾਤਰੀ ਤੇ ਹਵਾਈ ਆਵਾਜਾਈ ਵਾਲਾ ਮਹੀਨਾ ਬਣਿਆ ਸੀ। ਦਸੰਬਰ 2023 ਦੀ ਤੁਲਨਾ ਵਿੱਚ ਦਸੰਬਰ 2022 ਵਿੱਚ 2,40,200 ਯਾਤਰੀਆਂ ਦੀ ਗਿਣਤੀ ਵਿੱਚ 41% ਪ੍ਰਤੀਸ਼ਤ ਦਾ ਵਾਧਾ ਦਰਜ ਕੀਤਾ ਗਿਆ। ਇਨੀਸ਼ੀਏਟਿਵ ਵੱਲੋਂ ਕੀਤੇ ਗਏ ਬੀਤੇ ਕਈ ਸਾਲਾਂ ਦੇ ਅੰਕੜਿਆਂ ਦੇ ਵਿਸਤ੍ਰਿਤ ਵਿਸ਼ਲੇਸ਼ਣ ਤੋਂ ਸਾਹਮਣੇ ਆਏ ਉਤਸ਼ਾਹਜਨਕ ਨਤੀਜਿਆਂ 'ਤੇ ਖੁਸ਼ੀ ਜ਼ਾਹਰ ਕਰਦਿਆਂ ਗੁਮਟਾਲਾ ਨੇ ਹਵਾਈ ਅੱਡੇ ਦੇ ਇਤਿਹਾਸ ਵਿੱਚ ਇੱਕ ਹੋਰ ਨਵੇਂ ਮੀਲ ਪੱਥਰ ਦਾ ਵੀ ਖੁਲਾਸਾ ਕੀਤਾ। ਉਨ੍ਹਾਂ ਦੱਸਿਆ "ਹਵਾਈ ਅੱਡੇ ਨੇ ਸਾਲ 2023 ਵਿੱਚ ਕੁੱਲ 29,44,916 (ਲਗਪਗ 29.5 ਲੱਖ) ਯਾਤਰੀਆਂ ਦੀ ਆਵਾਜਾਈ ਦਰਜ ਕਰਕੇ ਸਾਲ 2019 ਵਿੱਚ ਦਰਜ ਪਿਛਲੀ ਸਭ ਤੋਂ ਵੱਧ 25,63,719 (ਤਕਰੀਬਨ 25.6 ਲੱਖ) ਯਾਤਰੀਆਂ ਦੀ ਕੁੱਲ ਗਿਣਤੀ ਨੂੰ ਮਾਤ ਦੇ ਦਿੱਤੀ ਹੈ। ਇਸ ਵਿੱਚ 20,26,901 ਘਰੇਲੂ ਤੇ 9,518 ਯਾਤਰੀ ਸ਼ਾਮਲ ਹਨ।" ਗੁਮਟਾਲਾ ਨੇ ਯਾਤਰੀਆਂ ਵਿੱਚ ਵਾਧੇ ਦਾ ਕਾਰਨ ਸਾਲ 2023 ਵਿੱਚ ਸ਼ੁਰੂ ਹੋਈਆਂ ਨਵੀਆਂ ਤੇ ਪਹਿਲਾਂ ਤੋਂ ਹੀ ਚੱਲ ਰਹੀਆਂ ਉਡਾਣਾਂ ਵਿੱਚ ਵਧੇਰੇ ਲੋਕਾਂ ਵੱਲੋਂ ਯਾਤਰਾ ਕਰਨਾ ਦੱਸਿਆ ਹੈ। ਇਸ ਨਾਲ ਏਅਰਪੋਰਟ ਦੀ ਆਮਦਨ ਵਿੱਚ ਵਾਧੇ ਹੋਵੇਗਾ ਤੇ ਸੂਬਾ ਵਾਸੀਆਂ ਨੂੰ ਵਧੇਰੇ ਨੌਕਰੀਆਂ ਮਿਲਣਗੀਆਂ।

ਅੰਮ੍ਰਿਤਸਰ ਹਵਾਈ ਅੱਡੇ ਦਾ ਵਰਤਮਾਨ ਵਿੱਚ ਲੰਡਨ, ਬਰਮਿੰਘਮ, ਮਿਲਾਨ, ਰੋਮ, ਦੁਬਈ, ਸ਼ਾਰਜਾਹ, ਦੋਹਾ, ਸਿੰਗਾਪੁਰ ਤੇ ਕੁਆਲਾਲੰਪੁਰ ਸਮੇਤ 9 ਅੰਤਰਰਾਸ਼ਟਰੀ ਅਤੇ 13 ਘਰੇਲੂ ਹਵਾਈ ਅੱਡਿਆਂ ਨਾਲ ਸਿੱਧਾ ਸੰਪਰਕ ਹੈ। ਇੱਥੋਂ ਭਾਰਤ ਤੇ ਵਿਦੇਸ਼ ਦੀਆਂ 10 ਏਅਰਲਾਈਨਾਂ, ਹਫ਼ਤੇ ਵਿੱਚ ਤਕਰੀਬਨ 114 ਅੰਤਰਰਾਸ਼ਟਰੀ ਉਡਾਣਾਂ ਦਾ ਸੰਚਾਲਨ ਕਰਦੀਆਂ ਹਨ।

# ਲੋਕ ਸਭਾ ਚੋਣਾਂ 'ਚ ਬੀਜੇਪੀ ਸਾਰੀਆ ਸੀਟਾਂ ਤੇ ਜਿੱਤ ਪ੍ਰਾਪਤ ਕਰੇਗੀ : ਅਮਨ ਥਾਪਰ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਵਿੱਚ ਇਸ ਵਕਤ ਸਰਕਾਰ ਨਾ ਦੀ ਕੋਈ ਵੀ ਚੀਜ ਨਜ਼ਰ ਨਹੀਂ ਆ ਰਹੀ।ਅਮਨ ਕਨੂੰਨ ਸਥਿਤੀ ਦਾ ਪੂਰੀ ਤਰ੍ਹਾਂ ਜਨਾਜਾ ਨਿਕਲ ਚੁੱਕਾ ਹੈ।ਲੋਕਾਂ ਦਾ ਘਰੋਂ ਨਿਕਲਣਾ ਮੁਹਾਲ ਹੋਇਆ ਹੈ ਵਿਕਾਸ ਕਾਰਜ ਪੂਰੀ ਤਰ੍ਹਾਂ ਠੱਪ ਹਨ।ਪਰ ਦਿੱਲੀ ਦੇ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬੀਆਂ ਨੂੰ ਲਾਰੇ ਤੇ ਲਾਰਾ ਲਾ ਕੇ ਮਜਾਕ ਦਾ ਪਾਤਰ ਬਣ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਜਿਲ੍ਹਾ ਮਾਲੇਰਕੋਟਲਾ ਦੇ ਪ੍ਰਧਾਨ ਅਮਨ ਥਾਪਰ ਨੇ ਕੀਤਾ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਪਿਛਲੀਆਂ ਸਰਕਾਰਾਂ ਤੇ ਗੱਲ ਗੱਲ ਨਾਲ ਤੰਜ ਕਸਦੇ ਰਹਿੰਦੇ ਸਨ ਪਰ ਹੁਣ ਉਹਨਾਂ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਸ਼ੁਰੂ ਕੀਤੀ ਗਈ ਹੈ ਜਿਸ ਦੇ ਬੈਗਾਂ ਦੇ ਉੱਪਰ ਮੁੱਖ ਮੰਤਰੀ ਨੇ ਆਪਣੀਆਂ ਫੋਟੋਆਂ ਲਗਾ ਕੇ ਲੋਕਾਂ ਨੂੰ ਹੈਰਾਨ ਕਰ ਦਿੱਤਾ ਹੈ । ਉਹਨਾਂ ਕਿਹਾ ਕਿ ਬਾਹਰਲੇ ਸੂਬਿਆਂ ਵਿੱਚ ਹੋਈਆਂ ਚੋਣਾਂ ਵਿੱਚ ਪੰਜਾਬ ਦੇ ਪੈਸੇ ਦੀ ਇਸ਼ਿਤਆਰਬਾਜ਼ੀ ਵਿੱਚ ਖ਼ੂਬ ਬਰਬਾਦੀ ਕੀਤੀ ਗਈ ਹੈ, ਜਿਸ ਵਿੱਚ ਸਰਕਾਰ ਨੇ 941 ਕਰੋੜ ਹੋਰ ਕਰਜ਼ਾ ਲਿਆ ਅਤੇ ਹੁਣ ਨਵੇਂ ਸਾਲ ਦੇ ਆਉਦੇ 2500 ਕਰੋੜ ਦਾ ਹੋਰ ਕਰਜਾ ਲੈ ਲਿਆ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਪੰਜਾਬ ਦੀਆਂ ਸਾਰੀਆਂ ਸੀਟਾਂ ਤੇ ਜਿੱਤ ਪ੍ਰਾਪਤ ਕਰੇਗਾ ਕਿਉਂਕਿ ਪਾਰਟੀ ਦੀਆਂ ਹੋ ਰਹੀਆਂ ਮੀਟਿੰਗਾਂ ਤੋਂ ਅੰਦਾਜਾਂ ਲਗਾਇਆ ਜਾ ਸਕਦਾ ਹੈ ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




# ਭਾਰਤ ਬੰਦ ਦੇ ਸੱਦੇ ਦੌਰਾਨ ਕਾਲਾ ਸੰਘਿਆਂ ਦੇ ਮੁੱਖ ਚੌਂਕ ਵਿਖੇ ਧਰਨਾ ਤਸਵੀਰਾਂ ਦੇ ਜੁਬਾਨੀ





ਆਵਾਜ਼ਿ ਕੌਮ AWAZE QAUM International Newspaper & WEB TV





ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਜਨਮ ਦਿਹਾੜੇ

ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ ਅਤੇ ਜਨਮ ਦਿਹਾੜਾ ਸੰਤ ਗਿਆਨੀ ਗੁਰਬਚਨ ਸਿੰਘ ਭਿੰਡਰਾਂਵਾਲੇ ਅਤੇ ਸਲਾਨਾ ਬਰਸੀ ਸੰਤ ਬਾਬਾ ਸੁੰਦਰ ਸਿੰਘ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।





ਸ਼ਨੀਵਾਰ 17 ਫਰਵਰੀ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ। ਐਤਵਾਰ 18 ਫਰਵਰੀ 2024 10:30 ਵਜੇ ਤੋਂ 12:30 ਦੀਵਾਨ ਸਜਣਗੇ।

ਚੁਪਹਿਰੇ ਦੇ ਪਾਠਾਂ ਦੀ ਅਰੰਭਤਾ ਹਰ ਐਤਵਾਰ 6:30 ਤੋਂ 9:30 ਵਜ਼ੇ ਤੱਕ ਭੋਗ ਪੈਣਗੇ।

ਕਥਾ ਵਾਚਕ ਗਿਆਨੀ ਗੁਰਮੀਤ ਸਿੰਘ ਸੂਹਰ ਗੁਰਦਾਸਪੁਰ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਸ਼ਹੀਦੀ ਅਸਥਾਨ ਤੇ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਸਚਖੰਡਿ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਕੀਰਤਨੀ ਭਾਈ ਜਗਤਾਰ ਸਿੰਘ ਜੀ ਦੇ ਬਰਖੁਰਦਾਰ ਸਪੁੱਤਰ

# ਕੀਰਤਨੀਏ ਭਾਈ ਨਵਨੀਤ ਸਿੰਘ ਜੀ ਦੇ ਸ਼ਗਨ ਸਮੇਂ ਗੁਰਮਤਿ ਸਮਾਗਮ

### ਭਾਈ ਜਸਬੀਰ ਸਿੰਘ ਜੀ ਪਾਉਂਟਾ ਸਾਹਿਬ ਵਾਲਿਆਂ ਨੇ ਰਸਭਿੰਨਾ ਕੀਰਤਨ ਕੀਤਾ ਤੇ ਹੋਰ ਕੀਰਤਨੀ ਤੇ ਪੰਥਕ ਸ਼ਖਸ਼ੀਅਤਾਂ ਨੇ ਹਾਜ਼ਰੀ ਭਰੀ

















**ਸ੍ਰੀ ਅੰਮ੍ਰਿਤਸਰ ਸਾਹਿਬ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸਚਖੰਡਿ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਕੀਰਤਨੀ ਭਾਈ ਜਗਤਾਰ ਸਿੰਘ ਜੀ ਦੇ ਬਰਖੁਰਦਾਰ ਸਪੁੱਤਰ ਕੀਰਤਨੀਏ ਭਾਈ ਨਵਨੀਤ ਸਿੰਘ ਜੀ ਦੇ ਸ਼ਗਨ ਸਮੇਂ ਗੁਰਦੁਆਰਾ ਟਾਹਲੀ ਸਾਹਿਬ ਬਾਈਪਾਸ ਵੇਰਕਾ ਬਾਬਾ ਸ੍ਰੀ ਚੰਦ ਜੀ ਦੇ ਅਸਥਾਨ ਪੁਰ ਗੁਰਮਤਿ ਸਮਾਗਮ ਸਮੇਂ ਭਾਈ ਜਸਬੀਰ ਸਿੰਘ ਜੀ ਪਾਉਂਟਾ ਸਾਹਿਬ ਵਾਲਿਆਂ ਨੇ ਰਸਭਿੰਨਾ ਕੀਰਤਨ ਕੀਤਾ ਤੇ ਹੋਰ ਕੀਰਤਨੀ ਤੇ ਪੰਥਕ ਸ਼ਖਸ਼ੀਅਤਾਂ ਨੇ ਹਾਜ਼ਰੀ ਭਰੀ ਜਿੰਨਾਂ ਵਿੱਚ ਨਿਹੰਗ ਸਿੰਘ ਜਥੇਬੰਦੀਆਂ ਦੇ ਮੁੱਖੀ ਤੇ ਬਾਬਾ ਬਘੇਲ ਸਿੰਘ ਸੰਤ ਹਰਕੀਰਤ ਸਿੰਘ ਭਾਈ ਸੱਜਣ ਸਿੰਘ ਨਿਊਯਾਰਕ USA ਰਾਗੀ ਕਿਰਪਾਲ ਸਿੰਘ ਨਾਨਕਸਰ ਤੋਂ ਕੀਰਤਨੀ ਜੱਥਾ .ਸੰਤ ਦਵਿੰਦਰ ਸਿੰਘ ਜੀ ਸੰਤ ਕੁਟੀਆ ਨਿਰਮਲੇ ਸਹਾਬਪੁਰ ਵਾਲੇ. ਸਕੱਤਰ ਪ੍ਰਤਾਪ ਸਿੰਘ sgpc ਗਿਆਨੀ ਬਲਵਿੰਦਰ ਸਿੰਘ ਲਹਿਰੀ ਕਰਨਦੀਪ ਸਿੰਘ ਜਸ਼ਨਦੀਪ ਸਿੰਘ ਵਰਪਾਲ ਰਜਵੰਤ ਕੌਰ ਬੈਂਕ ਵਾਲੇ ਤੇ ਹੋਰ ਬਹੁਤ ਸੰਗਤ ਨੇ ਆਨੰਦ ਮਾਂਣਿਆ ਅਰਦਾਸ ਹੁਕਮਨਾਮਾਂ ਤੇ ਗੁਰਮਤਿ ਵੀਚਾਰਾਂ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਵਰਪਾਲ ਹੈੱਡ ਗ੍ਰੰਥੀ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਨੇ ਸੇਵਾ ਨਿਭਾਈ ਤੇ ਸੰਗਤ ਨੂੰ ਗੁਰੂ ਸ਼ਬਦ ਨਾਲ ਜੁੜਕੇ ਜੀਵਨ ਸਫਲ ਕਰਨ ਹਿੱਤ ਪ੍ਰੇਰਨਾ ਕੀਤੀ ਸੰਗਤ ਤੇ ਦੋਵਾਂ ਪਰਿਵਾਰਾਂ ਮੁਬਾਰਕਬਾਦ ਦਿੱਤੀ ਤੇ ਅਖੀਰ ਭਾਈ ਜਗਤਾਰ ਸਿੰਘ ਰਾਗੀ ਜੀ ਨੇ ਸਮੁੱਚੀ ਸੰਗਤ ਨੂੰ ਜੀ ਆਇਆਂ ਆਖਿਆ ਧੰਨਵਾਦ ਕਰ ਗੁਰੂ ਸਾਹਿਬ ਜੀ ਦਾ ਸ਼ੁਕਰਾਨਾਂ ਕੀਤਾ ਤੇ ਮਾਨਯੋਗ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਸੰਤ ਮਹਾਂਪੁਰਖ ਹਜ਼ੂਰੀ ਰਾਗੀ ਜੱਥੇ ਨਿਹੰਗ ਸਿੰਘ ਗੁਰੂ ਕੀਆਂ ਲਾਡਲੀਆਂ ਫ਼ੌਜਾਂ ਦਾ ਸਿਰਪਾਉ ਦੇਕੇ ਸਤਿਕਾਰ ਕੀਤਾ।

# ਗੁਰਮਰਿਆਦਾ ਨਾਲ ਸੰਪੂਰਨ ਆਨੰਦ ਕਾਰਜ



ਆਨੰਦ ਕਾਰਜ ਤਾਂ ਜਿੰਦਗੀ ਵਿੱਚ ਬਹੁਤ ਦੇਖੇ ਪ੍ਰੰਤੂ ਪੂਰਨ ਗੁਰਮਰਿਆਦਾ ਨਾਲ ਸੰਪੂਰਨ ਆਨੰਦ ਕਾਰਜ ਪਹਿਲੀ ਵਾਰ ਦੇਖਿਆ ਵਧਾਈ ਦੇ ਪਾਤਰ ਨੇ ਭਾਈ ਹਰਨਾਮ ਸਿੰਘ ਖਾਲਸਾ ਬੀਬੀ ਪਰਮਿੰਦਰ ਕੌਰ ਖਾਲਸਾ ਗੁਰੂ ਸਾਹਿਬ ਜੀ ਗੁਰਸਿੱਖ ਜੋੜੀ ਨੂੰ ਚੜ੍ਹਦੀ ਕਲਾ ਵਿੱਚ ਰੱਖਣ ਜੇਕਰ ਸਾਰੇ ਨੌਜਵਾਨ ਬੱਚੇ ਇਸੇ ਤਰਾ ਮਰਿਯਾਦਾ ਉਪਰ ਪਹਿਰਾ ਦੇਣ ਲੱਗ ਪੈਣ ਤਾਂ ਮਾਪੇ ਕਰਜੇ ਦੇ ਬੋਝ ਤੋ ਬਚ ਜਾਣਗੇ (ਖਾਸ -ਇਹ ਵੀ ਰਹਾ ਕਿ ਬਰਾਤ ਨੇ ਆਮ ਸੰਗਤ ਦੀ ਤਰਾ ਲੰਗਰ ਪੰਗਤਾਂ ਵਿੱਚ ਲੰਗਰ ਛੱਕਿਆ ) ਵਲੋਂ ਭਾਈ ਸੁਖਜੀਤ ਸਿੰਘ ਖੋਸਾ।

# ਮੁੱਖ ਮੰਤਰੀ ਪੰਜਾਬ ਮਾਤ ਭਾਸ਼ਾ ਦਿਵਸ ਤੇ 60 ਸਾਲ ਤੋਂ ਉੱਪਰ ਆਰਥਿਕ ਤੌਰ 'ਤੇ ਕਮਜ਼ੋਰ ਸਾਹਿਤਕਾਰਾਂ ਲਈ ਪੈਨਸ਼ਨ ਦਾ ਐਲਾਨ ਕਰਨ- ਸੰਸਥਾਪਕ ਪ੍ਰਧਾਨ ਡਾ. ਹਰਗੋਬਿੰਦ ਸਿੰਘ ਸ਼ੇਖਪੁਰੀਆ

ਤਲਵੰਡੀ ਸਾਬੋ, 16 ਫਰਵਰੀ (ਗੁਰਜੰਟ ਸਿੰਘ ਨਥੇਹਾ)– ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਮਾਤ ਭਾਸ਼ਾ ਦਿਵਸ ਪੰਜਾਬੀ ਮਾਂ ਬੋਲੀ ਦਿਵਸ 21 ਫਰਵਰੀ 2024 ਨੂੰ 60 ਸਾਲ ਤੋਂ ਉੱਪਰ ਆਰਥਿਕ ਤੌਰ ਤੇ ਕਮਜ਼ੋਰ ਸਾਹਿਤਕਾਰਾਂ ਲਈ ਪੈਨਸ਼ਨ ਦਾ ਐਲਾਨ ਕਰਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 52 ਸਾਹਿਤਕਾਰਾਂ ਨੂੰ ਸਮਰਪਿਤ ਗੁਰੂ ਕਾਸ਼ੀ ਸਾਹਿਤ ਅਕਾਦਮੀ ਦਮਦਮਾ ਸਾਹਿਬ (ਰਜਿ.) ਪੰਜਾਬ ਦੇ ਸੰਸਥਾਪਕ ਪ੍ਰਧਾਨ ਡਾ. ਹਰਗੋਬਿੰਦ ਸਿੰਘ ਸ਼ੇਖਪੁਰੀਆ ਕਾਰਜ ਕਰਤਾ ਸੱਤ ਸਾਹਿਤਕ ਤੇ ਸਮਾਜਿਕ ਸੰਸਥਾਵਾਂ ਪੰਜਾਬ ਨੇ ਕਲਾਕਾਰਾਂ/ਸਾਹਿਤਕਾਰਾਂ/ਲੇਖਕਾਂ ਦੇ ਚਹੇਤੇ ਮੁੱਖ ਮੰਤਰੀ ਦੇ ਤੌਰ 'ਤੇ ਜਾਣੇ ਜਾਂਦੇ ਮਾਨਯੋਗ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਨੂੰ ਇੱਕ ਸਪੀਡ ਪੋਸਟ ਪੱਤਰ ਭੇਜ ਕੇ ਮੰਗ ਕੀਤੀ ਹੈ ਕਿ ਆਉਣ ਵਾਲੀ 21 ਫਰਵਰੀ 2024 ਨੂੰ ਆ ਰਹੇ ਮਾਤ ਭਾਸ਼ਾ ਦਿਵਸ ਪੰਜਾਬੀ ਮਾਂ ਬੋਲੀ ਦਿਵਸ ਤੇ ਆਰਥਿਕ ਤੌਰ 'ਤੇ ਜ਼ਿੰਦਗੀ ਨਾਲ ਜੂਝਦਿਆਂ ਵੀ ਪੰਜਾਬੀ ਮਾਂ ਬੋਲੀ ਦੀ ਸੇਵਾ ਕਰਦੇ ਆਏ ਜਾਂ ਕਰ ਰਹੇ ਸਭਨਾਂ ਲੋੜਵੰਦ ਸਾਹਿਤਕਾਰਾਂ ਨੂੰ ਪੈਨਸ਼ਨ ਲਾਉਣ ਦਾ ਐਲਾਨ ਕਰਕੇ ਸਮੂਹ ਪੰਜਾਬ ਦੇ ਸਾਹਿਤਕਾਰਾਂ/ਲੇਖਕਾਂ ਦਾ ਦਿਲ ਜਿੱਤਣਗੇ। ਸ੍ਰੀ ਹਰਗੋਬਿਦ ਸਿੰਘ ਮਾਨ ਸ਼ੇਖਪੁਰੀਆ ਨੇ ਆਪਣੇ ਸਮੇਤ ਕਾਰਜਕਾਰੀ ਪ੍ਰਧਾਨ ਪ੍ਰੋ. ਡਾ. ਗੁਰਜੀਤ ਸਿੰਘ ਖਾਲਸਾ ਦੇ ਦਸਤਖਤਾਂ ਹੇਠ ਭੇਜੇ ਪੱਤਰ ਵਿੱਚ ਮੁੱਖ ਮੰਤਰੀ ਤੋਂ ਲੇਖਕਾਂ ਦੀ ਪੈਨਸ਼ਨ ਵਾਸਤੇ ਭਾਸ਼ਾ ਵਿਭਾਗ ਦਾ ਬੋਰਡ ਬਹਾ ਕੇ ਲੋੜਵੰਦਾਂ ਨੂੰ ਪੈਨਸ਼ਨ ਸਕੀਮ ਤਹਿਤ ਲਿਆਉਣ ਦਾ ਐਲਾਨ ਕਰਨ ਦੀ ਸਨਿਮਰ ਬੇਨਤੀ ਕੀਤੀ ਹੈ। ਇਹ ਜਾਣਕਾਰੀ ਪੱਤਰਕਾਰਾਂ ਨੂੰ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਮਾਤ ਭਾਸ਼ਾ ਦਿਵਸ ਪੰਜਾਬੀ ਮਾਂ ਬੋਲੀ ਦਿਵਸ ਤੇ ਅਜਿਹਾ ਐਲਾਨ ਕਰਨਾ ਪੰਜਾਬ ਦੇ ਸਮੂਹ ਸਾਹਿਤਕਾਰਾਂ ਲਈ ਇੱਕ ਵੱਡਾ ਤੋਹਫਾ ਸਾਬਤ ਹੋਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਮਹਾਰਾਸ਼ਟਰ ਸਰਕਾਰ ਵੱਲੋਂ ਸ੍ਰੀ ਹਜ਼ੂਰ ਸਾਹਿਬ ਦੇ

# ਗੁਰਦੁਆਰਾ ਐਕਟ ਵਿੱਚ ਸੋਧ ਦੀ ਤਜਵੀਜ਼ ਰੱਦ ਕਰਨਾ ਸ਼ਲਾਘਾਯੋਗ : ਇੰਟਰਨੈਸ਼ਨਲ ਪੰਥਕ ਦਲ

**☛ ਸਿੱਖਾਂ ਦੀਆਂ ਭਾਵਨਾਵਾਂ ਅਨੁਸਾਰ ਹਜ਼ੂਰ ਸਾਹਿਬ ਦੇ ਬੋਰਡ ਦੀ ਚੋਣ ਲੋਕਤੰਤਰੀ ਤਰੀਕੇ ਨਾਲ ਤੁਰੰਤ ਕਰਵਾਈ ਜਾਵੇ : ਸਿੰਘ ਸਾਹਿਬ**



**ਜਲੰਧਰ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)-** ਇੰਟਰਨੈਸ਼ਨਲ ਪੰਥਕ ਦਲ ਨੇ ਮਹਾਂਰਾਸ਼ਟਰ ਸਰਕਾਰ ਵੱਲੋਂ ਤਖਤ ਸ੍ਰੀ ਹਜੂਰ ਸਾਹਿਬ ਨਾਂਦੇੜ ਗੁਰਦੁਆਰਾ ਐਕਟ 1956 ਵਿੱਚ ਸਾਲ 2024 ਦੀ ਸੋਧ ਕਰਨ ਦੀ ਤਜਵੀਜ਼ ਵਾਪਸ ਲੈਣ ਦਾ ਸਵਾਗਤ ਕੀਤਾ ਹੈ। ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ, ਇੰਟਰਨੈਸ਼ਨਲ ਪੰਥਕ ਦਲ ਦੇ ਕਨਵੀਨਰ ਜਥੇਦਾਰ ਦਲੀਪ ਸਿੰਘ ਚਕਰ, ਪ੍ਰਧਾਨ ਜਥੇਦਾਰ ਹਰਚਰਨ ਸਿੰਘ ਚਕਰ, ਧਾਰਮਿਕ ਵਿੰਗ ਦੇ ਪ੍ਰਧਾਨ ਬਾਬਾ ਸਤਨਾਮ ਸਿੰਘ ਵਲੀਆ, ਬਾਬਾ ਸੱਜਣ ਸਿੰਘ ਮੁੱਖ ਸਲਾਹਕਾਰ ਇੰਟਰਨੈਸ਼ਨਲ ਪੰਥਕ ਦਲ, ਭਾਈ ਵਜੀਰ ਸਿੰਘ ਵਾਂ ਵਾਲੇ, ਜਥੇਦਾਰ ਗੁਰਮੇਜ ਸਿੰਘ ਭੈਣੀ ਮਸਾ ਸਿੰਘ, ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਜਨਰਲ ਸਕੱਤਰ, ਭਾਈ ਜਤਿੰਦਰ ਸਿੰਘ ਸਮੈਦਿਕ, ਭਾਈ ਪ੍ਰਗਟ ਸਿੰਘ ਇਟਲੀ, ਭਾਈ ਜਸਵਿੰਦਰ ਸਿੰਘ ਇਟਲੀ, ਭਾਈ ਸੰਤੋਖ ਸਿੰਘ ਕਵੈਂਟਰੀ, ਜਥੇਦਾਰ ਸਵਰਨਜੀਤ ਸਿੰਘ ਤਰਨਾ ਦਲ ਸ਼ਹੀਦਾਂ ਦੁਆਬਾ, ਜਥੇਦਾਰ ਜੋਗਿੰਦਰ ਸਿੰਘ ਫਿਰੋਜ਼ਪੁਰ, ਜਥੇਦਾਰ ਗੁਰਦੇਵ ਸਿੰਘ ਮੁਕਤਸਰ ਸਾਹਿਬ, ਭਾਈ ਬਲਕਾਰ ਸਿੰਘ ਧੰਨੋਵਾਲੀ, ਭਾਈ ਰਘਵੀਰ ਸਿੰਘ ਵਾਲਸਾਲ, ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਮਾਲੜੀ, ਭਾਈ ਕਪਤਾਨ ਸਿੰਘ ਮੁਖ ਬੁਲਾਰਾ ਯੂ.ਕੇ, ਭਾਈ ਬਲਬੀਰ ਸਿੰਘ ਧੰਨੋਵਾਲੀ ਆਦਿ ਅਤੇ ਹੋਰ ਆਗੂਆਂ ਵੱਲੋਂ ਜਾਰੀ ਕੀਤੇ ਬਿਆਨ ਨੂੰ ਪ੍ਰੈੱਸ ਲਈ ਜਾਰੀ ਕਰਦਿਆਂ ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ ਸ਼੍ਰੋਮਣੀ ਕਮੇਟੀ ਮੈਂਬਰ ਸੰਤ ਬਾਬਾ ਚਰਨਜੀਤ ਸਿੰਘ ਜਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲਿਆਂ ਨੇ ਕਿਹਾ ਕਿ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਆਗੂਆਂ ਨੇ ਮਹਾਂਰਾਸ਼ਟਰ ਸਰਕਾਰ, ਤਖਤ ਸ੍ਰੀ ਹਜੂਰ ਸਾਹਿਬ ਨਾਂਦੇੜ ਸਾਹਿਬ ਦੇ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ, ਆਨਰੇਰੀ ਸਕੱਤਰ ਡਾ. ਵਿਜੈ ਸਤਬੀਰ ਸਿੰਘ ਨੂੰ ਅਪੀਲ ਕੀਤੀ ਹੈ ਕਿ ਉਹ ਦੇਸ਼ ਵਿਦੇਸ਼ ਦੇ ਸਿੱਖਾਂ ਦੀਆਂ ਭਾਵਨਾਵਾਂ ਅਨੁਸਾਰ ਹਜੂਰ ਸਾਹਿਬ ਬੋਰਡ ਦਾ ਪੁਰਾਤਨ ਢਾਂਚਾ ਹੀ ਕਾਇਮ ਰੱਖਣ। ਉਨ੍ਹਾਂ ਕਿਹਾ ਕਿ ਮਹਾਂਰਾਸ਼ਟਰ ਸਰਕਾਰ ਨੇ ਗੁਰਦੁਆਰਾ ਐਕਟ 1956 ਵਿੱਚ ਸਾਲ 2024 ਦੀ ਸੋਧ ਕਰਨ ਦੀ ਤਜਵੀਜ ਸਬੰਧੀ ਆਪਣੇ ਕੈਬਨਿਟ ਫੈਸਲੇ ਨੂੰ ਰੋਕਣ ਦਾ ਫੈਸਲਾ ਲਿਆ ਹੈ, ਇਹ ਫੈਸਲਾ ਰੱਦ ਨਹੀਂ ਕੀਤਾ ਹੈ। ਇਸ ਕਰਕੇ ਬੋਰਡ ਵਿੱਚ ਸਰਕਾਰ ਦੀ ਦਖਲ ਅੰਦਾਜੀ ਦਾ ਖਤਰਾ ਹਾਲੇ ਕਾਇਮ ਹੈ। ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਜੋਰ ਦੇ ਕੇ ਕਿਹਾ ਹੈ ਕਿ ਉਹ ਮਹਾਂਰਾਸ਼ਟਰ ਸਰਕਾਰ ਵੱਲੋਂ ਤਖਤ ਸ੍ਰੀ ਹਜੂਰ ਸਾਹਿਬ ਨਾਂਦੇੜ ਗੁਰਦੁਆਰਾ ਐਕਟ ਵਿੱਚ ਸੋਧ ਕਰਨ ਦੀਆਂ ਕੋਸ਼ਿਸ਼ਾਂ ਨੂੰ ਤੁਰੰਤ ਰੂਪ ਵਿੱਚ ਬੰਦ ਕਰਵਾਉਣ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਉਹ ਕੈਬਨਿਟ ਸਬ ਕਮੇਟੀ ਬਣਾਉਣ ਤੋਂ ਵੀ ਰੋਕਿਆ ਜਾਵੇ, ਜੋ ਕਮੇਟੀ ਤਖਤ ਸ੍ਰੀ ਹਜੂਰ ਸਾਹਿਬ ਦਾ ਬੋਰਡ ਕਾਇਮ ਕਰਨ ਦੀ ਕੋਸ਼ਿਸ਼ ਨੂੰ ਅੱਗੇ ਵਧਾ ਰਹੀ ਹੈ। ਸਿੰਘ ਸਾਹਿਬ ਨੇ ਕਿਹਾ ਹੈ ਕਿ ਸਿੱਖ ਸੰਸਥਾਵਾਂ ਅਤੇ ਸਿੱਖ ਸਿਧਾਂਤਾਂ ਨਾਲ ਸਰਕਾਰਾਂ ਵੱਲੋਂ ਛੇੜਛਾੜ ਨਾ ਕੀਤੀ ਜਾਵੇ ਅਤੇ ਸੰਗਤਾਂ ਦੀ ਸਹਿਮਤੀ ਨਾਲ ਜੋ ਵੀ ਸੁਧਾਰ ਜ਼ਰੂਰੀ ਹਨ ਉਹ ਕੀਤੇ ਜਾਣ ਤਾਂ ਕਿ ਸੰਗਤਾਂ ਦੀ ਹਮਾਇਤ ਹਮੇਸ਼ਾ ਨਾਲ ਜੁੜੀ ਰਹੇ।

# ਸਰਕਾਰ ਕਿਸਾਨਾਂ ਦੀਆਂ ਮੰਗਾਂ ਮੰਨ ਕੇ ਤੁਰੰਤ ਲਾਗੂ ਕਰੇ ਗੁਰਮੀਤ ਸਿੰਘ ਬਰੜਵਾਲ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਕਿਸਾਨ ਦਿੱਲੀ ਵੱਲ ਕੂਚ ਕਰ ਰਹੇ ਹਨ ਹਰਿਆਣਾ ਸਰਕਾਰ ਵੱਲੋਂ ਵੱਖ-ਵੱਖ ਬਾਰਡਰਾਂ ਤੇ ਰੋਕਿਆ ਗਿਆ ਹੈ ਸ਼ਾਂਤ ਮਈ ਤਰੀਕੇ ਨਾਲ ਕਿਸਾਨ ਪ੍ਰਦਰਸ਼ਨ ਕਰ ਰਹੇ ਹਨ। ਉਹਨਾਂ ਉੱਤੇ ਸਰਕਾਰ ਵੱਲੋਂ ਗੈਸ ਗੋਲੇ ਰਬੜ ਦੀਆਂ ਗੋਲੀਆਂ ਚਲਾ ਕੇ ਕਿਸਾਨਾਂ ਨੂੰ ਜ਼ਖਮੀ ਕੀਤਾ ਜਾ ਰਿਹਾ ਹੈ ਜੋ ਕਿ ਲੋਕਤੰਤਰ ਦਾ ਘਾਣ ਹੈ। ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਇੱਕ ਪਾਸੇ ਤਾਂ ਕਿਸਾਨਾਂ ਦੇ ਹੱਕ ਵਿੱਚ ਬਿਆਨਬਾਜ਼ੀ ਕਰ ਰਹੀ ਹੈ ਅਤੇ ਦੂਜੇ ਪਾਸੇ ਨਾਲ ਲੱਗਦੇ ਪਿੰਡਾਂ ਸ਼ਹਿਰਾਂ ਕਸਬਿਆਂ ਦਾ ਨੈੱਟ ਬੰਦ ਕਰਕੇ ਸਰਕਾਰ ਨੇ ਸਾਬਿਤ ਕਰ ਦਿੱਤਾ ਹੈ ਕਿ ਉਹ ਦਿੱਲੀ ਦੀ ਕੇਂਦਰ ਸਰਕਾਰ ਨਾਲ ਮਿਲੀ ਹੋਈ ਹੈ ਜਿਸ ਦੇ ਨਾਲ ਸਰਕਾਰ ਦਾ ਦੋਗਲਾ ਚਿਹਰਾ ਲੋਕਾਂ ਦੇ ਸਾਹਮਣੇ ਨੰਗਾ ਹੋਇਆ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜਿਲ੍ਹਾ ਸੰਗਰੂਰ ਦੇ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਬਰੜਵਾਲ ਨੇ ਕੀਤਾ। ਉਹਨਾਂ ਕਿਹਾ ਕਿ ਕਿਸਾਨਾਂ ਵੱਲੋਂ ਹਰ ਫਸਲ ਤੇ ਐਮਐਸਪੀ ਲੈਣ ਲਈ, ਲਖੀਮਪੁਰ ਦੋਸੀਆਂ ਨੂੰ ਸਜ਼ਾਵਾਂ ਦਵਾਉਣ ਲਈ, 700 ਸਹੀਦ ਕਿਸਾਨਾਂ ਦੇ ਪਰਿਵਾਰਾਂ ਨੂੰ ਇਨਸਾਫ ਦਿਵਾਉਣ ਲਈ, ਆਦਿ ਮੰਗਾਂ ਨੂੰ ਲੈ ਕੇ ਕੇਂਦਰ ਸਰਕਾਰ ਖਿਲਾਫ ਸ਼ਾਂਤਮਈ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ ਸਰਕਾਰ ਕਿਸਾਨਾਂ ਦੀਆਂ ਮੰਗਾਂ ਮੰਨ ਕੇ ਤੁਰੰਤ ਲਾਗੂ ਕਰੇ ਤਾਂ ਜੋ ਕਿਸਾਨ ਆਪਣੇ ਘਰਾਂ ਵਿੱਚ ਆ ਕੇ ਆਪਣੇ ਪਰਿਵਾਰਾਂ ਨਾਲ ਚੰਗਾ ਜੀਵਨ ਬਤੀਤ ਕਰ ਸਕਣ।

ਭਾਕਿਯੂ (ਏਕਤਾ-ਉਗਰਾਹਾਂ) ਵੱਲੋਂ ਸ਼ੰਭੂ , ਖਨੌਰੀ ਵਿਖੇ ਡਟੇ ਕਿਸਾਨਾਂ ਨਾਲ਼ ਤਾਲਮੇਲਵੇਂ ਸੰਘਰਸ਼ ਵਜੋਂ 17,18 ਫ਼ਰਵਰੀ ਨੂੰ ਪੰਜਾਬ ਦੇ ਤਿੰਨ ਮੁੱਖ ਭਾਜਪਾ ਲੀਡਰਾਂ ਦੇ ਦਰਾਂ ਅੱਗੇ

# ਦਿਨ ਰਾਤ ਧਰਨੇ ਅਤੇ ਪੰਜਾਬ ਦੇ ਟੌਲ ਫ੍ਰੀ ਕਰਨ ਦਾ ਐਲਾਨ



**ਚੰਡੀਗੜ੍ਹ 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਟ੍ਰੇਡ ਯੂਨੀਅਨਾਂ ਦੀ ਮੁਲਕ ਪੱਧਰੀ ਹੜਤਾਲ ਦੀ ਹਮਾਇਤ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਭਾਰਤ ਬੰਦ ਦੇ ਸੱਦੇ 'ਤੇ ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ-ਉਗਰਾਹਾਂ ਵੱਲੋਂ 18 ਜਿਲ੍ਹਿਆਂ ਵਿੱਚ ਪੇਂਡੂ ਕਾਰੋਬਾਰ ਬੰਦ ਕਰਨ ਤੋਂ ਇਲਾਵਾ ਵੱਖ ਵੱਖ ਸ਼ਹਿਰਾਂ ਵਿੱਚ ਸੜਕਾਂ ਜਾਮ ਅਤੇ ਟੋਲ ਫ੍ਰੀ ਧਰਨਿਆਂ ਵਿੱਚ 18 ਜਿਲ੍ਹਿਆਂ ਵਿੱਚ 58 ਥਾਂਵਾਂ 'ਤੇ ਔਰਤਾਂ ਸਮੇਤ ਹਜ਼ਾਰਾਂ ਦੀ ਤਾਦਾਦ ਵਿਚ ਕਿਸਾਨ ਮਜ਼ਦੂਰ ਸ਼ਾਮਲ ਹੋਏ। ਇਹ ਜਾਣਕਾਰੀ ਦਿੰਦੇ ਹੋਏ ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾ ਵੱਲੋਂ ਪ੍ਰੈੱਸ ਦੇ ਨਾਂ ਸਾਂਝਾ ਬਿਆਨ ਜਾਰੀ ਕਰਦਿਆਂ ਦੱਸਿਆ ਗਿਆ ਹੈ ਕਿ ਮੋਦੀ ਭਾਜਪਾ ਸਰਕਾਰ ਦੇ ਕਿਸਾਨ ਦੁਸ਼ਮਣ ਵਤੀਰੇ ਨੂੰ ਮੁੱਖ ਰੱਖਦਿਆਂ ਜਥੇਬੰਦੀ ਵੱਲੋਂ ਪਹਿਲਾਂ ਐਲਾਨ ਕੀਤਾ ਹੋਇਆ ਪੰਜਾਬ ਸਰਕਾਰ ਵਿਰੁੱਧ 24 ਫਰਵਰੀ ਤੋਂ ਚੰਡੀਗੜ੍ਹ ਵਿਖੇ ਅਣਮਿਥੇ ਸਮੇਂ ਦਾ ਮੋਰਚਾ ਅਣਮਿਥੇ ਸਮੇਂ ਲਈ ਮੁਲਤਵੀ ਕਰਕੇ ਸਾਂਝੇ ਮੁਲਕ ਪੱਧਰੇ ਕਿਸਾਨ ਘੋਲ਼ ਨੂੰ ਅੱਗੇ ਵਧਾਉਣ ਲਈ ਕੌਮੀ ਸੰਯੁਕਤ ਕਿਸਾਨ ਮੋਰਚੇ ਦਾ ਅਗਲਾ ਸੱਦਾ ਆਉਣ ਤੱਕ ਦੋ ਦਿਨ 17, 18 ਫ਼ਰਵਰੀ ਨੂੰ ਭਾਜਪਾ ਦੇ ਮੁੱਖ ਸੂਬਾ ਆਗੂਆਂ ਸੁਨੀਲ ਜਾਖੜ, ਕੈਪਟਨ ਅਮਰਿੰਦਰ ਸਿੰਘ ਅਤੇ ਕੇਵਲ ਸਿੰਘ ਢਿੱਲੋਂ ਦੇ ਦਰਾਂ ਅੱਗੇ ਦਿਨ ਰਾਤ ਦੇ ਧਰਨੇ ਲਾਉਣ ਦੇ ਨਾਲ਼ ਹੀ ਪੂਰੇ ਪੰਜਾਬ ਦੇ ਟੌਲ ਫ੍ਰੀ ਕੀਤੇ ਜਾਣਗੇ। ਉਨ੍ਹਾਂ ਸ਼ੰਭੂ ਤੇ ਖਨੌਰੀ ਬਾਡਰਾਂ ਉੱਤੇ ਡਟੇ ਹੋਏ ਸੰਘਰਸ਼ਸ਼ੀਲ ਕਿਸਾਨਾਂ ਤੇ ਕਿਸਾਨ ਆਗੂਆਂ ਨੂੰ ਸੁਨੇਹਾ ਦਿੱਤਾ ਕਿ ਅਸੀਂ ਇਸ ਕੌਮੀ ਕਿਸਾਨ ਸੰਘਰਸ਼ ਵਿੱਚ ਤਾਲਮੇਲਵੇਂ ਤੌਰ 'ਤੇ ਜੀ ਜਾਨ ਨਾਲ ਕੁੱਦਣ ਦਾ ਫੈਸਲਾ ਕਰ ਲਿਆ ਹੈ। ਹੋਰ ਵੀ ਚੰਗਾ ਹੋਣਾ ਸੀ ਜੇਕਰ ਇਹ ਸੰਘਰਸ਼ ਵਿੱਢਣ ਤੋਂ ਪਹਿਲਾਂ ਹੀ ਸਾਰੀਆਂ ਸੰਘਰਸ਼ਸ਼ੀਲ ਕਿਸਾਨ ਜਥੇਬੰਦੀਆਂ ਦਾ ਸਾਂਝਾ ਸੰਘਰਸ਼ ਬਣਾਉਣ ਦੇ ਗੰਭੀਰ ਯਤਨ ਕੀਤੇ ਜਾਂਦੇ। ਪਰ ਅਜੇ ਵੀ ਡੁੱਲ੍ਹੇ ਬੇਰਾਂ ਦਾ ਬਹੁਤਾ ਕੁੱਝ ਨਹੀਂ ਵਿਗੜਿਆ। ਉਨ੍ਹਾਂ ਕਿਹਾ ਕਿ ਆਓ ਆਪਸੀ ਮੱਤਭੇਦਾਂ ਨੂੰ ਪਾਸੇ ਰੱਖਦਿਆਂ ਸਾਂਝੇ ਤਾਲਮੇਲਵੇਂ ਸੰਘਰਸ਼ ਨੂੰ ਅੱਗੇ ਵਧਾਈਏ ਅਤੇ ਫਿਰਕੂ, ਭੜਕਾਊ ਤੇ ਫੁੱਟਪਾਊ ਅਨਸਰਾਂ ਨੂੰ ਇੱਕਜੁੱਟ ਹੋ ਕੇ ਮਾਤ ਦੇਈਏ। ਆਗੂਆਂ ਨੇ ਜ਼ੋਰ ਦਿੱਤਾ ਕਿ ਮੋਦੀ ਸਰਕਾਰ ਵੱਲੋਂ ਕਿਸਾਨਾਂ ਦੇ ਜੇਤੂ ਦਿੱਲੀ ਘੋਲ਼ ਨੂੰ ਮੁਲਤਵੀ ਕਰਨ ਮੌਕੇ ਕੀਤੇ ਗਏ ਐਮ ਐਸ ਪੀ ਦੀ ਕਾਨੂੰਨੀ ਗਰੰਟੀ ਵਰਗੇ ਲਿਖਤੀ ਵਾਅਦੇ ਲਾਗੂ ਕਰਨ ਤੋਂ ਲਗਾਤਾਰ ਦੋ ਸਾਲ ਟਾਲ਼ਾ ਵੱਟਣ ਮਗਰੋਂ ਅੱਜ ਵੀ ਕਿਸਾਨਾਂ ਦੇ ਜਮਹੂਰੀ ਹੱਕਾਂ ਨੂੰ ਕੁਚਲਣ ਅਤੇ ਮੰਗਾਂ ਮੰਨਣ ਤੋਂ ਬਾਰ ਬਾਰ ਨਾਂਹ ਕਰਨ ਦੇ ਤਾਨਾਸ਼ਾਹੀ ਜਾਬਰ ਹੱਲੇ ਨੂੰ ਧਰਮਾਂ, ਜਾਤਾਂ, ਇਲਾਕਿਆਂ ਆਦਿ ਦੀਆਂ ਵਲਗਣਾਂ ਤੋਂ ਉਪਰ ਉਠ ਕੇ ਵਿਸ਼ਾਲ ਸਾਂਝੇ ਸੰਘਰਸ਼ ਰਾਹੀਂ ਹੀ ਮਾਤ ਦਿੱਤੀ ਜਾ ਸਕਦੀ ਹੈ। ਉਨ੍ਹਾਂ ਮੋਦੀ ਸਰਕਾਰ ਨੂੰ ਤਾੜਨਾ ਕੀਤੀ ਕਿ ਹੁਣ ਲੁਟੇਰਿਆਂ ਪੱਖੀ ਜਾਬਰ ਨੀਤੀਆਂ ਦਾ ਹਿਸਾਬ ਕਿਤਾਬ ਚੁਕਤਾ ਕਰ ਕੇ ਹੀ ਕਿਸਾਨ ਦਮ ਲੈਣਗੇ। ਸੰਬੋਧਨਕਰਤਾ ਮੁੱਖ ਆਗੂਆਂ ਵਿੱਚ ਝੰਡਾ ਸਿੰਘ ਜੇਠੂਕੇ, ਸ਼ਿੰਗਾਰਾ ਸਿੰਘ ਮਾਨ, ਰੂਪ ਸਿੰਘ ਛੰਨਾਂ, ਜਗਤਾਰ ਸਿੰਘ ਕਾਲਾਝਾੜ, ਜਨਕ ਸਿੰਘ ਭੁਟਾਲ, ਹਰਦੀਪ ਸਿੰਘ ਟੱਲੇਵਾਲ ਤੇ ਹਰਿੰਦਰ ਕੌਰ ਬਿੰਦੂ ਤੋਂ ਇਲਾਵਾ ਹੋਰ ਸੂਬਾ/ਜ਼ਿਲ੍ਹਾ/ਬਲਾਕ ਪੱਧਰੇ ਆਗੂ ਸ਼ਾਮਲ ਸਨ। ਕਿਸਾਨ ਆਗੂਆਂ ਨੇ ਦੱਸਿਆ ਕਿ ਅੱਜ ਦੇ ਭਾਰਤ ਬੰਦ ਦੀਆਂ ਮੰਗਾਂ ਵਿੱਚ ਸਾਰੀਆਂ ਫਸਲਾਂ ਦੀ ਐਮ ਐਸ ਪੀ ਦੀ ਕਾਨੂੰਨੀ ਗਰੰਟੀ, ਕਿਸਾਨਾਂ ਮਜ਼ਦੂਰਾਂ ਦੀ ਮੁਕੰਮਲ ਕਰਜ਼ਾ ਮੁਕਤੀ, ਲਖੀਮਪੁਰ ਦੇ ਸ਼ਹੀਦਾਂ ਦੇ ਵਾਰਸਾਂ ਨੂੰ ਪੂਰਾ ਇਨਸਾਫ਼ ਵਰਗੇ ਭਖਦੇ ਕਿਸਾਨੀ ਮਸਲਿਆਂ ਅਤੇ 4 ਲੇਬਰ ਕੋਡ ਵਾਪਸ ਲੈਣ, ਮਗਨਰੇਗਾ ਤਹਿਤ ਪੂਰਾ ਸਾਲ 600 ਰੁਪਏ ਦਿਹਾੜੀ ਦਾ ਰੁਜ਼ਗਾਰ ਹਰ ਲੋੜਵੰਦ ਨੂੰ ਦੇਣ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਅਤੇ ਨਿੱਜੀਕਰਨ ਦੀ ਸਾਮਰਾਜੀ ਨੀਤੀ ਮੁੱਢੋਂ ਰੱਦ ਕਰਨ ਵਰਗੀਆਂ ਮਜ਼ਦੂਰ ਜਮਾਤ ਦੀਆਂ ਮੰਗਾਂ ਸਮੇਤ ਸਭਨਾਂ ਕਿਰਤੀ ਕਿਸਾਨਾਂ ਦੀਆਂ ਸਾਂਝੀਆਂ ਮੰਗਾਂ ਸ਼ਾਮਲ ਹਨ। ਬੁਲਾਰਿਆਂ ਵਲੋਂ ਇਹ ਮੰਗਾਂ ਮੰਨੇ ਜਾਣ ਉੱਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਉਨ੍ਹਾਂ ਵਲੋਂ ਭਾਜਪਾ ਦੀ ਕੇਂਦਰੀ ਅਤੇ ਹਰਿਆਣਾ ਸਰਕਾਰਾਂ ਵੱਲੋਂ ਕਿਸਾਨਾਂ ਦਾ ਸੰਘਰਸ਼ ਕਰਨ ਦਾ ਸੰਵਿਧਾਨਕ ਜਮਹੂਰੀ ਹੱਕ ਕੁਚਲਣ ਲਈ ਅੱਥਰੂ ਗੈਸ, ਲਾਠੀਚਾਰਜ ਤੇ ਡ੍ਰੋਨ ਰਾਹੀਂ ਗੋਲੀਬਾਰੀ ਤੋਂ ਇਲਾਵਾ ਸੜਕਾਂ ਉੱਤੇ ਕੰਧਾਂ ਕੱਢਣ ਤੇ ਕਿੱਲ ਗੱਡਣ ਵਰਗੇ ਤਾਨਾਸ਼ਾਹੀ ਹੱਥਕੰਡਿਆਂ ਦੀ ਵਰਤੋਂ ਦੀ ਸਖ਼ਤ ਨਿਖੇਧੀ ਕੀਤੀ ਗਈ। ਉਨ੍ਹਾਂ ਦੋਸ਼ ਲਾਇਆ ਕਿ ਕਾਲ਼ੇ ਖੇਤੀ ਕਾਨੂੰਨ ਰੱਦ ਕਰਾਉਣ ਵਾਲਾ ਦਿੱਲੀ ਘੋਲ਼ ਮੁਲਤਵੀ ਕਰਨ ਮੌਕੇ ਮੋਦੀ ਸਰਕਾਰ ਵੱਲੋਂ ਲਿਖ਼ਤੀ ਭਰੋਸੇ ਦੇ ਬਾਵਜੂਦ ਕੋਈ ਇੱਕ ਵੀ ਮੰਗ ਲਾਗੂ ਨਾ ਕਰਨਾ ਸਰਕਾਰ ਦੇ ਕਿਸਾਨ ਵਿਰੋਧੀ ਅਤੇ ਸਾਮਰਾਜ ਪੱਖੀ ਕਿਰਦਾਰ ਨੂੰ ਨੰਗਾ ਕਰਦਾ ਹੈ। ਇਹ ਮੰਗ ਵੀ ਜ਼ੋਰ ਨਾਲ ਉਭਾਰੀ ਗਈ ਕਿ ਸਾਰੇ ਪੁਆੜਿਆਂ ਦੀ ਜੜ੍ਹ ਸੰਸਾਰ ਵਪਾਰ ਸੰਸਥਾ ਵਿੱਚੋਂ ਭਾਰਤ ਨੂੰ ਬਾਹਰ ਕੱਢਿਆ ਜਾਵੇ, ਕਿਉਂਕਿ ਇਹਦੀਆਂ ਨੀਤੀਆਂ ਦੇਸ਼ ਭਰ ਦੇ ਕਿਰਤੀ ਕਿਸਾਨਾਂ ਨੂੰ ਅਤੇ ਪੇਂਡੂ ਸੱਭਿਆਚਾਰ ਨੂੰ ਤਬਾਹ ਕਰ ਰਹੀਆਂ ਹਨ। ਇਨ੍ਹਾਂ ਨੀਤੀਆਂ ਤਹਿਤ ਹੀ ਜਨਤਕ ਖੇਤਰ ਦੇ ਸਿਹਤ, ਸਿੱਖਿਆ, ਬਿਜਲੀ ਵਰਗੇ ਸਾਰੇ ਜਨਤਕ ਅਦਾਰੇ ਅਡਾਨੀ ਅੰਬਾਨੀ ਵਰਗੇ ਦੇਸੀ ਬਦੇਸ਼ੀ ਸਾਮਰਾਜੀ ਕਾਰਪੋਰੇਟਾਂ ਨੂੰ ਕੌਡੀਆਂ ਦੇ ਭਾਅ ਵੇਚੇ ਜਾ ਰਹੇ ਹਨ। ਮੋਦੀ ਹਕੂਮਤ ਨੂੰ ਕਿਸਾਨਾਂ ਦੇ ਕੁਰਬਾਨੀਆਂ ਭਰੇ ਜੁਝਾਰੂ ਇਤਿਹਾਸ ਦੁਆਰਾ ਕੰਧ 'ਤੇ ਲਿਖਿਆ ਜ਼ਰੂਰ ਪੜ੍ਹ ਲੈਣਾ ਚਾਹੀਦਾ ਹੈ ਕਿ ਹਕੂਮਤੀ ਜਬਰ ਸੰਘਰਸ਼ ਕਰਨ ਵਾਲੇ ਕਾਫ਼ਲਿਆਂ ਨੂੰ ਅੱਗੇ ਵਧਣ ਤੋਂ ਰੋਕ ਨਹੀਂ ਸਕਦਾ, ਸਗੋਂ ਇਹ ਜਬਰ ਸੰਘਰਸ਼ਾਂ ਦੀ ਖ਼ੁਰਾਕ ਬਣ ਜਾਇਆ ਕਰਦਾ ਹੈ। ਆਗੂਆਂ ਕਿਹਾ ਕਿ ਸਾਡਾ ਸੰਘਰਸ਼ ਹਰ ਕਿਸਮ ਦੀ ਕੁਰਬਾਨੀ ਦੇਕੇ ਵੀ ਜਾਰੀ ਰਹੇਗਾ ਅਤੇ ਮੋਦੀ ਹਕੂਮਤ ਨੂੰ ਕਿਸਾਨਾਂ -ਮਜਦੂਰਾਂ ਦੀਆਂ ਹੱਕੀ ਮੰਗਾਂ ਮੰਨਣ ਲਈ ਮਜਬੂਰ ਕਰੇਗਾ।

> **ਅੱਜ ਭਾਰਤ ਬੰਦ ਦੌਰਾਨ ਸਾਂਝੇ ਤੌਰ 'ਤੇ 18 ਜਿਲ੍ਹਿਆਂ ਵਿੱਚ ਜਥੇਬੰਦੀ ਦੇ ਝੰਡੇ ਹੇਠ ਕਿਸਾਨ ਮਜ਼ਦੂਰ 58 ਥਾਂਵਾਂ 'ਤੇ ਸੜਕ ਜਾਮ ਤੇ ਟੌਲ ਫ੍ਰੀ ਧਰਨਿਆਂ ਵਿੱਚ ਹੋਏ ਸ਼ਾਮਲ**

## ਕਿਸਾਨੀ ਮੁੱਦਿਆਂ 'ਤੇ ਝੂਠ ਬੋਲ ਕੇ ਮੋਦੀ ਸਰਕਾਰ

# ਜਾਣਬੁੱਝ ਕੇ ਖਰਾਬ ਕਰ ਰਹੀ ਹੈ ਦੇਸ਼ ਦਾ ਮਾਹੌਲ: ਸੰਯੁਕਤ ਕਿਸਾਨ ਮੋਰਚਾ

**ਨਵੀਂ ਦਿੱਲੀ, 16 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:-ਕੇਂਦਰੀ ਟਰੇਡ ਯੂਨੀਅਨਾਂ, ਸੁਤੰਤਰ ਅਤੇ ਖੇਤਰੀ ਫੈਡਰੇਸ਼ਨਾਂ/ਐਸੋਸੀਏਸ਼ਨਾਂ ਦੇ ਸਾਂਝੇ ਪਲੇਟਫਾਰਮ ਨੇ ਮਜ਼ਦੂਰਾਂ, ਔਰਤਾਂ, ਨੌਜਵਾਨਾਂ ਅਤੇ ਵਿਦਿਆਰਥੀਆਂ ਦੀਆਂ ਹੋਰ ਜਥੇਬੰਦੀਆਂ ਦੇ ਸਹਿਯੋਗ ਨਾਲ ਸੰਯੁਕਤ ਕਿਸਾਨ ਮੋਰਚਾ ਦੀ ਉਦਯੋਗਿਕ/ਖੇਤਰੀ ਹੜਤਾਲ ਦੇ ਨਾਲ ਦੇਸ਼ ਵਿਆਪੀ ਪੇਂਡੂ ਹੜਤਾਲ ਦਾ ਸੱਦਾ ਦਿੱਤਾ ਸੀ। ਨਰਿੰਦਰ ਮੋਦੀ ਸਰਕਾਰ ਦੀਆਂ ਕਾਰਪੋਰੇਟ ਅਤੇ ਫਿਰਕੂ ਨੀਤੀਆਂ ਵਿਰੁੱਧ ਕਿਸਾਨਾਂ ਦਾ ਗੁੱਸਾ ਅੱਜ ਗ੍ਰਾਮੀਣ ਭਾਰਤ ਬੰਦ ਵਿੱਚ ਉਨ੍ਹਾਂ ਦੀ ਭਰਵੀਂ ਸ਼ਮੂਲੀਅਤ ਨਾਲ ਸਾਹਮਣੇ ਆਇਆ ਹੈ। ਹੜਤਾਲ ਦੀ ਕਾਰਵਾਈ ਮੋਦੀ ਸਰਕਾਰ ਅਤੇ ਭਾਜਪਾ ਦੀ ਅਗਵਾਈ ਵਾਲੀ ਹਰਿਆਣਾ ਰਾਜ ਸਰਕਾਰ ਦੇ ਬੇਰਹਿਮ ਜਬਰ ਵਿਰੁੱਧ ਲੋਕਾਂ ਦੇ ਗੁੱਸੇ ਨੂੰ ਦਰਸਾਉਂਦੀ ਹੈ, ਜਿਸ ਨੇ ਪੰਜਾਬ ਦੇ ਸ਼ੰਭੂ ਸਰਹੱਦ 'ਤੇ ਦਿੱਲੀ ਵੱਲ ਮਾਰਚ ਕਰ ਰਹੇ ਕਿਸਾਨਾਂ 'ਤੇ ਹਮਲਾ ਕੀਤਾ ਹੈ। ਜਿੱਥੇ ਪੰਜਾਬ ਵਿੱਚ ਰੋਸ ਮੁਜ਼ਾਹਰੇ ਵੱਡੇ ਬੰਦ ਦਾ ਰੂਪ ਧਾਰਨ ਕਰ ਚੁੱਕੇ ਹਨ, ਉਥੇ ਬਾਕੀ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਪਿੰਡਾਂ ਵਿੱਚ ਦੁਕਾਨਾਂ, ਉਦਯੋਗ, ਬਾਜ਼ਾਰ ਅਤੇ ਵਿੱਦਿਅਕ ਅਦਾਰੇ ਅਤੇ ਸਰਕਾਰੀ ਦਫ਼ਤਰ ਬੰਦ ਰਹੇ। ਵੱਡੇ ਪੱਧਰ 'ਤੇ ਪ੍ਰਦਰਸ਼ਨ ਅਤੇ ਰੋਸ ਰੈਲੀਆਂ ਦਾ ਆਯੋਜਨ ਕੀਤਾ ਗਿਆ ਹੈ, ਜਿਸ ਵਿਚ ਲੱਖਾਂ ਲੋਕਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਹੈ। ਮਜ਼ਦੂਰਾਂ ਨੇ ਕੰਮ ਬੰਦ ਕਰ ਦਿੱਤਾ ਹੈ ਅਤੇ ਵਿਸ਼ਾਲ ਪ੍ਰਦਰਸ਼ਨ ਕੀਤਾ ਹੈ। ਐਸਕੇਐਮ ਨੇ 13 ਫਰਵਰੀ ਨੂੰ ਭਾਰਤ ਦੇ ਪ੍ਰਧਾਨ ਮੰਤਰੀ ਨੂੰ ਇੱਕ ਨਿਮਰ ਅਤੇ ਲਿਖਤੀ ਅਪੀਲ ਭੇਜੀ ਸੀ, ਜਿਸ ਵਿੱਚ ਉਹਨਾਂ ਨੂੰ ਉਹਨਾਂ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਪ੍ਰਤੀ ਹਮਦਰਦੀ ਭਰਿਆ ਰੁਖ ਅਪਣਾਉਣ ਲਈ ਕਿਹਾ ਸੀ ਜੋ ਖੇਤੀ ਘਾਟੇ, ਸੰਕਟ, ਕਰਜ਼ੇ, ਬੇਰੁਜ਼ਗਾਰੀ, ਗੰਭੀਰ ਕੁਪੋਸ਼ਣ ਅਤੇ ਗੰਭੀਰ ਕੁਪੋਸ਼ਣ ਅਤੇ ਭੁੱਖ, ਬਿਮਾਰੀ ਆਦਿ ਤੋਂ ਪੀੜਤ ਹਨ। ਇਹ ਮੰਦਭਾਗਾ ਹੈ ਕਿ ਪ੍ਰਧਾਨ ਮੰਤਰੀ ਨੇ ਕਾਰਪੋਰੇਟ ਕੰਪਨੀਆਂ ਪ੍ਰਤੀ ਪੂਰੀ ਸੰਜੀਦਗੀ ਦਿਖਾਈ ਹੈ, ਪਰ ਲਾਠੀਚਾਰਜ, ਪੈਲੇਟ ਫਾਇਰਿੰਗ, ਅੱਥਰੂ ਗੈਸ ਦੇ ਸਪਰੇਅ, ਡਰੋਨਾਂ ਦੀ ਵਰਤੋਂ, ਸੜਕ ਜਾਮ, ਘਰ-ਘਰ ਜਾ ਕੇ ਧਮਕੀਆਂ ਰਾਹੀਂ ਕਿਸਾਨਾਂ 'ਤੇ 'ਜੰਗ' ਛੇੜ ਰਿਹਾ ਹੈ। ਅਤੇ ਹੋਰ ਦਮਨਕਾਰੀ ਉਪਾਅ ਜਾਰੀ ਰੱਖੇ ਹਨ ਅਤੇ ਆਪਣਾ ਕਿਸਾਨ ਵਿਰੋਧੀ ਨਜ਼ਰੀਆ ਦਿਖਾਇਆ ਹੈ। ਐਸਕੇਐਮ ਸ਼ੰਭੂ ਸਰਹੱਦ 'ਤੇ ਵੱਡੀ ਗਿਣਤੀ ਅੰਦਰ ਕਿਸਾਨਾਂ ਦੇ ਜ਼ਖਮੀ ਹੋਣ ਦੀ ਸਖ਼ਤ ਨਿੰਦਾ ਕਰਦਾ ਹੈ। ਮੋਦੀ ਸਰਕਾਰ ਸ਼ੋਸ਼ਣ ਕਰਨ ਵਾਲੇ ਵੱਡੇ ਕਾਰੋਬਾਰੀਆਂ ਦੀ ਸੇਵਾ ਕਰਨ ਲਈ ਕਿਸਾਨਾਂ ਨੂੰ ਅੰਨ੍ਹਾ ਕਰ ਰਹੀ ਹੈ। ਮੋਦੀ ਸਰਕਾਰ ਨੇ ਜਾਣਬੁੱਝ ਕੇ ਮਾਹੌਲ ਖਰਾਬ ਕੀਤਾ ਹੈ। ਉਹ ਕਿਸਾਨਾਂ ਦੇ ਮੁੱਦਿਆਂ 'ਤੇ ਝੂਠ ਬੋਲਦਾ ਹੈ ਅਤੇ ਲੋਕਾਂ ਨੂੰ ਵਿਸ਼ਵਾਸ ਦਿਵਾਉਂਦਾ ਹੈ ਕਿ ਉਹ ਸੱਚਾ ਅਤੇ ਇਮਾਨਦਾਰ ਹੈ। ਉਨ੍ਹਾਂ ਨੇ ਘੱਟੋ-ਘੱਟ ਸਮਰਥਨ ਮੁੱਲ ਅਤੇ ਹੋਰ ਮੰਗਾਂ 'ਤੇ ਵਿਚਾਰ ਕਰਨ ਲਈ ਦਸੰਬਰ 2021 ਵਿੱਚ ਇੱਕ ਕਮੇਟੀ ਬਣਾਉਣ ਦਾ ਵਾਅਦਾ ਕੀਤਾ। ਸੱਤ ਮਹੀਨਿਆਂ ਬਾਅਦ, ਉਸਨੇ ਉਹਨਾਂ ਲੋਕਾਂ ਦੀ ਇੱਕ ਕਮੇਟੀ ਬਣਾਈ, ਜੋ ਐਮਐਸਪੀ ਦਾ ਖੁੱਲ ਕੇ ਵਿਰੋਧ ਕਰ ਰਹੇ ਸਨ ਅਤੇ ਫਸਲੀ ਵਿਭਿੰਨਤਾ ਅਤੇ ਜ਼ੀਰੋ ਬਜਟ ਕੁਦਰਤੀ ਖੇਤੀ ਨੂੰ ਆਪਣੇ ਏਜੰਡੇ ਵਿੱਚ ਸ਼ਾਮਲ ਕੀਤਾ। ਹੁਣ ਉਹ ਗੱਲਬਾਤ ਦੇ ਨਾਂ 'ਤੇ ਲੋਕਾਂ ਨੂੰ ਮੂਰਖ ਬਣਾਉਣ ਲਈ ਸ਼ੰਭੂ ਬਾਰਡਰ 'ਤੇ ਅੰਦੋਲਨਕਾਰੀਆਂ ਨੂੰ ਮੰਤਰੀ ਭੇਜ ਕੇ ਗੱਲਬਾਤ ਦਾ ਢੌਂਗ ਰਚ ਰਿਹਾ ਹੈ ਅਤੇ ਗੱਲਬਾਤ ਦੇ ਨੁਕਤੇ ਅਤੇ ਪ੍ਰਗਤੀ ਨੂੰ 'ਗੁਪਤ' ਰੱਖ ਕੇ ਗੱਲਬਾਤ ਦਾ ਮਜ਼ਾਕ ਉਡਾ ਰਿਹਾ ਹੈ ਅਤੇ ਇਸ ਤਰ੍ਹਾਂ ਗੁੰਮਰਾਹ ਕੀਤਾ ਜਾ ਰਿਹਾ ਹੈ। ਪੂਰੇ ਦੇਸ਼ ਵਿੱਚ ਕਿਸਾਨਾਂ ਨੂੰ ਹਨੇਰੇ ਵਿੱਚ ਰੱਖਿਆ ਜਾ ਰਿਹਾ ਹੈ। ਐਸਕੇਐਮ ਨੇ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਨੂੰ ਹੱਲ ਕਰਨ ਪ੍ਰਤੀ ਭਾਜਪਾ ਦੀ ਰੁਚੀ ਅਤੇ ਫਿਰਕੂ ਅਤੇ ਧਾਰਮਿਕ ਵਿਵਾਦਾਂ ਵੱਲ ਧਿਆਨ ਹਟਾਉਣ ਦੀ ਨੀਤੀ 'ਤੇ ਸਵਾਲ ਉਠਾਏ ਹਨ। ਐਸਕੇਐਮ ਨੇ ਇਹ ਲੜਾਈ 26 ਜਨਵਰੀ, 2021 ਨੂੰ ਲੜੀ ਸੀ ਅਤੇ ਜਿੱਤ ਪ੍ਰਾਪਤ ਕਰਨ ਲਈ ਭਾਰਤ ਭਰ ਦੇ ਲੋਕਾਂ ਨੂੰ ਇੱਕਜੁੱਟ ਕਰਨ ਲਈ ਵਚਨਬੱਧ ਹੈ।

# ਸਰਕਾਰ ਕਿਸਾਨਾਂ ਦੀਆਂ ਮੰਗਾਂ ਮੰਨੇ ,ਨਾ ਕਿ ਹੰਝੂ ਗੈਸ ਦੇ ਗੋਲੇ ਤੇ ਗੋਲੀਆਂ ਨਾਲ ਮਾਹੌਲ ਖਰਾਬ : ਗੋਬਿੰਦ ਸਿੰਘ ਸੰਧੂ

**ਧੂਰੀ, ( ਰਣਜੀਤ ਸਿੰਘ ਪੇਧਨੀ)**-ਆਪਣੀਆਂ ਹੱਕੀ ਮੰਗਾਂ ਦੇ ਲਈ ਦਿੱਲੀ ਵੱਲ ਸ਼ਾਂਤਮਈ ਤਰੀਕੇ ਨਾਲ ਰੋਸ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਤੇ ਹੰਜੂ ਗੈਸ ਦੇ ਗੋਲੇ ਅਤੇ ਰਬੜ ਦੀਆਂ ਗੋਲੀਆਂ ਚਲਾ ਕੇ ਜਖਮੀ ਕਰਨਾ ਕੇਂਦਰ ਅਤੇ ਹਰਿਆਣਾ ਦੀ ਭਾਜਪਾ ਸਰਕਾਰਾਂ ਨੇ ਇੱਕ ਵਾਰ ਫਿਰ ਪੰਜਾਬ ਵਿਰੋਧੀ ਚਿਹਰਾ ਦਿਖਾ ਕੇ ਲੋਕਤੰਤਰ ਦਾ ਘਾਣ ਕੀਤਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਕੌਮੀ ਜਥੇਬੰਦਕ ਸਕੱਤਰ ਸ, ਗੋਬਿੰਦ ਸਿੰਘ ਸੰਧੂ ਨੇ ਕੀਤਾ। ਉਹਨਾਂ ਕਿਹਾ ਕਿ ਜੇਕਰ ਭਾਜਪਾ ਨੂੰ ਕਿਸਾਨਾਂ ਦੀ ਥੋੜੀ ਬਹੁਤੀ ਫਿਕਰ ਹੁੰਦੀ ਤਾਂ ਅਣਮਨੁੱਖੀ ਵਤੀਰਾ ਬੰਦ ਕਰਕੇ ਕੇਂਦਰ ਕਿਸਾਨਾਂ ਨਾਲ ਗੱਲਬਾਤ ਰਾਹੀਂ ਮਸਲਾ ਸੁਲਝਾਉਣ ਦਾ ਹੱਲ ਲੱਭਦੀ। ਉਹਨਾਂ ਕਿਹਾ ਕਿ ਆਪਣੇ ਹੱਕਾਂ ਦੇ ਲਈ ਸਾਂਤ ਮਈ ਤਰੀਕੇ ਦੇ ਨਾਲ ਪ੍ਰਦਰਸ਼ਨ ਕਰਨਾ ਦੇਸ਼ ਦੇ ਹਰ ਨਾਗਰਿਕ ਦਾ ਕਾਨੂੰਨੀ ਹੱਕ ਹੈ। ਪਰ ਅਚੰਬੇ ਦੀ ਗੱਲ ਹੈ ਕਿ ਹਰਿਆਣਾ ਦੀ ਭਾਜਪਾ ਸਰਕਾਰ ਕੇਂਦਰ ਦੇ ਇਸ਼ਾਰੇ ਤੇ ਕਿਸਾਨਾਂ ਨਾਲ ਅਜਿਹਾ ਸਲੂਕ ਕਰ ਰਹੀ। ਜਿਸ ਵਿੱਚ ਹਰਿਆਣਾ ਨਾਲ ਬੇਗਾਨਗੀ ਦੀ ਭਾਵਨਾ ਪੈਦਾ ਹੋ ਰਹੀ ਹੈ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਹਰਿਆਣਾ ਸਰਕਾਰ ਨੂੰ ਅਜਿਹੀਆਂ ਹਰਕਤਾਂ ਤੋਂ ਉਹ ਰੋਕਣ ਦੇ ਨਿਰਦੇਸ਼ ਦੇ ਕੇ ਕਿਸਾਨ ਜਥੇਬੰਦੀਆਂ ਨਾਲ ਬੈਠ ਕੇ ਗੱਲ ਕਰਕੇ ਮਸਲੇ ਦਾ ਹੱਲ ਕਰਨ ਦੀ ਪਹਿਲ ਕਰਨ।



# ਘਰ ਘਰ ਰਾਸ਼ਨ ਸਕੀਮ ਨਾਲ ਗਰੀਬਾਂ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ : ਹਰਮਨਦੀਪ ਕੌਰ ਸੰਗਰੂਰ

ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪੰਜਾਬ ਦੇ ਲਾਭਪਾਤਰੀਆਂ ਨੂੰ ਘਰ ਘਰ ਰਾਸਨ ਪਹੁੰਚਾਉਣ ਦੀ " ਸੁਚੱਜਾ ਰਾਸ਼ਨ ਘਰ ਘਰ ਰਾਸਨ " ਸਕੀਮ ਦੇ ਨਾਲ ਪਿੰਡਾਂ ਸਹਿਰਾਂ ਵਿੱਚ ਵਸਦੇ ਗਰੀਬ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੀ ਸੀਨੀਅਰ ਆਗੂ ਹਰਮਨਦੀਪ ਕੌਰ ਸੰਗਰੂਰ ਨੇ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚਲਾਈ ਜਾ ਰਹੀ ਅਜਿਹੀ ਸਕੀਮ ਆਮ ਲੋਕਾਂ ਲਈ ਵੱਡੀ ਰਾਹਤ ਭਰੀ ਹੋਵੇਗੀ। ਪਿਛਲੀਆਂ ਸਰਕਾਰਾਂ ਵੱਲੋਂ ਰਾਸਣ ਦੇ ਨਾਂ ਤੇ ਲੋਕਾਂ ਨੂੰ ਕਈ ਕਈ ਦਿਨ ਕਤਾਰਾਂ ਵਿੱਚ ਲਾ ਕੇ ਖੱਜਲ ਖੁਆਰ ਕੀਤਾ ਜਾਂਦਾ ਸੀ। ਪਰ ਹੁਣ ਸੂਬੇ ਦੇ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੇ ਮੁੱਖ ਮੰਤਰੀ ਵੱਲੋਂ ਆਮ ਲੋਕਾਂ ਦੇ ਇਸ ਦੁੱਖ ਦਰਦ ਨੂੰ ਪਹਿਚਾਣ ਕੇ ਇਸ ਦਾ ਸਥਾਈ ਹੱਲ ਕੀਤਾ ਹੈ। ਆਗੂਆ ਨੇ ਕਿਹਾ ਕਿ ਇਸ ਐਲਾਨ ਤੋਂ ਬਾਅਦ ਹੁਣ ਕਾਰਡ ਧਾਰਕ ਲਾਭਪਾਤਰੀਆਂ ਨੂੰ ਘਰ ਬੈਠੇ ਰਾਸ਼ਨ ਮੁਹਈਆ ਹੋਵੇਗਾ, ਜਦੋ ਕਿ ਉਹਨਾਂ ਨੂੰ ਰਾਸਨ ਲੈਣ ਲਈ ਹੁੰਦੀ ਖੱਜਲ ਖੁਆਰੀ ਅਤੇ ਆਪਣੀ ਦਿਹਾੜੀ ਵੀ ਨਹੀਂ ਛੱਡਣੀ ਪਵੇਗੀ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਪਿਛਲੇ ਦਿਨੀ ਲੱਖਾਂ ਕੱਟੇ ਹੋਏ ਰਾਸ਼ਨ ਕਾਰਡ ਬਹਾਲ ਕਰਕੇ ਲੋਕਾਂ ਨੂੰ ਇਸ ਸਕੀਮ ਦੇ ਘੇਰੇ ਵਿੱਚ ਲਿਆਂਦਾ ਹੈ ਜੋ ਹਰ ਵਿਅਕਤੀ ਇਸ ਸਕੀਮ ਦਾ ਲਾਹਾ ਲੈ ਸਕੇ।



# ਨਿਰਮਲ ਸਿੰਘ ਕਲੇਰ ਨੂੰ ਸਦਮਾ ਭਤੀਜੇ ਦਾ ਦੇਹਾਂਤ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ

ਧੂਰੀ ( ਰਣਜੀਤ ਸਿੰਘ ਪੇਧਨੀ ) ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਨਿਰਮਲ ਸਿੰਘ ਕਲੇਰ ਕਾਂਝਲਾ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ ਜਦੋਂ ਉਨਾਂ ਦੇ ਨੌਜਵਾਨ ਭਤੀਜੇ ਸ. ਜਗਰਾਜ ਸਿੰਘ ਕਲੇਰ ਪਰਿਵਾਰ ਨੂੰ ਅਚਾਨਕ ਸਦੀਵੀ ਵਿਛੋੜਾ ਦੇ ਗਏ ਹਨ। ਪਰਿਵਾਰ ਦੇ ਨਾਲ ਇਸ ਦੁੱਖ ਦੀ ਘੜੀ ਵਿੱਚ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਸ, ਸਿਮਰਨਜੀਤ ਸਿੰਘ ਮਾਨ ਮੈਂਬਰ ਪਾਰਲੀਮੈਂਟ ਹਲਕਾ ਸੰਗਰੂਰ,ਸ, ਇਮਾਨ ਸਿੰਘ ਮਾਨ ਕੌਮੀ ਆਗੂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ , ਸ, ਗੋਬਿੰਦ ਸਿੰਘ ਸੰਧੂ ਜਥੇਬੰਦਕ ਸਕੱਤਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ , ਸ, ਗੁਰਨੈਬ ਸਿੰਘ ਰਾਮਪੁਰਾ ਸੀਨੀਅਰ ਆਗੂ ਸ਼੍ਰੋਮਣੀ ਅਕਾਲੀ ਦਲ ਮਾਨ, ਸ, ਹਰਦੇਵ ਸਿੰਘ ਪੱਪੂ ਕਲਿਆਣ ਜ਼ਿਲ੍ਹਾ ਪ੍ਰਧਾਨ ਮਲੇਰਕੋਟਲਾ, ਮਾਸਟਰ ਕਰਨੈਲ ਸਿੰਘ ਨਾਰੀਕੇ ਸੀਨੀਅਰ ਆਗੂ ਅਕਾਲੀ ਦਲ ਮਾਨ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਨਰਿੰਦਰ ਸਿੰਘ ਕਾਲਾਬੂਲਾ, ਸ, ਸਾਧੂ ਸਿੰਘ ਪੇਧਨੀ ਸੀਨੀਅਰ ਆਗੂਆਂ ਅਕਾਲੀ ਦਲ ਮਾਨ, ਸ, ਹਰਬੰਸ ਸਿੰਘ ਸਲੇਮਪੁਰ ਸੀਨੀਅਰ ਆਗੂ ਅਕਾਲੀ ਦਲ ਮਾਨ, ਅਮਰਜੀਤ ਸਿੰਘ ਬਾਦਸਾਹਪੁਰ ਸੀਨੀਅਰ ਆਗੂਆਂ ਅਕਾਲੀ ਦਲ ਅੰਮ੍ਰਿਤਸਰ, ਸ, ਮਨਜੀਤ ਸਿੰਘ ਧਾਮੀ ਸੀਨੀਅਰ ਆਗੂ ਮਾਨ ਦਲ, ਸ, ਕੁਲਦੀਪ ਸਿੰਘ ਸੁਲਤਾਨਪੁਰ ਸੀਨੀਅਰ ਆਗੂ ਅਕਾਲੀ ਦਲ ਮਾਨ, ਸ, ਜਗਤਾਰ ਸਿੰਘ ਖੇੜੀ ਸਟੇਟ ਕਮੇਟੀ ਮੈਂਬਰ ਅਕਾਲੀ ਦਲ ਮਾਨ, ਅਮਰੀਕ ਸਿੰਘ ਕਿਲਾ ਹਕੀਮਾ ਨੌਜਵਾਨ ਯੂਥ ਆਗੂ ਅਕਾਲੀ ਦਲ ਮਾਨ , ਜਸਬੀਰ ਸਿੰਘ ਧੰਦੀਵਾਲ ਨੌਜਵਾਨ ਆਗੂ ਯੂਥ ਵਿੰਗ, ਗੁਰਪ੍ਰੀਤ ਸਿੰਘ ਮੂਲੋਵਾਲ, ਗੁਰਵਿੰਦਰ ਸਿੰਘ ਧੰਦੀਵਾਲ, ਦੀਦਾਰ ਸਿੰਘ ਕਾਂਝਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਿੰਡ ਕਾਂਝਲਾ, ਹਰਮਿੰਦਰ ਸਿੰਘ ਲਾਲੀ ਧੂਰੀ ਆਦਿ ਆਗੂਆਂ ਨੇ ਜਿਥੇ ਪਰਿਵਾਰ ਦੇ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਉਥੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਪਿਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਕਿਸਾਨ ਜਥੇਬੰਦੀਆਂ ਵੱਲੋਂ ਸ੍ਰੀ ਹਰਗੋਬਿੰਦਪੁਰ ਲਾਈਟਾਂ ਵਾਲੇ ਚੌਕ ਵਿਖੇ ਦਿੱਤਾ ਧਰਨਾ

# ਕੇਂਦਰ ਸਰਕਾਰ ਖਿਲਾਫ ਕੀਤਾ ਰੋਸ ਪ੍ਰਦਰਸ਼ਨ





**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 16 ਫ਼ਰਵਰੀ (ਕੁਲਜੀਤ ਸਿੰਘ ਖੋਖਰ)**-ਕੇਂਦਰ ਸਰਕਾਰ ਵਲੋਂ ਮੰਗਾਂ ਲਾਗੂ ਨਾ ਕਰਨ ਦੇ ਵਿਰੋਧ 'ਚ ਸੰਯੁਕਤ ਕਿਸਾਨ ਮੋਰਚੇ ਵਲੋਂ ਭਾਰਤ ਬੰਦ ਦੇ ਦਿੱਤੇ ਗਏ ਸੱਦੇ 'ਤੇ ਹਰਚੋਵਾਲ ਤੋਂ ਸ਼੍ਰੀ ਹਰਗੋਬਿੰਦਪੁਰ ਸਾਹਿਬ ਲਾਈਟਾਂ ਵਾਲਾ ਚੌਂਕ ਟਾਂਡਾ ਰੋਡ ਤੇ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਕਿਸਾਨ ਆਗੂਆਂ ਤੇ ਕਿਸਾਨਾਂ ਦੇ ਵੱਲੋਂ ਧਰਨਾ ਲਗਾ ਕੇ ਸ਼ਾਂਤਮਈ ਢੰਗ ਦੇ ਨਾਲ ਕੇਂਦਰ ਸਰਕਾਰ ਦੇ ਖਿਲਾਫ ਜੰਮ ਕੇ ਰੋਸ ਪ੍ਰਦਰਸ਼ਨ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਿਸਾਨ ਮਜ਼ਦੂਰ ਨੌਜਵਾਨ ਏਕਤਾ ਪੰਜਾਬ ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਅਤੇ ਟਰੇਡ ਯੂਨੀਅਨ ਯੂਨੀਅਨਾਂ ਵਲੋਂ ਕਿਸਾਨੀ ਮੰਗਾ ਦੇ ਸੰਬੰਧ ਵਿਚ ਦਿੱਤੇ ਗਏ ਭਾਰਤ ਬੰਦ ਦੇ ਸੱਦੇ 'ਤੇ ਜਿੱਥੇ ਵੱਖ ਵੱਖ ਥਾਵਾਂ ਤੇ ਕਿਸਾਨ ਜਥੇਬੰਦੀਆਂ ਦੇ ਵੱਲੋਂ ਧਰਨੇ ਲਗਾ ਕੇ ਸ਼ਾਂਤਮਈ ਢੰਗ ਦੇ ਨਾਲ ਕੇਂਦਰ ਸਰਕਾਰ ਅਤੇ ਖੱਟਰ ਸਰਕਾਰ ਦੇ ਖਿਲਾਫ ਭਾਰੀ ਰੋਸ ਜਤਾਏ ਜਾ ਰਹੇ ਹਨ ਜਿਸ ਤੇ ਚਲਦਿਆਂ ਅੱਜ ਲਾਈਟਾਂ ਵਾਲਾ ਚੌਂਕ ਵਿਖੇ ਵੀ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਵੱਲੋਂ ਧਰਨਾ ਲਗਾ ਕੇ ਰੋਸ ਪ੍ਰਦਰਸ਼ਨ ਕੀਤੇ ਗਏ।ਇਸ ਦੌਰਾਨ ਇਕੱਤਰ ਹੋਏ ਕਿਸਾਨ ਆਗੂਆਂ ਦੇ ਵੱਲੋਂ ਮੰਗ ਕੀਤੀ ਗਈ ਕਿ ਕੇਂਦਰ ਸਰਕਾਰ ਨੂੰ ਕਿਸਾਨਾਂ ਦੀਆ ਮੰਗਾਂ ਮੰਨ ਲੈਣੀਆਂ ਚਾਹੀਦੀਆਂ ਹਨ। ਇਸ ਦੌਰਾਨ ਸ਼ੰਭੂ ਬਾਰਡਰ ਤੇ ਸ਼ਹੀਦ ਹੋਏ ਪਿੰਡ ਚਾਚੋਕੀ ਦੇ ਕਿਸਾਨ ਗਿਆਨ ਸਿੰਘ ਪੁੱਤਰ ਗੁੱਜਰ ਸਿੰਘ ਦੀ ਮੌਤ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਪਰਿਵਾਰ ਦੇ ਨਾਲ ਦੁੱਖ ਜਾਹਿਰ ਕੀਤਾ। ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਵੱਲੋਂ ਅਤੇ ਖੱਟਰ ਸਰਕਾਰ ਦੇ ਵੱਲੋਂ ਜੋ ਸ਼ੰਭੂ ਬਾਰਡਰ ਦੇ ਉੱਪਰ ਕਿਸਾਨਾਂ ਦੇ ਉੱਪਰ ਭਾਰੀ ਤਸ਼ੱਦਦ ਢਾਏ ਗਏ ਹਨ। ਉਹ ਬਹੁਤ ਹੀ ਨਿੰਦਨਯੋਗ ਹਨ। ਕਿਉਂਕਿ ਲੋਕਤੰਤਰ ਦੇ ਵਿੱਚ ਰਹਿ ਕੇ ਹਰੇਕ ਇਨਸਾਨ ਦਾ ਫਰਜ਼ ਬਣਦਾ ਹੈ ਕਿ ਉਹ ਆਪਣਾ ਰੋਸ਼ ਜਾਹਿਰ ਕਰ ਸਕਦਾ ਪਰ ਕਿਸਾਨਾਂ ਦੇ ਵੱਲੋਂ ਜੋ ਰੋਸ ਜਾਹਿਰ ਕੀਤੇ ਜਾ ਰਹੇ ਹਨ ਉਹਨਾਂ ਨੂੰ ਰੋਕਣ ਦੇ ਲਈ ਕੇਂਦਰ ਸਰਕਾਰ ਵੱਖ ਵੱਖ ਤਰਹਾਂ ਦੇ ਹੱਥਕੰਡੇ ਵਰਤ ਰਹੀ ਹੈ ਪਰ ਕਿਸਾਨ ਜਥੇਬੰਦੀਆਂ ਕਿਸੇ ਵੀ ਕੀਮਤ ਤੇ ਪਿੱਛੇ ਨਹੀਂ ਹਟਣਗੀਆਂ ਉਹਨਾਂ ਨੇ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਕਿਸਾਨਾਂ ਦੀਆਂ ਜੋ ਵੀ ਮੰਗਾਂ ਹਨ ਉਹਨਾਂ ਨੂੰ ਜਲਦ ਤੋਂ ਜਲਦ ਪੂਰਾ ਕੀਤਾ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਿਸਾਨ ਆਗੂ ਬਾਬਾ ਸੀਤਲ ਸਿੰਘ ਢਪਈ, ਹਰਵਿੰਦਰ ਸਿੰਘ ਖਜਾਲਾ, ਡਾ. ਗੁਰਦੀਪ ਸਿੰਘ ਭੰਡਾਲ, ਅਵਤਾਰ ਸਿੰਘ ਸੇਖੋਂ, ਸ਼ੇਰੇ ਪੰਜਾਬ ਕਾਹਲੋਂ, ਵਿੱਕੀ ਜੈਂਨਪੁਰ, ਪਰਮਜੀਤ ਜੱਬੋਵਾਲ, ਮੰਗਲ ਸਿੰਘ ਧੀਰਾ, ਜੰਗਜੀਵਨ ਸਿੰਘ ਰਾਈਆਂ ਵਾਲੀ, ਰਾਜਬੀਰ ਸਿੰਘ ਸਖੋਵਾਲ, ਡਾ. ਇੰਦਰਜੀਤ ਸਿੰਘ, ਗੁਰਮੀਤ ਸੰਧੂ, ਗੁਰਵੇਲ ਢੰਡੇ ਸੋਨੂ ਬਰਿਆਰ, ਲਵ ਜੋਤੀ ਬਰਿਆਰ, ਬਿਕਰਮਜੀਤ ਛੀਨੇ ਵੀਰਾਂ, ਗੁਰਵਿੰਦਰ ਛੀਨੇ ਵੀਰਾ, ਸ਼ਾਮ ਮਨੇਸ, ਨਿਰਮਲ ਸਿੰਘ ਨਿਮਾ, ਲਾਡੀ ਕਲੇਰ, ਮੁਖਤਿਆਰ ਸਿੰਘ ਕੋਹਾਲੀ, ਬਲਦੇਵ ਦਹੀਆ, ਚਰਨਜੀਤ ਸਿੰਘ ਫੌਜੀ ਚੌਧਰੀਵਾਲ, ਦਰਸ਼ਨ ਪ੍ਰਧਾਨ ਬਟਾਲਾ ਆਦਿ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਕਿਸਾਨ ਆਗੂ ਹਾਜ਼ਰ ਸਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਦੀਆਂ ਵੋਟਾਂ ਬਣਾਉਣ ਲਈ ਜ਼ਿਲ੍ਹੇ 'ਚ 17 ਤੇ 18 ਫਰਵਰੀ ਨੂੰ ਲੱਗਣਗੇ ਵਿਸ਼ੇਸ਼ ਕੈਂਪ : ਡਿਪਟੀ ਕਮਿਸ਼ਨਰ

# ਡਿਪਟੀ ਕਮਿਸ਼ਨਰ ਨੇ ਯੋਗ ਵੋਟਰਾਂ ਨੂੰ ਵੋਟ ਬਣਵਾਉਣ ਦੀ ਅਪੀਲ

**ਸ੍ਰੀ ਹਰਗੋਬਿੰਦਪੁਰ ਸਾਹਿਬ, 16 ਫ਼ਰਵਰੀ (ਕੁਲਜੀਤ ਸਿੰਘ ਖੋਖਰ)**-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਕਮਿਸ਼ਨਰ ਗੁਰਦੁਆਰਾ ਚੋਣਾਂ ਪੰਜਾਬ ਵੱਲੋਂ ਜਾਰੀ ਕੀਤੇ ਗਏ ਪ੍ਰੋਗਰਾਮ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਦੀਆਂ ਚੋਣਾਂ ਲਈ ਵੋਟਾਂ ਬਣਾਉਣ ਦਾ ਕੰਮ ਮਿਤੀ 29 ਫਰਵਰੀ, 2024 ਤੱਕ ਮੁਕੰਮਲ ਕੀਤਾ ਜਾਣਾ ਹੈ ਅਤੇ ਇਸ ਸਬੰਧੀ ਸਪੈਸ਼ਲ ਕੈਂਪ ਲਗਾ ਕੇ ਯੋਗ ਵੋਟਰਾਂ ਦੀਆਂ ਵੋਟਾਂ ਬਣਾਈਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿਚ ਮਿਤੀ 17 ਅਤੇ 18 (ਸ਼ਨੀਵਾਰ ਅਤੇ ਐਤਵਾਰ) ਨੂੰ ਸਵੇਰੇ 10.00 ਵਜੇ ਤੋਂ ਸ਼ਾਮ 5.00 ਵਜੇ ਤੱਕ ਸਪੈਸ਼ਲ ਕੈਂਪ ਲਗਾਏ ਜਾਣਗੇ, ਜਿਸ ਵਿਚ ਪਟਵਾਰੀਆਂ ਅਤੇ ਬੀ.ਐਲ.ਓਜ਼. ਵੱਲੋਂ ਆਪਣੇ ਏਰੀਏ ਵਿਚ ਡੋਰ ਟੂ ਡੋਰ ਜਾ ਕੇ ਯੋਗ ਬਿਨੈਕਾਰਾਂ ਪਾਸੋਂ ਫਾਰਮ ਪ੍ਰਾਪਤ ਕੀਤੇ ਜਾਣਗੇ। ਇਸ ਤੋਂ ਇਲਾਵਾ ਮਿਤੀ 24, 25 ਅਤੇ 29 ਫਰਵਰੀ 2024 ਨੂੰ ਵੀ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਦੇ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਜਿੰਨਾ ਵਿਅਕਤੀਆਂ ਦੀਆਂ ਹਾਲੇ ਤੱਕ ਵੋਟਾਂ ਨਹੀਂ ਬਣੀਆਂ, ਉਹ ਸਪੈਸ਼ਲ ਕੈਂਪਾਂ ਦੌਰਾਨ ਫਾਰਮ ਭਰ ਕੇ ਆਪਣੀਆਂ ਵੋਟਾਂ ਜ਼ਰੂਰ ਬਣਵਾ ਲੈਣ। ਉਨ੍ਹਾਂ ਕਿਹਾ ਕਿ ਵੋਟਾਂ ਬਣਾਉਣ ਦੀ ਆਖ਼ਰੀ ਮਿਤੀ 29 ਫਰਵਰੀ, 2024 ਤੱਕ ਹੈ। ਉਨ੍ਹਾਂ ਕਿਹਾ ਕਿ ਵੋਟਾਂ ਬਣਾਉਣ ਸਬੰਧੀ ਕੋਈ ਵੀ ਜਾਣਕਾਰੀ ਲੈਣ ਜਾਂ ਮੁਸ਼ਕਲ ਆਉਣ 'ਤੇ ਜ਼ਿਲ੍ਹਾ ਪ੍ਰਸ਼ਾਸਨ ਤੇ ਹੈਲਪ ਲਾਈਨ ਨੰਬਰ 1800-180-1852 ਜਾਂ ਚੋਣ ਕਮਿਸ਼ਨ ਦੇ ਹੈਲਪ ਲਾਈਨ ਨੰਬਰ 1950 ਉੱਪਰ ਸੰਪਰਕ ਕੀਤਾ ਜਾ ਸਕਦਾ ਹੈ।, 16 ਫਰਵਰੀ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਕਮਿਸ਼ਨਰ ਗੁਰਦੁਆਰਾ ਚੋਣਾਂ ਪੰਜਾਬ ਵੱਲੋਂ ਜਾਰੀ ਕੀਤੇ ਗਏ ਪ੍ਰੋਗਰਾਮ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਦੀਆਂ ਚੋਣਾਂ ਲਈ ਵੋਟਾਂ ਬਣਾਉਣ ਦਾ ਕੰਮ ਮਿਤੀ 29 ਫਰਵਰੀ, 2024 ਤੱਕ ਮੁਕੰਮਲ ਕੀਤਾ ਜਾਣਾ ਹੈ ਅਤੇ ਇਸ



ਸਬੰਧੀ ਸਪੈਸ਼ਲ ਕੈਂਪ ਲਗਾ ਕੇ ਯੋਗ ਵੋਟਰਾਂ ਦੀਆਂ ਵੋਟਾਂ ਬਣਾਈਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿਚ ਮਿਤੀ 17 ਅਤੇ 18 (ਸ਼ਨੀਵਾਰ ਅਤੇ ਐਤਵਾਰ) ਨੂੰ ਸਵੇਰੇ 10.00 ਵਜੇ ਤੋਂ ਸ਼ਾਮ 5.00 ਵਜੇ ਤੱਕ ਸਪੈਸ਼ਲ ਕੈਂਪ ਲਗਾਏ ਜਾਣਗੇ, ਜਿਸ ਵਿਚ ਪਟਵਾਰੀਆਂ ਅਤੇ ਬੀ.ਐਲ.ਓਜ਼. ਵੱਲੋਂ ਆਪਣੇ ਏਰੀਏ ਵਿਚ ਡੋਰ ਟੂ ਡੋਰ ਜਾ ਕੇ ਯੋਗ ਬਿਨੈਕਾਰਾਂ ਪਾਸੋਂ ਫਾਰਮ ਪ੍ਰਾਪਤ ਕੀਤੇ ਜਾਣਗੇ। ਇਸ ਤੋਂ ਇਲਾਵਾ ਮਿਤੀ 24, 25 ਅਤੇ 29 ਫਰਵਰੀ 2024 ਨੂੰ ਵੀ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਦੇ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਜਿੰਨਾ ਵਿਅਕਤੀਆਂ ਦੀਆਂ ਹਾਲੇ ਤੱਕ ਵੋਟਾਂ ਨਹੀਂ ਬਣੀਆਂ, ਉਹ ਸਪੈਸ਼ਲ ਕੈਂਪਾਂ ਦੌਰਾਨ ਫਾਰਮ ਭਰ ਕੇ ਆਪਣੀਆਂ ਵੋਟਾਂ ਜ਼ਰੂਰ ਬਣਵਾ ਲੈਣ। ਉਨ੍ਹਾਂ ਕਿਹਾ ਕਿ ਵੋਟਾਂ ਬਣਾਉਣ ਦੀ ਆਖ਼ਰੀ ਮਿਤੀ 29 ਫਰਵਰੀ, 2024 ਤੱਕ ਹੈ। ਉਨ੍ਹਾਂ ਕਿਹਾ ਕਿ ਵੋਟਾਂ ਬਣਾਉਣ ਸਬੰਧੀ ਕੋਈ ਵੀ ਜਾਣਕਾਰੀ ਲੈਣ ਜਾਂ ਮੁਸ਼ਕਲ ਆਉਣ 'ਤੇ ਜ਼ਿਲ੍ਹਾ ਪ੍ਰਸ਼ਾਸਨ ਤੇ ਹੈਲਪ ਲਾਈਨ ਨੰਬਰ 1800-180-1852 ਜਾਂ ਚੋਣ ਕਮਿਸ਼ਨ ਦੇ ਹੈਲਪ ਲਾਈਨ ਨੰਬਰ 1950 ਉੱਪਰ ਸੰਪਰਕ ਕੀਤਾ ਜਾ ਸਕਦਾ ਹੈ।

## ਕਿਸਾਨਾਂ 'ਤੇ ਪਾਬੰਦੀ ਸ਼ੁਦਾ ਪੈਲੇਟ ਗੰਨਾਂ ਦਾ ਪ੍ਰਯੋਗ ਕਰਕੇ ਸਰਕਾਰਾਂ ਵਲੋਂ ਮਨੁੱਖੀ ਅਧਿਕਾਰਾਂ ਤੇ ਸੰਵਿਧਾਨਕ ਹੱਕਾਂ ਦੀ ਉਲੰਘਣਾ: ਸਰਨਾ/ਬੀਬੀ ਰਣਜੀਤ ਕੌਰ

### ਸੋਸ਼ਲ ਮੀਡੀਆ ਤੇ ਖਾਤੇ ਬੰਦ ਕਰਕੇ ਨਹੀਂ ਦੱਬੇਗੀ ਜਬਰ ਜ਼ੁਲਮ ਵਿਰੁੱਧ ਚੁੱਕੀ ਜਾ ਰਹੀ ਆਵਾਜ਼



ਨਵੀਂ ਦਿੱਲੀ 16 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-ਦਿਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ 'ਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਅਤੇ ਅਕਾਲੀ ਦਲ ਦਿੱਲੀ ਇਕਾਈ ਦੇ ਇਸਤਰੀ ਵਿੰਗ ਦੇ ਮੁੱਖ ਸੇਵਾਦਾਰ ਬੀਬੀ ਰਣਜੀਤ ਕੌਰ ਨੇ ਕਿਸਾਨੀ ਸੰਘਰਸ਼ ਦੀ ਹਮਾਇਤ ਕਰਦਿਆਂ ਕਿਹਾ ਕਿ ਰਾਜਧਾਨੀ ਦਿੱਲੀ ਤੋਂ ਮਹਿਜ਼ ਕੁਝ ਸੋ ਕਿਲੋਮੀਟਰ ਦੂਰ ਹਰਿਆਣਾ-ਪੰਜਾਬ ਦੀ ਸ਼ੰਭੂ ਸਰਹੱਦ ਖਟੜ ਸਰਕਾਰ ਸੱਤਾ ਦੇ ਹੰਕਾਰ ਕਾਰਨ ਕਿਸਾਨਾਂ ਦੇ ਤਿੱਖੇ ਸੰਘਰਸ਼ ਦੀ ਗਵਾਹ ਬਣ ਰਹੀ ਹੈ ਤੇ ਡਰੋਨਾਂ, ਮਿਰਚੀ ਬੰਬਾਂ, ਸਮੋਕ ਬੰਬਾਂ ਤੇ ਹੈ। ਉਨ੍ਹਾਂ ਕਿਹਾ ਕਿ ਇਹ ਹਥਿਆਰ ਕਸ਼ਮੀਰ ਵਿਚ ਅੱਤਵਾਦੀ ਤੇ ਹਿੰਸਕ ਲਹਿਰ ਨੂੰ ਕੁਚਲਣ ਲਈ ਵਰਤੇ ਸਨ ਜਦਕਿ ਪੰਜਾਬ ਦੀ ਕਿਸਾਨੀ ਲਹਿਰ ਜਨਤਕ ਸ਼ਾਤਮਈ ਲਹਿਰ ਹੈ ਉਨ੍ਹਾਂ ਕਿਹਾ ਕਿ ਅੰਤਰਰਾਸ਼ਟਰੀ ਪੱਧਰ 'ਤੇ ਜੰਗਾਂ 'ਚ ਮਨੁੱਖ ਰਹਿਤ ਜਹਾਜ਼ਾਂ ਦੀ ਵੱਡੇ ਪੱਧਰ 'ਤੇ ਵਰਤੋਂ ਕੀਤੀ ਜਾ ਰਹੀ ਹੈ ਤੇ ਦਿਲੀ ਜਾਣ ਤੋਂ ਗੈਰ ਕਨੂੰਨੀ ਢੰਗ ਨਾਲ ਰੋਕਿਆ ਜਾ ਰਿਹਾ ਹੈ। ਇਨ੍ਹਾਂ ਸਭ 'ਚ ਫੌਜ ਵੱਲੋਂ ਡਰੋਨ ਜਹਾਜ਼ਾਂ ਦੀ ਵਰਤੋਂ ਕੀਤੀ ਜਾ ਰਹੀ ਹੈ। ਪਰ ਭਾਰਤ 'ਚ ਵਿਰੋਧ ਪ੍ਰਦਰਸ਼ਨ 'ਤੇ ਅਧਿਕਾਰਤ ਤੌਰ 'ਤੇ ਡਰੋਨ ਹਮਲਾ ਕਰਨ ਵਾਲਾ ਹਰਿਆਣਾ ਪਹਿਲਾ ਸੂਬਾ ਬਣ ਗਿਆ ਹੈ। ਉਨ੍ਹਾਂ ਹਰਿਆਣਾ ਸਰਕਾਰ ਤੋਂ ਪੁਛਿਆ ਕਿ ਕੀ ਕੋਈ ਪੁਲਿਸ, ਅਰਧ ਸੈਨਿਕ ਬਲ ਜਾਂ ਫੌਜ ਸਾਡੇ ਆਪਣੇ ਦੇਸ਼ ਦੀ ਕਿਸੇ ਸਟੇਟ ਵਿੱਚ ਲੋਕ ਲਹਿਰ ਉਪਰ ਹਵਾਈ ਹਮਲੇ ਕਰ ਸਕਦੀ ਹੈ? ਉਨਾਂ ਕਿਹਾ ਕਿ ਹਰਿਆਣਾ ਸਰਕਾਰ ਵਲੋਂ ਲੋਹੇ ਦੀਆਂ ਤਿਖੀਆਂ ਰਾਡਾਂ, ਬੈਰੀਕੇਡਾਂ ਅਤੇ ਕੰਕਰੀਟ ਦੀਆਂ ਕੰਧਾਂ ਬਣਾ ਕੇ ਹਾਈਵੇਅ ਨੂੰ ਬੰਦ ਕਰਨਾ ਸੰਵਿਧਾਨਕ ਉਲੰਘਣਾ ਹੈ ਤੇ ਲੋਕਾਂ ਤੋਂ ਅਜਾਦੀ ਦਾ ਅਧਿਕਾਰ ਖੋਹਣਾ ਹੈ। ਉਨ੍ਹਾਂ ਸੋਸ਼ਲ ਮੀਡੀਆ ਦੇ ਬੰਦ ਕੀਤੇ ਜਾ ਰਹੇ ਖਾਤਿਆਂ ਬਾਰੇ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਸੋਸ਼ਲ ਮੀਡੀਆ ਤੇ ਖਾਤੇ ਬੰਦ ਕਰਕੇ ਜਬਰ ਜ਼ੁਲਮ ਵਿਰੁੱਧ ਚੁੱਕੀ ਜਾ ਰਹੀ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕਦਾ ਹੈ ਇਹ ਇਕ ਅਨਐਲਾਣੀ ਬੋਲਣ ਲਿਖਣ ਦੀ ਮਿਲੀ ਹੋਈ ਆਜ਼ਾਦੀ ਦੀ ਸਵਿਧਾਨ ਦੀ ਉਲੰਘਣਾ ਹੈ ਜਿਸ ਵਿਰੁੱਧ ਅਸੀ ਕਾਰਵਾਈ ਕਰਾਂਗੇ।

## ਹਰਚੋਵਾਲ ਦੇ ਆਸ ਪਾਸ ਏਰੀਏ ਪੂਰਨ ਤੌਰ ਤੇ ਬੰਦ ਰਿਹਾ





**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 16 ਫਰਵਰੀ (ਕੁਲਜੀਤ ਸਿੰਘ ਖੋਖਰ)**-ਕਿਸਾਨ ਜਥੇਬੰਦੀਆਂ ਵੱਲੋਂ ਅੱਜ ਭਾਰਤ ਬੰਦ ਦਾ ਐਲਾਨ ਕੀਤਾ ਗਿਆ ਹੈ। ਬੰਦ ਤਹਿਤ ਅੱਜ ਕਸਬਾ ਹਰਚੋਵਾਲ, ਤੁਗਲਵਾਲ, ਕੋਟ, ਘੋੜੇਵਾਹ ਅੱਡਾ, ਅੱਡਾ ਡੱਲਾ ਮੋੜ, ਕਾਹਲਵਾਂ, ਦੇ ਆਸ ਪਾਸ ਦੇ ਏਰੀਏ ਦੀਆਂ ਦੁਕਾਨਾਂ ਤੇ ਪਟਰੋਲ ਪੰਪ ਸਨਅਤਾਂ ਅਤੇ ਆਵਾਜਾਈ ਦੇ ਮੁੱਖ ਸਾਧਨ ਬੱਸਾਂ ਬੰਦ ਰਹੀਆਂ। ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਅਤੇ ਸ਼ੋਮਣੀ ਅਕਾਲੀ ਦਲ ਦੇ ਆਗੂ ਭਾਈ ਗਗਨਦੀਪ ਸਿੰਘ ਰਿਆੜ, ਜਥੇਦਾਰ ਰਣਜੀਤ ਸਿੰਘ ਪੂਹਲਾ, ਸੈਕਟਰੀ ਬਲਵਿੰਦਰ ਸਿੰਘ, ਨੇ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਅਤੇ ਡਰਾਈਵਰਾਂ ਵਿਰੁੱਧ ਜਾਰੀ ਕੀਤੇ ਗਏ ਕਾਨੂੰਨਾਂ ਨੂੰ ਪੂਰੀ ਤਰ੍ਹਾਂ ਗਲਤ ਦੱਸਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਪਰਿੰਗ ਫੀਲਡ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ

# ਰੰਗਾਰੰਗ ਪ੍ਰੋਗਰਾਮ ਪੇਸ਼ ਕਰਕੇ ਸਾਰਿਆਂ ਦਾ ਮਨ ਮੋਹਿਆ



**ਅੰਮ੍ਰਿਤਸਰ, 15 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਪਰਿੰਗ ਫੀਲਡ ਪਬਲਿਕ ਸਕੂਲ ਦੀ 25ਵੀਂ ਵਰ੍ਹੇਗੰਢ ਬੜੀ ਧੂਮਧਾਮ ਨਾਲ ਮਨਾਈ ਗਈ। ਇਸ ਮੌਕੇ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ ਅਤੇ ਮੈਨੇਜਿੰਗ ਡਾਇਰੈਕਟਰ ਬਲਬੀਰ ਸਿੰਘ ਚਮਕ ਨੇ ਬੱਚਿਆਂ ਨੂੰ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ ਗਿਆ ਸਕੂਲ ਦੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ।ਬੱਚਿਆਂ ਨੇ ਇਸ ਸੰਸਥਾ ਰਾਹੀਂ ਬੱਚਿਆਂ ਨੂੰ ਪਿਆਰ ਅਤੇ ਉਚੇਰੀ ਸਿੱਖਿਆ ਦੇਣ ਲਈ ਸਕੂਲ ਪ੍ਰਿੰਸੀਪਲ ਤੇਜਿੰਦਰ ਮਲਹੋਤਰਾ ਦਾ ਧੰਨਵਾਦ ਕੀਤਾ ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਬੀਰ ਸਿੰਘ ਚਮਕ ਅਤੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

### ਬੰਦ ਦੀ ਕਾਲ ਦੌਰਾਨ ਨਿਜਰਪੁਰਾ ਟੋਲ ਪਲਾਜਾ

# ਸੰਪੂਰਨ ਤੌਰ ’ਤੇ ਕਰਵਾਇਆ ਗਿਆ ਬੰਦ



**ਚੌਕ ਮਹਿਤਾ, 16 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਨਿੱਜਰਪੁਰਾ ਟੋਲ ਪਲਾਜ਼ਾ ’,ਤੇ ਅਜ਼ਾਦ ਕਿਸਾਨ ਸੰਘਰਸ਼ ਕਮੇਟੀ ਨੂੰ ਜਿਹੜੀ ਕਿਸਾਨਾਂ ਵੱਲੋਂ ਬੰਦ ਦੀ ਕਾਲ ਦਿੱਤੀ ਗਈ ਸੀ ਉਹਦੇ ਉੱਪਰ ਪਹਿਰਾ ਦਿੰਦੇ ਹੋਏ ਦਬੰਗ ਕਿਸਾਨ ਆਗੂ ਹਰਜੀਤ ਸਿੰਘ ਝੀਤਾ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨ ਅਤੇ ਕਿਸਾਨ ਆਗੂਆਂ ਨੇ ਰੋਸ ਵਜੋਂ ਸੱਭ ਤੋਂ ਪਹਿਲਾਂ ਨੈਸ਼ਨਲ ਹਾਈਵੇ ਰੋਡ ’,ਤੇ ਸਥਿਤ ਅੱਡਾ ਮਾਨਾ ਵਾਲਾ ਕਲਾ ਮਾਰਕੀਟ ਨੂੰ ਅਤੇ ਐਚ,ਡੀ,ਐਫ,ਸੀ ਬੈਂਕ ਨੂੰ ਬੰਦ ਕਰਵਾਇਆ ।ਜਿੱਥੇ ਉਹਨਾਂ ਨੇ ਕਿਹਾ ਕਿ ਅਸੀਂ ਸਵੇਰ ਤੋਂ ਹੀ ਵੱਖ ਵੱਖ ਇਲਾਕੇਆਂ ਵਿੱਚ ਬੰਦ ਦੀ ਕਾਲ ਦੌਰਾਨ ਪਹੁੰਚੇ ਸਾ ਜਿੱਥੇ ਸਾਨੂੰ ਅੱਡਾ ਮਾਰਕੀਟਾਂ ਵੱਲੋਂ ਪੂਰਾ ਪੂਰਾ ਸਹਿਯੋਗ ਮਿਲਿਆ ਹੈ ਜਿਨ੍ਹਾ ਦੇ ਅਸੀ ਦਿਲੋ ਧੰਨਵਾਦੀ ਹਾਂ ਉੱਥੇ ਹੀ ਅਟਾਰੀ ਹਲਕੇ ਦੇ ਆਗੂ ਦਿਲਬਾਗ ਸਿੰਘ ਰਾਜੇਵਾਲਾ ਵੱਲੋ ਕਿਸਾਨਾਂ ਮਜਦੂਰਾਂ ਦਾ ਵੱਡਾ ਇਕੱਠ ਕੀਤਾ ਗਿਆ ਜਿੱਥੇ ਉਹਨਾਂ ਨੇ ਸਵੇਰੇ 10 ਵਜੇ ਤੋ ਲੈ ਕੇ ਸ਼ਾਮ 4 ਵਜੇ ਤੱਕ ਨਿਜਰ ਟੋਲ ਪਲਾਜਾ ਨੂੰ ਸੰਪੂਰਨ ਤੋਰ ਤੇ ਬੰਦ ਕਰਵਾਇਆ ।ਇਸ ਮੌਕੇ ਦਿਲਬਾਗ ਸਿੰਘ ਨੇ ਦੱਸਿਆ ਕਿ ਸਾਡੇ ਕਿਸਾਨ ਭਰਾਵਾਂ ਨਾਲ ਜੋ ਵਤੀਰਾ ਮੋਦੀ ਸਰਕਾਰ ਵੱਲੋਂ ਅਤੇ ਹਰਿਆਣਾ ਸਰਕਾਰ ਵੱਲੋਂ ਵਰਤਿਆ ਜਾ ਰਿਹਾ ਹੈ ਇਸ ਦਾ ਖਮਿਆਜਾ ਭਵਿੱਖ ਵਿਚ ਸਰਕਾਰ ਨੂੰ ਜਰੂਰ ਭੁਗਤਣਾ ਪਵੇਗਾ ਉਹਨਾਂ ਕਿਹਾ ਕਿ ਭਾਵੇਂ ਹਰਿਆਣਾ ਸਰਕਾਰ ਵੱਲੋਂ ਸਾਡੇ ਨੌਜਵਾਨਾਂ ਉੱਪਰ ਅੱਥਰੂ ਗੈਸ ਦੇ ਗੋਲੇ ,ਪੱਥਰਬਾਜੀ, ਵਾਟਰ ਟੈਂਕ ਅਤੇ ਸ਼ਰੇਆਮ ਗੋਲੀਆਂ ਚਲਾ ਕੇ ਨੌਜਵਾਨਾਂ ਨੂੰ ਜ਼ਖਮੀ ਕੀਤਾ ਜਾ ਰਿਹਾ ਹੈ ਉੱਥੇ ਸਾਡੇ ਕੁਝ ਨੌਜਵਾਨ ਜ਼ਖਮੀ ਹੋਣ ਦੇ ਨਾਲ ਨਾਲ ਇਸ ਸੰਘਰਸ਼ ਵਿੱਚ ਸ਼ਹੀਦੀਆਂ ਵੀ ਪਾ ਗਏ ਹਨ ਪਰ ਅਸੀਂ ਡਰਨ ਵਾਲੇ ਨਹੀਂ ਜੇਕਰ ਅਸੀਂ ਪਿਛਲੇ ਬਾਡਰਾਂ ਨੂੰ ਦਲੇਰੀ ’ਤੇ ਹਿੰਮਤ ਨਾਲ ਪਾਰ ਕਰ ਗਏ ਹਾਂ ਤਾਂ ਇਹ ਬਾਡਰ ਵੀ ਪਾਰ ਕਰਨਾ ਕੋਈ ਵੱਡੀ ਗੱਲ ਨਹੀਂ ਅਸੀਂ ਗੋਲੀਆਂ ਦੇ ਡਰ ਤੋ ਪਿੱਛੇ ਹਟਣ ਵਾਲੇ ਨਹੀਂ ਹਾਂ ਸਾਡੇ ਨੌਜਵਾਨ ਆਪਣੀ ਖੇਤੀ ਨੂੰ ਬਚਾਉਣ ਲਈ ਕੱਫਣ ਬੰਨ ਕੇ ਹੀ ਘਰੋਂ ਤੁਰੇ ਸਨ ਜਿਨਾਂ ਦਾ ਜਜ਼ਬਾ ਅੱਜ ਮੋਦੀ ਸਰਕਾਰ ਨੇ ਦੇਖ ਲਿਆ ਹੈ ਉਹਨਾਂ ਕਿਹਾ ਕਿ ਇਹ ਕੌਮ ਸ੍ਰੀ ਕਲਗੀਧਰ ਪਾਤਸ਼ਾਹ ਜੀ ਦੀ ਸਮੁੱਚੀ ਕੌਮ ਵਿੱਚੋਂ ਨਿਕਲੀ ਹੋਈ ਕੌਮ ਹੈ ਜਿੱਥੇ ਸਾਡੇ ਲੱਖਾਂ ਸਿੰਘਾਂ ਨੇ ਸ਼ਹੀਦੀਆਂ ਪਾ ਕੇ ਆਪਣੇ ਹੱਕ ਪ੍ਰਾਪਤ ਕੀਤੇ ਸਨ ਉਸੇ ਤਰ੍ਹਾਂ ਅਸੀਂ ਆਪਣੇ ਹੱਕ ਲੈ ਕੇ ਹੀ ਵਾਪਸ ਪਰਤਾਂਗੇ ।ਜਿੰਨਾ ਵੀ ਘਟੀਆ ਕੰਮ ਸਰਕਾਰ ਨੇ ਸਾਡੇ ਕਿਸਾਨ, ਮਜ਼ਦੂਰ ਭਰਾਵਾ ਨਾਲ ਕਰਨਾ ਹੈ ਕਰ ਲਵੇ। ਇਸ ਮੌਕੇ ਬਾਰਡਰ ਤੋਂ ਜਾਇਜਾ ਲੈ ਕੇ ਵਾਪਸ ਪਰਤੇ ਕਿਸਾਨ ਆਗੂ ਮਨਦੀਪ ਸਿੰਘ ਮੰਨੂ ਨੇ ਉਥੋਂ ਦੇ ਨਾਜੁਕ ਹਲਾਤ ਬਿਆਨ ਕਰਦੇਆ ਦੱਸਿਆ ਕਿ ਹਰਿਆਣਾ ਸਰਕਾਰ ਵੱਲੋਂ ਸਾਡੇ ਨੌਜਵਾਨ ਭਰਾਵਾਂ ਤੇ ਸਿਧੀਆ ਗੋਲੀਆਂ, ਪੱਥਰਬਾਜੀ ਅਤੇ ਅਥਰੂ ਗੈਸ ਦੇ ਗੋਲੇ ਸੁੱਟੇ ਜਾ ਰਹੇ ਹਨ ਜਿਸ ਨਾਲ ਹਲਾਤ ਬਹੁਤ ਨਾਜੁਕ ਬਣੇ ਹੋਏ ਹਨ ਸਾਡੇ ਕਾਫੀ ਨੌਜਵਾਨ ਜਖਮੀ ਹੋਏ ਹਨ ’,ਤੇ ਸਰਕਾਰ ਮੂਕ ਦਰਸ਼ਕ ਬਣ ਕੇ ਤਮਾਸ਼ਾ ਦੇਖ਼ ਰਹੀ ਹੈ ਮਨਦੀਪ ਸਿੰਘ ਨੇ ਕਿਹਾ ਕਿ ਜੇਕਰ ਗੱਲ ਨੌਜਵਾਨਾਂ ਦੀ ਕਰੀਏ ਤਾਂ ਉਹਨਾਂ ਦਾ ਕਹਿਣਾ ਹੈ ਕਿ ਜ਼ਮੀਰ ਦਾ ਮਰਨਾ ਮੌਤ ਨਹੀਂ ਸਗੋ ਆਪਣੇ ਹੱਕਾਂ ਦੀ ਰਾਖੀ ਲਈ ਮਰਨਾ ਹੀ ਅਸਲ ਮੌਤ ਦਾ ਮਰਨਾ ਹੈ। ਇਸ ਮੌਕੇ ਸਮਾਜ ਸੇਵੀ ਸ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਵੀ ਕਰੜੇ ਹੱਥੀ ਲੈਂਦਿਆਂ ਮੋਦੀ ਸਰਕਾਰ ਦੀ ਰੱਜ ਕੇ ਨਿੰਦਿਆ ਕਰਦਿਆਂ ਸ਼ਮੂਲੀਅਤ ਕੀਤੀ। ਇਸ ਮੋਕੇ ਪ੍ਰਗਟ ਸਿੰਘ ਤੋਂ ਇਲਾਵਾ , ਪਰਮਜੀਤ ਸਿੰਘ ਸੇਠ, ਗੁਰਦੇਵ ਸਿੰਘ , ਅਮਰੀਕ ਸਿੰਘ , ਕੁਲਵਿੰਦਰ ਸਿੰਘ, ਮੁਖਤਿਆਰ ਸਿੰਘ ਜੰਡਿਆਲਾ ਗੁਰੂ, ਗੁਰਦੇਵ ਸਿੰਘ ਨਿਜਰਪੁਰਾ , ਸਾਬ ਸਿੰਘ ਨਿੱਝਰ ਪੁਰਾ, ਸੂਬਾ ਸਿੰਘ ਜੰਡਿਆਲਾ ਗੁਰੂ, ਦਿਆਲ ਸਿੰਘ ਸਰਪੰਚ , ਸੁਖਵਿੰਦਰ ਸਿੰਘ ,ਕਾਬਲ ਸਿੰਘ, ਸੁਖਬੀਰ ਸਿੰਘ , ਹਰਦੇਵ ਸਿੰਘ ਪਿੰਡ ਮਹਿਮਾ , ਬਲਜਿੰਦਰ ਸਿੰਘ ਪਿੰਡ ਪੰਡੋਰੀ , ਰਾਣਾ ਸਿੰਘ ਜੰਡਿਆਲਾ ਹਰਪ੍ਰੀਤ ਸਿੰਘ ਜੰਡਿਆਲਾ, ਹਰਦੇਵ ਸਿੰਘ ਮੋਰ, ਸੁਖਦੇਵ ਸਿੰਘ ਮਹਿਮਾ, ਜਰਨੈਲ ਸਿੰਘ ਮਹਿਮਾ , ਬਲਦੇਵ ਸਿੰਘ ਮਹਿਮਾ ਨੇ ਸ਼ਹੀਦ ਬਾਬਾ ਦੀਦਾਰ ਸਿੰਘ ਜੀ ਦੇ ਅਸਥਾਨਾਂ ਤੋਂ ਲੰਗਰ ਦੀ ਸੇਵਾ ਨਿਭਾਈ ਗਈ।

# ਤਲਵੰਡੀ ਸਾਬੋ ਅੰਦਰ ਭਾਰਤ ਬੰਦ ਨੂੰ ਮਿਲਿਆ ਰਲਵਾਂ ਮਿਲਵਾਂ ਸਮਰਥਨ






**ਤਲਵੰਡੀ ਸਾਬੋ, 16 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਸੰਯੁਕਤ ਕਿਸਾਨ ਮੋਰਚੇ ਜਥੇਬੰਦੀਆਂ ਵੱਲੋਂ 16 ਫਰਵਰੀ ਦੇ ਦਿੱਤੇ ਗਏ ਭਾਰਤ ਬੰਦ ਦੇ ਸੱਦੇ ਨੂੰ ਨਗਰ ਤਲਵੰਡੀ ਸਾਬੋ ਅੰਦਰ ਸਮਰਥਨ ਮਿਲਿਆ ਅਤੇ ਨਗਰ ਦੇ ਬਾਜ਼ਾਰ ਬੰਦ ਰਹੇ। ਭਾਵੇਂ ਕੁਝ ਕੁ ਦੁਕਾਨਾਂ ਖੁੱਲੀਆਂ ਰਹੀਆਂ ਪ੍ਰੰਤੂ ਜ਼ਿਆਦਾਤਰ ਬਜ਼ਾਰ ਬੰਦ ਰਹੇ। ਜਿੱਥੇ ਫਲਾਂ ਅਤੇ ਸਬਜ਼ੀਆਂ, ਉਥੇ ਹੀ ਹੋਰਨਾਂ ਦੁਕਾਨਦਾਰਾਂ ਨੇ ਵੀ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਇਸ ਬੰਦ ਵਿੱਚ ਯੋਗਦਾਨ ਪਾਇਆ। ਰਵਿਦਾਸ ਚੌਕ ਵਿਖੇ ਲਾਏ ਚੱਕਾ ਜਾਮ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵੱਖ ਕਿਸਾਨ ਆਗੂਆਂ, ਦੁਕਾਨਦਾਰਾਂ ਆਦਿ ਨੇ ਕਿਹਾ ਕਿ ਕਿਸਾਨ ਦੇਸ਼ ਦੀ ਆਰਥਿਕਤਾ ਦਾ ਧੁਰਾ ਹਨ ਅਤੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਕਿਸਾਨਾਂ ਨੂੰ ਲਗਾਤਾਰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਵੀ ਪੂਰੀਆਂ ਨਹੀਂ ਕੀਤੀਆਂ ਜਾ ਰਹੀਆਂ ਹਨ ਅਤੇ ਕਿਸਾਨਾਂ ਦੀਆਂ ਜੋ ਮੰਗਾਂ ਪਿਛਲੇ ਕਿਸਾਨ ਅੰਦੋਲਨ ਦੌਰਾਨ ਮੰਨੀਆਂ ਗਈਆਂ ਸਨ, ਉਨ੍ਹਾਂ ਨੂੰ ਵੀ ਕਾਨੂੰਨੀ ਰੂਪ ਨਹੀਂ ਦਿੱਤਾ ਜਾ ਰਿਹਾ ਹੈ। ਉਨ੍ਹਾਂ ਨੇ ਲਗਾਤਾਰ ਧੱਕੇਸ਼ਾਹੀ ਕਰਨ ਦੀ ਵੀ ਨਿਖੇਧੀ ਕੀਤੀ। ਸੰਭੂ ਬਾਰਡਰ ’ਤੇ ਕਿਸਾਨਾਂ ’ਤੇ ਹਰਿਆਣਾ ਪੁਲਿਸ ਵੱਲੋਂ ਕੀਤੇ ਹਮਲੇ ਦੀ ਨਿਖੇਧੀ ਕੀਤੀ। ਦੁਕਾਨਦਾਰਾਂ ਨੇ ਕਿਹਾ ਕਿ ਉਹ ਹਰ ਹਾਲਤ ’ਚ ਕਿਸਾਨਾਂ ਦੇ ਨਾਲ ਹਨ ਅਤੇ ਜੇਕਰ ਇਸ ਤੋਂ ਬਾਅਦ ਵੀ ਕਿਸਾਨਾਂ ਦੇ ਸਮਰਥਨ ’ਚ ਉਨ੍ਹਾਂ ਨੂੰ ਆਪਣੀਆਂ ਦੁਕਾਨਾਂ ਬੰਦ ਕਰਨੀਆਂ ਪਈਆਂ ਤਾਂ ਉਹ ਪਿੱਛੇ ਨਹੀਂ ਹਟਣਗੇ। ਉਨ੍ਹਾਂ ਨੇ ਮੰਗ ਵੀ ਕੀਤੀ ਕਿ ਕੇਂਦਰ ਸਰਕਾਰ ਕਿਸਾਨਾਂ ਦੀਆਂ ਮੰਗਾਂ ਨੂੰ ਜਲਦੀ ਤੋਂ ਜਲਦੀ ਪ੍ਰਵਾਨ ਕਰੇ ਅਤੇ ਹਰਿਆਣਾ ਸਰਕਾਰ ਵੱਲੋਂ ਕਿਸਾਨਾਂ ’ਤੇ ਕੀਤੇ ਜਾ ਰਹੇ ਅਤਿਆਚਾਰਾਂ ਨੂੰ ਵੀ ਰੋਕਿਆ ਜਾਵੇ। ਤਲਵੰਡੀ ਸਾਬੋ ਤੋਂ ਸੀਂਗੋ ਮੰਡੀ ਦੇ ਨਾਲ-ਨਾਲ ਕਈ ਪਿੰਡਾਂ ਦੇ ਬਾਜ਼ਾਰ, ਦੁਕਾਨਾਂ ਵੀ ਬੰਦ ਰਹੀਆਂ।

# ਕੈਂਸਰ ਦੀ ਜਲਦ ਪਹਿਚਾਣ ਹੀ ਉਸਦੇ ਇਲਾਜ ਵਿਚ ਮਦਦਗਾਰ ਸਾਬਿਤ ਹੁੰਦੀ ਹੈ: ਸਿਵਲ ਸਰਜਨ ਡਾ ਕਮਲ ਪਾਲ ਸਿੱਧੂ




ਚੌਕ ਮਹਿਤਾ16 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)ਸਿਹਤ ਵਿਭਾਗ ਤਰਨਤਾਰਨ ਵਲੋਂ ਸਿਵਲ ਸਰਜਨ ਡਾ ਕਮਲ ਪਾਲ ਸਿੱਧੂ ਜੀ ਦੀ ਅਗਵਾਈ ਹੇਠ ਵਿਸ਼ਵ ਕੈਂਸਰ ਮੁਹਿੰਮ ਸੰਬਧੀ ਦਫਤਰ ਸਿਵਲ ਸਰਜਨ ਤਰਨਤਾਰਨ ਵਿਖੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ ।ਇਸ ਸਮਾਗਮ ਦੌਰਾਨ ਸਿਵਲ ਸਰਜਨ ਡਾ ਕਲਮ ਪਾਲ ਸਿੱਧੂ ਨੇ ਕਿਹਾ ਕਿ ਕੈਂਸਰ ਦੀ ਜਲਦ ਪਹਿਚਾਣ ਹੀ ਉਸਦੇ ਇਲਾਜ ਵਿਚ ਮਦਦਗਾਰ ਸਾਬਿਤ ਹੁੰਦੀ ਹੈ, ਇਸ ਲਈ ਵਿਸਵ ਸਿਹਤ ਸੰਸਥਾ ਵਲੋਂ ਇਸ ਸਾਲ ਦਾ ਥੀਮ “ਕਲੋਜ ਦਾ ਕੇਅਰ ਗੈਪ” ਰੱਖਿਆ ਗਿਆ ਹੈ ।ਉਹਨਾਂ ਆਖਿਆ ਕਿ ਇਸ ਮੁਹਿੰਮ ਦੌਰਾਨ ਜਿਲ੍ਹੇ ਭਰ ਵਿੱਚ ਵੱਖ-ਵੱਖ ਸਕੂਲਾਂ, ਕਾਲਜਾਂ, ਵਿਦਿਅਕ ਸੰਸਥਾਵਾਂ ਅਤੇ ਜਨਤਕ ਸੰਸਥਾਵਾਂ ਤੇ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਵਿਸ਼ੇਸ਼ ਕੈਂਪ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਤੇ ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਆਸ਼ੀਸ਼ ਗੁਪਤਾ ਨੇ ਕਿਹਾ ਕਿ ਕੈਂਸਰ ਦੇ ਆਮ ਲੱਛਣ ਛਾਤੀ ਵਿੱਚ ਗਿਲਟੀਆਂ, ਲਗਾਤਾਰ ਖਾਂਸੀ, ਮਹਾਂਵਾਰੀ ਵਿੱਚ ਜਿਆਦਾ ਖੂਨ ਆਉਣਾਂ, ਨਾਂ ਠੀਕ ਹੋਣ ਵਾਲੇ ਮੂੰਹ ਦੇ ਛਾਲੇ ਆਦਿ ਹਨ। ਇਸ ਲਈ ਸਾਨੂੰ ਸਮੇਂ-ਸਮੇਂ ਤੇ ਆਪਣੀ ਜਾਂਚ ਕਰਵਾਉਣੀ ਚਾਹੀਦੀ ਹੈ ਅਤੇ ਜੇਕਰ ਕੋਈ ਲੱਛਣ ਸਾਹਮਣੇ ਆਵੇ ਤਾਂ ਤੁਰੰਤ ਡਾਕਟਰੀ ਸਹਾਇਤਾ ਲੈਣੀ ਚਾਹੀਦੀ ਹੈ ।ਇਸ ਅਵਸਰ ਤੇ ਜਿਲ੍ਹਾ ਐਪੀਡਿਮੋਲੋਜਿਸਟ ਡਾ ਸਿਮਰਨ ਕੌਰ ਅਤੇ ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ ਵਲੋਂ ਕੈਸਰ ਦੇ ਲੱਛਣ, ਸਾਵਧਾਨੀਆਂ, ਬਚਾਓ ਅਤੇ ਇਲਾਜ ਸੰਬਧੀ ਵਿਸ਼ੇਸ਼ ਜਾਣਕਾਰੀ ਦਿੱਤੀ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ ਕੰਵਲਜੀਤ ਸਿੰਘ, ਡੀ.ਪੀ.ਐਮ. ਲਵਲੀਨ ਕੌਰ, ਆਰੂਸ਼ ਭੱਲਾ, ਸਮੂਹ ਸੀ.ਐਚ.ਓ. ਅਤੇ ਸਟਾਫ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੈਂਟਰ ਸਰਕਾਰ ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਲਾਗੂ ਕਰਕੇ ਕਿਸਾਨਾਂ ਦਾ ਬਣਦਾ ਹੱਕ ਦੇਵੇ

# ਹਰਿਆਣਾ ਸਰਕਾਰ ਵੱਲੋਂ ਅੱਥਰੂ ਗੈਸ ਦੇ ਗੋਲੇ ਦਾਗਣੇ ਅਤਿਨਿੰਦਣਯੋਗ : ਬਾਬਾ ਸੁੱਖਾ ਸਿੰਘ

**ਜੰਡਿਆਲਾ ਗੁਰੂ, 16 ਫਰਵਰੀ (ਕੁਲਵੰਤ ਸਿੰਘ ਵਿਰਦੀ)**-ਕਿਸਾਨ ਦੇਸ਼ ਦੀ ਰੀੜ੍ਹ ਦੀ ਹੱਡੀ ਹੈ ਅਤੇ ਕਿਸਾਨ ਦਿਨ ਰਾਤ ਜਾਗ ਕੇ ਉਸ ਵੱਲੋਂ ਕੀਤੀ ਗਈ ਕਮਾਈ ਦੀ ਮਿਹਨਤ ਸਦਕਾ ਪੂਰਾ ਦੇਸ਼ ਆਪਣੇ ਢਿੱਡ ਦੀ ਭੁੱਖ ਮਿਟਾਉਂਦਾ ਹੈ ਅਤੇ ਉਹੀ ਕਿਸਾਨ ਆਪਣੇ ਹੱਕਾਂ ਲਈ ਸ਼ਾਂਤਮਈ ਰੂਪ ਵਿੱਚ ਸੜਕਾਂ ਤੇ ਖੁੱਲੇ ਆਸਮਾਨ ਦੀ ਛੱਤ ਥੱਲੇ ਦਿਨ ਰਾਤ ਗੁਜ਼ਾਰ ਰਿਹਾ ਹੈ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ



ਤੱਪ ਅਸਥਾਨ ਗੁਰਦੁਆਰਾ ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲੇ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਅੱਗੇ ਕਿਹਾ ਕਿ ਅਨਾਜ ਪੈਦਾ ਕਰਨ ਵਾਲਾ ਕਿਸਾਨ ਆਪਣੇ ਹੱਕੀ ਮੰਗਾਂ ਲਈ ਸੰਘਰਸ਼ ਦੇ ਰਾਹ ਤੇ ਕਿਉਂ ਪਿਆ ਇਹ ਭਾਰਤ ਸਰਕਾਰ ਨੂੰ ਵੀਚਾਰਨਾ ਚਾਹੀਦਾ ਹੈ ਅਤੇ ਜੋ ਦੇਸ਼ ਲਈ ਵੱਧ ਮਿਹਨਤ ਕਰਦਾ ਹੈ ਸਰਕਾਰ ਨੂੰ ਉਸ ਦੀਆਂ ਹੱਕੀ ਮੰਗਾਂ ਨੂੰ ਨਜ਼ਰ ਅੰਦਾਜ਼ ਨਹੀਂ ਕਰਨਾ ਚਾਹੀਦਾ ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਭਾਰਤ ਦੇਸ਼ ਦੇ ਰਹਿਣ ਵਾਲੇ ਕਿਸਾਨ ਜੇਕਰ ਦਿੱਲੀ ਜਾ ਕੇ ਸਰਕਾਰ ਨੂੰ ਆਪਣੀ ਹੱਕੀ ਮੰਗਾਂ ਤੋਂ ਜਾਣੂੰ ਕਰਵਾ ਕੇ ਉਨ੍ਹਾਂ ਹੱਕੀ ਮੰਗਾਂ ਨੂੰ ਸਰਕਾਰ ਕੋਲੋਂ ਲਾਗੂ ਕਰਵਾਉਣਾ ਚਾਹੁੰਦੇ ਹਨ ਤਾਂ ਦਿੱਲੀ ਨੂੰ ਜਾਣ ਵਾਲੇ ਰਸਤਿਆਂ ਵਿੱਚ ਹਰਿਆਣਾ ਸਰਕਾਰ ਵੱਲੋਂ ਅਲੱਗ ਦੇਸ਼ ਪਾਕਿਸਤਾਨ ਤੋਂ ਵੀ ਵੱਧ ਬਾਡਰਾਂ ਨੂੰ ਸੀਲ ਕਰਕੇ ਨਿੱਹਥੇ ਕਿਸਾਨਾਂ ਉਪਰ ਅੱਥਰੂ ਗੈਸ ਦੇ ਗੋਲੇ ਦਾਗੇ ਗਏ ਹਨ ਅਤੇ ਰਫ਼ਲ ਦੀਆਂ ਸਿੱਧੀਆਂ ਗੋਲੀਆਂ ਵੀ ਮਾਰੀਆਂ ਗਈਆਂ ਹਨ ਜਿਸ ਵਿੱਚ ਸੈਂਕੜੇ ਦੇ ਕਰੀਬ ਕਿਸਾਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਹਨ ਹਰਿਆਣਾ ਸਰਕਾਰ ਦੀ ਇਸ ਕਾਰਵਾਈ ਦੀ ਘੋਰ ਨਿੰਦਾ ਕੀਤੀ ਜਾਂਦੀ ਹੈ ਭਾਰਤ ਦੇਸ਼ ਵਿੱਚ ਸੰਵਿਧਾਨ ਦੇ ਮੁਤਾਬਿਕ ਹਰ ਇੱਕ ਦੇਸ਼ ਵਾਸੀ ਆਪਣੀ ਆਵਾਜ਼ ਸਰਕਾਰ ਤੱਕ ਪਹੁੰਚਾਉਣ ਲਈ ਸੰਘਰਸ਼ ਕਰ ਸਕਦਾ ਹੈ ਉਹ ਹਰ ਇੱਕ ਦੇਸ਼ ਵਾਸੀ ਦਾ ਮੌਲਿਕ ਅਧਿਕਾਰ ਹੈ ਲੇਕਿਨ ਜੋ ਹਰਿਆਣਾ ਸਰਕਾਰ ਨੇ ਕੀਤਾ ਮੈਂ ਉਸ ਕਾਰਵਾਈ ਦੀ ਘੋਰ ਨਿੰਦਾ ਕਰਦਾ ਹਾਂ ਲੇਕਿਨ ਹਰਿਆਣਾ ਸਰਕਾਰ ਵੱਲੋਂ ਕੀਤੀ ਗਈ ਕਾਰਵਾਈ ਤੋਂ ਪੰਜਾਬ ਵਾਸੀਆਂ ਨੂੰ ਇਹ ਜ਼ਰੂਰ ਸਮਝ ਆ ਗਿਆ ਕਿ ਦਿੱਲੀ ਸਰਕਾਰ ਪੰਜਾਬ ਨੂੰ ਆਪਣਾ ਹਿੱਸਾ ਨਹੀਂ ਮੰਨਦੀ ਕਿਉਂਕਿ ਤਾਂ ਹੀ ਇਸ ਤਰ੍ਹਾਂ ਦੀ ਕਾਰਵਾਈ ਕਰਕੇ ਪੰਜਾਬ ਨਾਲ ਮਤਰੇਈ ਮਾਂ ਵਰਗਾ ਸਲੂਕ ਕੀਤਾ ਜਾ ਰਿਹਾ ਹੈ ਜੋ ਭਾਈਚਾਰਕ ਸਾਂਝ ਲਈ ਖ਼ਤਰਾ ਸਾਬਤ ਹੋ ਸਕਦਾ ਹੈ ਜੋ ਅਤਿਨਿੰਦਣਯੋਗ ਹੈ। ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਮੋਦੀ ਸਰਕਾਰ ਨੂੰ ਕਿਸਾਨਾਂ ਦੀਆਂ ਮੰਗਾਂ ਪ੍ਰਤੀ ਕੋਈ ਹੱਲ ਕੱਢਣਾ ਚਾਹੀਦਾ ਹੈ ਜਿਸ ਨਾਲ ਦੇਸ਼ ਵਿੱਚ ਅਮਨਸ਼ਾਂਤੀ ਬਣੀ ਰਹੇ।

ਸੰਘਰਸ਼ ਦੇ ਰਾਹ ਤੇ ਤੁਰੇ ਕਿਸਾਨਾਂ ਨੂੰ ਜਬਰੀ ਰੋਕਣ ਦੀ ਥਾਂ ਸਰਕਾਰ ਉਹਨਾਂ ਦੇ ਮਸਲਿਆਂ ਨੂੰ ਹੱਲ ਕਰੇ : ਜਲਾਲ ਉਸਮਾ

# ਪੰਜਾਬ ਸਰਕਾਰ ਕਿਸਾਨਾਂ ਦੇ ਹੱਕ ਵਿੱਚ ਖੜੀ ਈ. ਟੀ. ਉ.

**ਚੌਕ ਮਹਿਤਾ, 16 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੰਘਰਸ਼ ਦੇ ਰਾਹ ਤੇ ਤੁਰੇ ਕਿਸਾਨਾਂ ਨੂੰ ਜਬਰੀ ਰੋਕਣ ਦੀ ਥਾਂ ਸਰਕਾਰ ਉਹਨਾਂ ਦੇ ਮਸਲਿਆਂ ਨੂੰ ਹੱਲ ਕਰੇ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ, ਹਰਭਜਨ ਸਿੰਘ ਈ, ਟੀ, ਉ, ਕਿਹਾ ਕਿ ਪੰਜਾਬ ਸਰਕਾਰ ਹਰ ਸਮੇਂ ਕਿਸਾਨਾਂ ਦੇ ਨਾਲ ਖੜੀ ਹੈ ਉਨ੍ਹਾਂ ਨੇ ਕਿਹਾ ਜਿਨੇ ਵੀ ਕਿਸਾਨ ਫੱਟਰ ਹੋਏ ਹਨ ਉਨ੍ਹਾਂ ਦਾ ਖਰਚ ਪੰਜਾਬ ਸਰਕਾਰ ਕਰੇਗੀ। ਇਸ ਦੌਰਾਨ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਆਮ ਆਦਮੀ ਪਾਰਟੀ ਦੇ ਲੀਡਰ ਅਤੇ ਵਪਾਰ ਮੰਡਲ ਵਿੰਗ ਜਿਲਾ ਵਾਈਸ ਪ੍ਰਧਾਨ ਹਰਜਿੰਦਰ ਸਿੰਘ ਜਲਾਲ ਉਸਮਾ ਅਤੇ ਵਪਾਰ ਮੰਡਲ ਵਿੰਗ ਸੂਬਾ ਪ੍ਰਧਾਨ ਤੇ ਮੈਂਬਰ ਪੰਜਾਬ ਰਾਜ ਟ੍ਰੇਡਰਜ ਕਮਿਸਨ ਦੇ ਸ੍ਰੀ ਵਿਨੀਤ ਵਰਮਾ ਜੀ ਦੇ ਇੱਕਤਰ ਹੋਏ ਪੱਤਰਕਾਰਾ ਨਾਲ੍ ਸਾਂਝੇ ਕਰਦਿਆਂ ਕਿਹਾ ਕਿ ਕਿਸਾਨ ਸਾਡਾ ਅੰਨ ਦਾਂ ਭੰਡਾਰ ਹੈ ਜੋ ਸੱਪਾ ਦੀਆ ਸਿਰੀਆ ਤੋ ਹੋ ਕੇ ਸਾਨੂੰ ਅੰਨ ਪ੍ਰਧਾਨ ਕਰਦਾ ਹੈ ਜਿਸਦੇ ਚਲਦੇ ਸਾਰੇ ਭਾਰਤ ਵਰਗ ਦੇ ਲੋਕ ਆਪੋ ਆਪਣੀ ਵਕਤੀ ਭੁੱਖ ਨੂੰ ਮਿਟਾਉਣ ਲਈ ਕਿਸਾਨ ਦੁਆਰਾ ਤਿਆਰ ਕੀਤੇ ਗਏ ਅੰਨਾਜ ਨੂੰ ਖ਼ਾ ਕੇ ਸੁੱਖ ਦਾ ਜੀਵਨ ਬਤੀਤ ਕਰਦੇ ਆ ਰਹੇ ਹਨ ਉਹਨਾ ਕਿਹਾ ਕਿ ਫਰਜ ਕਰੋ ਜੇਕਰ ਕਿਸਾਨਾਂ ਨੂੰ ਆਪਣੀ ਬੀਜੀ ਹੋਈ ਫਸਲ ਦਾ ਬਣਦਾ ਮੁੱਲ ਨਾ ਮਿਲੇ ਤਾਂ ਅੱਜ ਉਹ ਫਸਲ ਬੀਜਣੀ ਬੰਦ ਕਰ ਦਵੇ ਤਾਂ ਭੁੱਖ ਮਰੀ ਦੇ ਜੋ ਹਲਾਤ ਦੇਸ਼ ਵਿਚ ਪੈਦਾ ਹੋਣਗੇ ਸ਼ਾਇਦ ਉਸਦਾ ਜਿਕਰ ਕਰਨਾ ਵੀ ਮੁਨਕਿਨ ਹੈ ਉਹਨਾ ਕਿਹਾ ਕਿ ਕੇਂਦਰ ਸਰਕਾਰ ਦਾ ਰਵਈਆ ਅਖਤਿਆਰ ਜੋ ਅੱਜ ਰਿਹਾਂ ਹੈ ਜਿਸ ਨਾਲ ਕਈ ਕਿਸਾਨ ਗੰਭੀਰ ਰੂਪ ਵਿਚ ਜਖਮੀ ਹੋਏ ਹਨ ਉਸਦਾ ਖਮਿਆਜਾ ਵੀ ਸਰਕਾਰ ਨੂੰ ਆਉਣ ਵਾਲੇ ਸਮੇਂ ਵਿਚ ਭੁਗਤਨਾ ਪੈ ਸਕਦਾ ਹੈ ਜੇਕਰ ਉਹ ਕਿਸਾਨਾਂ ਦੀਆਂ ਬਣਦੀਆ ਹੱਕੀ ਮੰਗਾਂ ਨੂੰ ਨਹੀਂ ਮੰਨਦੀ ਮੋਦੀ ਸਰਕਾਰ ਨੂੰ ਅਜੇ ਵੀ ਚਾਹੀਦਾ ਹੈ ਕਿ ਉਹ ਅੜੀਅਲ ਰਵਈਏ ਨੂੰ ਛੱਡ ਕੇ ਕਿਸਾਨਾਂ ਦੀਆ ਬਣਦੀਆ ਜਾਇਜ ਮੰਗਾਂ ਨੂੰ ਮੰਨ ਲਵੇ ਤਾਂ ਕਿ ਕਿਸਾਨ ਮੁੜ ਵਾਪਸੀ ਕਰਕੇ ਆਪਣੀ ਜਨਮ ਭੂਮੀ ਖੇਤਾਂ ਵਿੱਚ ਬਿਨਾ ਮੱਤਭੇਦ ਦੇ ਅੰਨ ਉਗਾਉਣ ਵਿਚ ਰਾਜੀ ਰਹਿਣ ਜੇਕਰ ਗੱਲ ਕਰੀਏ ਹਰਿਆਣੇ ਦੀ ਤਾਂ ਉਹ ਹੁੱਣ ਤੱਕ ਪਹਿਚਾਣ ਨਹੀਂ ਪਾਏ ਕਿ ਉਹ ਪੰਜਾਬ ਦੇ ਪੁੱਤ ਕਿਸਾਨ ਹੀ ਹਨ ਬਲਕਿ ਬਾਡਰੋ ਪਾਰ ਪਾਕਿਸਤਾਨ ਤੋ ਆਏ ਹੋਏ ਕੋਈ ਟੈਰਿਸਟ ਨਹੀਂ । ਉਹਨਾ ਫੈਸਲਾ ਲਿਆ ਕਿ ਗੱਲ ਪੰਜਾਬ ਦੇ ਕਿਰਸਾਨਾ ਦੀਆ ਜਾਇਜ ਮੰਗਾਂ ਦੀ ਹੈ ਕੋਈ ਟੈਰਾਰਿਜਮ ਦੀ ਨਹੀਂ ਇਸ ਲਈ ਸਾਡਾ ਫਰੰਟ ਹਮੇਸ਼ਾ ਕਿਸਾਨਾ ਦੇ ਹੱਕ ਵਿਚ ਮੋਢੇ ਨਾਲ ਮੋਢਾ ਜੋੜਕੇ ਚਲਨ ਲਈ ਤੱਤਪਰ ਹੈ। ਇਸ ਮੌਕੇ ਉਹਨਾ ਬੜੇ ਪ੍ਰਭਾਵਸ਼ਾਲੀ ਹੋ ਕਿ ਕਿਹਾ ਕਿ ਕੇਂਦਰ ਸਰਕਾਰ ਨੂੰ ਦੇਸ਼ ਦੇ ਸੰਵਿਧਾਨ ਨੂੰ ਇਕ ਵਾਰ ਦੁਬਾਰਾ ਦੋਹਰਾ ਲੈਣਾ ਚਾਹੀਦਾ ਹੈ ਜਿਸ ਵਿੱਚ ਕਲਮ ਬੰਦ ਦਰਜ ਹੈ ਕਿ ਕੋਈ ਵੀ ਆਪਣੀ ਮੰਗ ਨੂੰ ਸਰਕਾਰਾਂ ਤੱਕ ਪਹੁੰਚਾਉਣ ਲਈ ਸ਼ਾਂਤਮਈ ਤਰੀਕੇ ਨਾਲ ਸੰਘਰਸ਼ ਕਰ ਸਕਦਾ ਹੈ ਇਸ ਮੌਕੇ ਉਨ੍ਹਾਂ ਦੇ ਨਾਲ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਆਮ ਆਦਮੀ ਪਾਰਟੀ ਦੇ ਲੀਡਰ ਲਖਵਿੰਦਰ ਸਿੰਘ ਜਲਾਲ ਉਸਮਾ, ਰਈਆ ਬਲਾਕ ਦੇ ਮੀਡੀਆ ਇੰਨਚਾਰਜ ਬੂਟਾ ਸਿੰਘ ਜਲਾਲ, ਯੂਥ ਜੁਆਇੰਟ ਸਕੱਤਰ ਪੰਜਾਬ ਸੁਰਜੀਤ ਸਿੰਘ ਕੰਗ, ਬਲਜੀਤ ਸਿੰਘ ਜੋੜਾਂ, ਵਪਾਰ ਮੰਡਲ ਜਿਲਾ ਪ੍ਰਧਾਨ ਹਰਦੀਪ ਸਿੰਘ ਪੰਨੂੰ, ਗੁਰਿੰਦਰ ਸਿੰਘ ਚੌਹਾਨ, ਹਰਵਿੰਦਰ ਸਿੰਘ ਡਾਇਮੰਡ, ਅਨਮੋਲ ਸਿੰਘ, ਗੁਰਪ੍ਰੀਤ ਕੌਰ ਆਦਿ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਅਤੇ ਵਪਾਰ ਮੰਡਲ ਵਿੰਗ ਦੇ ਸੀਨੀਅਰ ਆਗੂ ਹਾਜ਼ਰ ਸਨ।





# ਡਿਪੂ ਹੋਲਡਰ ਐਸੋਸੀਏਸ਼ਨ ਵੱਲੋਂ ਕੀਤੀ ਗਈ ਹੰਗਾਮੀ ਮੀਟਿੰਗ



**ਚੌਕ ਮਹਿਤਾ, 15 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹਰ ਘਰ ਰਾਸ਼ਨ ਪਹੁੰਚਾਉਣ ਦੀ ਮੁਹਿੰਮ ਚਲਾਈ ਜਾ ਰਹੀ ਹੈ ਇਸ ਮੁਹਿੰਮ ਦੇ ਵਿਰੋਧ ਵਿਚ ਅੰਮ੍ਰਿਤਸਰ ਡਿਪੂ ਹੋਲਡਰ ਐਸੋਸੀਏਸ਼ਨ ਦੇ ਪ੍ਰਧਾਨ ਸੰਜੀਵ ਕੁਮਾਰ ਲਾਡੀ ਦੀ ਅਗਵਾਈ 'ਚ ਹੰਗਾਮੀ ਮੀਟਿੰਗ ਕੀਤੀ ਗਈ, ਜਿਸ 'ਚ ਐਸੋਸੀਏਸ਼ਨ ਦੇ ਸਾਰੇ ਵਾਰਡਾਂ ਦੇ ਪ੍ਰਧਾਨਾਂ ਨੇ ਸ਼ਮੂਲੀਅਤ ਕੀਤੀ ਅਤੇ ਇਸ ਮੀਟਿੰਗ ਮੁਹਿੰਮ ਅਤੇ ਸਰਕਾਰ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਸੂਬੇ ਦੇ ਨਾਗਰਿਕ ਇਸ ਮੁਹਿੰਮ ਦੇ ਖਿਲਾਫ ਹਨ, ਜਿੱਥੇ ਲਾਭਪਾਤਰੀਆਂ ਨੂੰ ਸਮੇਂ-ਸਮੇਂ 'ਤੇ ਕਨਕ ਪਰ ਅੱਜ ਇਹ ਘਰ-ਘਰ ਰਾਸ਼ਨ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਤਹਿਤ ਲੋਕ ਕੇਂਦਰ ਸਰਕਾਰ ਵੱਲੋਂ ਭੇਜੀ ਗਈ ਮੁਫ਼ਤ ਕਨਕ ਲੈਣ ਤੋਂ ਵਾਂਝੇ ਹਨ, ਕਨਕ ਦਾ ਬਕਾਇਆ ਪਿਛਲੇ ਲੰਮੇ ਸਮੇਂ ਤੋਂ ਡਿਪੂ ਹੋਲਡਰਾਂ ਕੋਲ ਪਿਆ ਹੈ, ਇਹ ਸਾਰਾ ਕੁਝ ਦਿਨ-ਬ-ਦਿਨ ਖਰਾਬ ਹੋ ਰਿਹਾ ਹੈ ਅਤੇ ਉਹੀ ਬਾਇਓਮੈਟ੍ਰਿਕ ਮਸ਼ੀਨਾਂ ਜੋ ਡਿਪੂ ਹੋਲਡਰਾਂ ਕੋਲ ਹਨ ।ਪੜ੍ਹਿਆ ਗਿਆ ਕਿ ਵਿਭਾਗ ਨੇ ਉਹ ਮਸ਼ੀਨਾਂ ਮਾਰਕਫੈੱਡ ਨੂੰ ਦਿੱਤੀਆਂ ਹਨ ਅਤੇ ਸਾਨੂੰ ਕਿਹਾ ਗਿਆ ਸੀ ਕਿ ਡਿਪੂ ਹੋਲਡਰਾਂ ਨੂੰ ਨਵੀਆਂ ਮਸ਼ੀਨਾਂ ਦਿੱਤੀਆਂ ਜਾਣਗੀਆਂ ਪਰ ਮਸ਼ੀਨਾਂ ਅਜੇ ਤੱਕ ਨਹੀਂ ਦਿੱਤੇ ਗਏ ਹਨ। ਲਾਡੀ ਨੇ ਕਿਹਾ ਕਿ ਲਾਭਪਾਤਰੀ ਕਣਕ ਲੈਣ ਲਈ ਸਵੇਰੇ-ਸ਼ਾਮ ਡੀਪੂ ਹੋਲਡਰਾਂ ਦੇ ਚੱਕਰ ਲਗਾ ਰਹੇ ਹਨ, ਪਰ ਲਾਭਪਾਤਰੀਆਂ ਨੂੰ ਕਣਕ ਨਾ ਮਿਲਣ ਕਾਰਨ ਉਨ੍ਹਾਂ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਹੈ ਜੇਕਰ ਵਿਭਾਗ ਨੇ ਸਾਨੂੰ 20 ਦੇ ਅੰਦਰ ਮਸ਼ੀਨਾਂ ਮੁਹੱਈਆ ਨਾ ਕਰਵਾਈਆਂ। ਦਿਨ ਦਿਹਾੜੇ ਸਰਕਾਰ ਨੇ ਮਸ਼ੀਨਾਂ ਨਹੀਂ ਦਿੱਤੀਆਂ, ਜੇਕਰ ਕੇਂਦਰ ਸਰਕਾਰ ਵੱਲੋਂ ਭੇਜੀ ਗਈ ਮੁਫਤ ਕਨਕ ਨੂੰ ਵੰਡਣ ਲਈ ਨਾ ਦਿੱਤਾ ਗਿਆ ਤਾਂ ਅਸੀਂ ਅਣਮਿੱਥੇ ਸਮੇਂ ਲਈ ਹੜਤਾਲ 'ਤੇ ਜਾਵਾਂਗੇ ਅਤੇ ਸੰਘਰਸ਼ ਨੂੰ ਹੋਰ ਤੇਜ਼ ਕਰਾਂਗੇ। ਇਸ ਮੌਕੇ ਮਨੀਸ਼ ਕੁਮਾਰ ਮੋਨੂੰ, ਬਿੱਲ ਪ੍ਰਧਾਨ, ਅਮਰੀਕ ਸਿੰਘ, ਗੁਰਦੇਵ ਬਾਊ,ਕਾਲਾ ਪ੍ਰਧਾਨ, ਇੰਦਰਜੀਤ, ਸੁਰਿੰਦਰ ਮਹਾਜਨ, ਹਰੀ ਓਮ ਆਨੰਦ, ਵਿਜੈ ਸ਼ਰਮਾ,ਅਸ਼ਵਨੀ, ਰਣਜੀਤ ਆਦਿ ਹਾਜ਼ਰ ਸਨ।

# ਸਮੂਹ ਜਗਤ ਕਿਰਸਾਣ ਅੰਨ ਦਾਤੇ ਦਾ ਬੀਜਿਆ ਖਾਂਦਾ ਹੈ ਉਨ੍ਹਾਂ ਦੇ ਹੱਕ ਵਿੱਚ ਖੜੇ ਹੋ ਕੇ ਕੀਤੀ ਜਾਏ ਆਵਾਜ ਬੁਲੰਦ: ਗਿਆਨੀ ਮਾਲਕ ਸਿੰਘ

**ਨਵੀਂ ਦਿੱਲੀ 16 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਉਹ ਕਿਸਾਨ ਜੋ ਅੱਜ ਤੋਂ 3 ਸਾਲ ਪਹਿਲਾਂ ਦਿੱਲੀ ਦੀ ਧਰਤੀ ਤੋਂ ਜਿੱਤ ਪ੍ਰਾਪਤ ਕਰਕੇ ਆਪਣੇ ਘਰ ਵਾਪਿਸ ਗਏ ਤੇ ਜੋ ਵਖਤ ਦੇ ਹਾਕਮ ਲੋਕ ਸੀ ਉਹਨਾਂ ਦੇ ਪੱਲੇ ਸਿਰਫ ਹਾਰ ਪਈ ਸੀ । ਕਿਉਕਿ ਹਾਕਮ ਲੋਕ ਆਪਣੇ ਮਨ ਦੀ ਚਲਾਉਣਾ ਚਾਹੁੰਦੇ ਸੀ ਪਰ ਚੱਲੀ ਇਕ ਵੀ ਨਹੀਂ ਸਮੇਂ ਦੀ ਸਰਕਾਰ ਨੂੰ ਲੱਗਦਾ ਸੀ ਉਸ ਵਖਤ ਇਹ ਕਿਸਾਨ ਸਾਡੇ ਅੱਗੇ ਹਾਰ ਜਾਣਗੇ ਪਰ ਪਰ ਫਸਲਾਂ ਤੇ ਨਸਲਾਂ ਦੇ ਰਾਖੇ ਬਣ ਆਏ ਉਹ ਕਿਸਾਨ ਵੀਰ ਜਿੱਤ ਪ੍ਰਾਪਤ ਕਰ ਗਏ ਸਨ । ਗਿਆਨੀ ਮਾਲਕ ਸਿੰਘ ਕਰਨਾਲ ਵਾਲੇ ਜੋ ਕਿ ਗੁਰਦਵਾਰਾ ਛੋਟੇ ਸਾਹਿਬਜਾਦੇ ਵਿਖੇ ਗ੍ਰੰਥੀ ਸਿੰਘ ਅਤੇ ਕਥਾਵਾਚਕ ਦੀ ਸੇਵਾ ਨਿਭਾ ਰਹੇ ਹਨ ਨੇ ਕਿਹਾ ਕਿ ਅਣਖਾਂ ਗੈਰਤਾਂ ਵਾਲੇ ਕਿਸੇ ਦੇ ਮਾਰਿਆਂ ਨਹੀ ਮਰਦੇ ਭਾਵੇਂ ਅੱਜ ਫਿਰ ਉਹਨਾਂ ਤੇ ਅਥਰੂ ਗੈਸ ਪਾਣੀ ਗੋਲੀਆਂ ਦੀ ਬੋਛਾੜ ਕੀਤੀ ਜਾਂਦੀ ਹੋਵੇ ਬੈਰੀਗੇਟ ਲਾ ਕਿ ਰਾਹ ਰੋਕੇ ਜਾਣ ਕਿਉਂਕਿ ਚਲਣ ਵਾਲੇ ਕਦੇ ਰੁਕਦੇ ਨਹੀ ਅੱਜ ਲੋੜ ਹੈ ਸਮੂਹ ਜਗਤ ਨੂੰ ਜੋ ਕਿਰਸਾਣ ਅੰਨ ਦਾਤੇ ਦਾ ਬੀਜਿਆ ਖਾਦੇ ਆ ਉਹਦੇ ਹੱਕ ਵਿੱਚ ਖੜੇ ਹੋਣ ਦੀ ਉਨ੍ਹਾਂ ਦੇ ਹਕਾਂ ਲਈ ਆਵਾਜ ਬੁਲੰਦ ਕਰਨ ਦੀ । ਕਿਉਂਕਿ ਕਿਰਸਾਣ ਹੈ ਤਾਂ ਫਸਲ ਹੈ ਜੇਕਰ ਕਿਰਸਾਣ ਨਹੀਂ ਤਾ ਪੀਜੇ ਬਰਗਰ ਰੋਟੀ ਵੀ ਨਹੀ ਬਣ ਸਕਣਗੇ । ਉਨ੍ਹਾਂ ਸਰਕਾਰ ਨੂੰ ਕਿਸਾਨਾਂ ਦੀਆਂ ਮੰਗਾਂ ਮੰਨਣ ਦੀ ਅਪੀਲ ਕੀਤੀ ਹੈ ਤਾਂ ਜੋ ਸਾਰਿਆਂ ਲਈ ਭੋਜਨ ਸੁਰੱਖਿਆ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਦਸਿਆ ਕਿ ਪ੍ਰਧਾਨ ਮੰਤਰੀ ਵੱਲੋਂ ਕਿਸਾਨਾਂ ਵੱਲੋਂ ਵਿਰੋਧ ਕੀਤੇ ਗਏ ਤਿੰਨ ਖੇਤੀ ਬਿੱਲਾਂ ਨੂੰ ਵਾਪਸ ਲੈਣ ਤੋਂ ਬਾਅਦ ਸਰਕਾਰ ਨੇ ਇਨ੍ਹਾਂ ਮੰਗਾਂ 'ਤੇ ਸਹਿਮਤੀ ਪ੍ਰਗਟਾਈ ਸੀ। ਸਰਕਾਰ ਵੱਲੋਂ ਕੀਤੇ ਵਾਅਦਿਆਂ 'ਤੇ ਕਾਇਮ ਨਾ ਰਹਿਣਾ ਬੇਇਨਸਾਫ਼ੀ ਹੈ। ਇਹ ਮੰਦਭਾਗੀ ਗੱਲ ਹੈ ਕਿ ਸਰਕਾਰ ਮੰਗਾਂ ਮੰਨਣ ਦੀ ਬਜਾਏ ਕਿਸਾਨਾਂ 'ਤੇ ਜਬਰ ਢਾਹ ਰਹੀ ਹੈ। ਅੰਤ ਵਿਚ ਉਨ੍ਹਾਂ ਕਿਹਾ ਕਿ ਅੰਦੋਲਨ ਵਿੱਚ ਜਾ ਰਹੇ ਸਭ ਵੀਰਾਂ ਭਰਾਵਾਂ ਦੀ ਜੋ ਉਨ੍ਹਾਂ ਦੀ ਸਪੋਰਟ ਕਰ ਰਹੇ ਹਨ ਉਨ੍ਹਾਂ ਸਭ ਦਾ ਧੰਨਵਾਦ ਕਰਦਾ ਹੈ ਤੇ ਨਾਲ ਹੀ ਕਹਿੰਦਾ ਹਾਂ ਕਿ ਜੋ ਕਿਸਾਨ ਦਾ ਨਹੀ ਉਹ ਕਿਸੇ ਦਾ ਨਹੀਂ ।



# ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਮਨਾਇਆ ਬਸੰਤ ਪੰਚਮੀਂ ਦਾ ਤਿਉਹਾਰ

ਫ਼ਿਰੋਜ਼ਪੁਰ, 16 ਫਰਵਰੀ (ਮਨੋਹਰ ਲਾਲ) :— ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਬਾਗੀ ਪਾਰਕ ਨੇੜੇ ਨਾਮ ਦੇਵ ਚੌਂਕ ਫ਼ਿਰੋਜ਼ਪੁਰ ਸ਼ਹਿਰ ਵਿਖੇ ਦੀਵਾਨ ਚੰਦ ਸੁਖੀਜਾ ਦੀ ਅਗਵਾਈ ਹੇਠ ਬੜੇ ਉਤਸ਼ਾਹ ਨਾਲ ਬਸੰਤ ਪੰਚਮੀਂ ਦਾ ਤਿਉਹਾਰ ਮਨਾਇਆ ਅਤੇ ਆਏ ਲੋਕਾਂ ਨਾਲ ਖੁਸ਼ੀ ਅਤੇ ਪਿਆਰ ਕਰਦੇ ਹੋਏ ਸਭ ਨੂੰ ਲੱਡੂ ਵੰਡੇ ਗਏ। ਇਸ ਮੌਕੇ ਰਾਮ ਕਿਸ਼ੋਰ ਕੁਆਰਡੀਨੇਟਰ, ਜਤਿੰਦਰ ਨਰੂਲਾ, ਰਾਮ ਕਿਸ਼ੋਰ ਅਤੇ ਹੋਰ ਬਹੁਤ ਸਾਰੇ ਸੁਸਾਇਟੀ ਮੈਂਬਰ ਹਾਜ਼ਰ ਸਨ।




# ਜਨਮ ਦਿਨ ਮੁਬਾਰਕ



ਪੀ, ਬੀ, ਐਸ ਮੋਲ ਚੌਂਕ ਮਹਿਤਾ ਦੇ ਮਾਲਕ ਸ, ਬਲਕਾਰ ਸਿੰਘ ਬਾਠ ਦੇ ਸਪੁੱਤਰ ਸ, ਜਗਦੀਪ ਸਿੰਘ ਬਾਠ ਦੇ ਜਨਮ ਦਿਨ ਦੀਆਂ ਵਧਾਈਆਂ ਹੋਣ ਜੀ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)



ਗੁਰਪਿੰਦਰ ਸਿੰਘ ਰੰਗੀਆਂ ਦੇ ਜਨਮਦਿਨ ਦੀਆਂ ਪਿਤਾ ਮਨਦੀਪ ਸਿੰਘ ਰੰਗੀਆਂ, ਮਾਤਾ ਗੁਰਮੀਤ ਕੌਰ ਅਤੇ ਸਮੂਹ ਪਰਿਵਾਰ ਨੂੰ ਵਧਾਈਆਂ।

### ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ

# ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੇ ਲੁਆਈ ਹਾਜ਼ਰੀ





**ਫ਼ਿਰੋਜ਼ਪੁਰ, 16 ਫਰਵਰੀ (ਮਨੋਹਰ ਲਾਲ) :—** ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਅੱਜ ਕਥਾ ਕਰਦਿਆਂ ਆਖਿਆ ਕਿ ਧੰਨ—ਧੰਨ ਬਾਬਾ ਨੰਦ ਸਿੰਘ ਜੀ, ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ, ਧੰਨ—ਧੰਨ ਬਾਬਾ ਈਸ਼ਰ ਸਿੰਘ ਜੀ ਜ਼ੋ ਕਿ ਪੂਰਨ ਸੰਤ ਹੋਏ ਹਨ, ਜਿਨ੍ਹਾਂ ਸਾਰੀ ਉਮਰ ਸੰਗਤਾਂ ਨੂੰ ਨਾਮ ਜਪਾਇਆ ਅਤੇ ਖੰਡੇ ਬਾਟੇ ਦਾ ਅੰਮ੍ਰਿਤ ਛਕਾ ਕੇ ਗੁਰੂ ਲੜ ਲਾਇਆ। ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੇ ਅੱਗੇ ਕਿਹਾ ਕਿ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਇਕ ਬੀਆ ਬਾਨ ਜੰਗਲ ਹੁੰਦਾ ਸੀ ਅਤੇ ਇਥੇ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਇਕ ਝੋਪੜੀ ਵਿਚ ਰਹਿ ਕੇ ਜਪ ਤਪ ਕੀਤਾ ਅਤੇ ਇਥੇ ਦਿਨ—ਰਾਤ ਭਗਤੀ ਕਰਦੇ ਰਹੇ ਅਤੇ 1977 ਵਿਚ ਇਸ ਆਪਣਹੀ ਜੰਗਾ ਤੇ ਇਸ ਵੀਰਾਨ ਜਗਾ ਨੂੰ ਭਾਗ ਲੱਗੇ, ਭਾਵੇਂ ਕਿ ਸਰੀਰ ਪੱਖੋਂ ਸੰਤ ਬਾਬਾ ਸੁੱਚਾ ਸਿੰਘ ਜੀ ਕਮਜ਼ੋਰ ਹਨ, ਪਰ ਫਿਰ ਵੀ ਇਨ੍ਹਾਂ ਵਿਚ ਹੌਸਲਾ, ਮਿਹਨਤ ਬਹੁਤ ਜਿਆਦਾ ਹੈ, ਮੈਂ ਇਹ ਸਭ ਵੇਖ ਕੇ ਮੰਨ ਨੂੰ ਖੁਸ਼ੀ ਹੋਈ ਕਿ ਇਹ ਸਭ ਵਾਹਿਗੁਰੂ ਜੀ ਦਾ ਪ੍ਰਤਾਪ ਹੈ, ਅੱਜ ਅਸੀਂ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਦੀ ਮਿੱਠੀ ਯਾਦ ਮਨਾਈ ਜਾ ਰਹੀ ਹੈ, ਇਕ ਮਹੀਨੇ ਤੋਂ ਜਪ ਤਪ ਸਮਾਗਮ ਚੱਲ ਰਹੇ ਹਨ। ਸਿੰਘ ਸਾਹਿਬ ਜੀ ਨੇ ਅੱਗੇ ਕਿਹਾ ਕਿ ਇਸ ਧਰਤੀ ਤੇ ਲੱਖਾਂ ਲੋਕ ਆਉਂਦੇ ਹਨ, ਲੱਖਾਂ ਚਲੇ ਜਾਂਦੇ ਹਨ ਅਤੇ ਸੰਗਤਾਂ ਉਨ੍ਹਾਂ ਨੂੰ ਯਾਦ ਕਰਦੀਆਂ ਹਨ, ਜਿਹੜੇ ਸੰਗਤਾਂ ਨੂੰ ਸਿੱਧੇ ਰਸਤੇ ਪਾਉਂਦੇ ਹਨ ਅਤੇ ਬਹੁਤ ਸਾਰੇ ਇਹੋ ਜਿਹੇ ਮਹਾਂਪੁਰਸ਼ ਜ਼ੋ ਆਪ ਜੁੜਦੇ ਹਨ ਅਤੇ ਸੰਗਤਾਂ ਨੂੰ ਜ਼ੋੜਦੇ ਹਨ, ਸਾਨੂੰ ਪੂਰਨ ਗੁਰੂ ਤੇ ਭਰੋਸਾ ਕਰਨਾ ਚਾਹੀਦਾ ਹੈ ਕਿ ਕੱਚੇ ਗੁਰੂ ਹਮੇਸ਼ਾ ਮਲਦਾਰ ਵਿਚ ਡੋਬਦੇ ਹਨ ਅਤੇ ਪੂਰਨ ਗੁਰੂ ਹਮੇਸ਼ਾ ਤਾਰਦੇ ਹਨ, ਜੇਕਰ ਅਸੀਂ ਰਸਤੇ ਤੇ ਤੁਰਾਗੇ ਨਹੀਂ ਤਾਂ ਮੰਜਿਲ ਕਿਵੇਂ ਪਾ ਸਕਦੇ ਹਾਂ, ਸਾਡੀ ਮੰਜਿਲ ਗੋਬਿੰਦ ਹੈ, ਸਾਡੀ ਮੰਜਿਲ ਪਰਮੇਸ਼ਰ ਹੈ, ਨਾਮ ਹੀ ਸੱਚ ਹੈ ਅਤੇ ਸੱਚ ਹਮੇਸ਼ਾ ਵਾਹਿਗੁਰੂ ਹੈ, ਸਾਨੂੰ ਸੰਗਤ ਵਿਚ ਬੈਠ ਕੇ ਨਾਮ ਸਿਮਰਨ ਕਰਨਾ ਚਾਹੀਦਾ ਹੈ ਅਤੇ ਨਾਮ ਸਿਮਰਨ ਹੀ ਭਵਸਾਗਰ ਤੱਕ ਲੈ ਕੇ ਜਾਉਗਾ, ਨਾਮ ਜਪਣ ਨਾਲ ਸਾਨੂੰ ਸੁੱਖਾਂ ਦੀ ਪ੍ਰਾਪਤੀ ਹੁੰਦੀ ਹੈ, ਸਿੰਘ ਸਾਹਿਬ ਜੀ ਨੇ ਅੱਗੇ ਕਿਹਾ ਕਿ ਅਸੀਂ ਕਿਸੇ ਦੇ ਘਰ ਜਾਣਾ ਹੁੰਦਾ ਹੈ, ਜੇਕਰ ਸਾਨੂੰ ਉਸ ਘਰ ਦਾ ਪਤਾ ਹੀ ਨਹੀਂ ਹੋਵੇਗਾ, ਅਸੀਂ ਉਸ ਘਰ ਕਿਵੇਂ ਪਹੁੰਚ ਸਕਦੇ ਹਾਂ, ਜੇਕਰ ਅਸੀਂ ਨਾਮ ਜਪਣ ਦੀ ਜਾਂਚ ਉਨ੍ਹਾਂ ਤਾਰੂਆਂ ਕੋਲੋਂ ਸਿੱਖ ਵੀ ਲੈਂਦੇ ਹਾਂ, ਪਰ ਜਦੋਂ ਘੁੰਮਣ ਘੇਰੀ ਤੋਂ ਕਿਵੇਂ ਬਚਿਆ ਜਾ ਸਕਦਾ ਹੈ, ਸਿਰਫ ਤਾਂ ਸਿਰਫ ਨਾਮ ਜਪਣ ਨਾਲ ਹੀ ਅਸੀਂ ਭਵਸਾਗਰ ਤੋਂ ਪਾਰ ਹੋ ਜਾਂਵਾਗੇ, ਸਾਡੀ ਛੋਟੀ ਜਿਹੀ ਜਿੰਦਗੀ ਹੈ, ਪਤਾ ਨਹੀਂ ਸਵਾਸ ਆਉਣੇ ਹਨ ਜਾਂ ਨਹੀਂ, ਇਸ ਲਈ ਸਾਨੂੰ ਆਪਣਾ ਜੀਵਨ ਲੋਕ ਭਲਾਈ ਦੇ ਕੰਮਾਂ ਵਿਚ ਮਨੁੱਖਤਾ ਦੀ ਸੇਵਾ ਵਿਚ ਜਾ ਘਰ ਆਏ ਮਹਿਮਾਨ ਦੀ ਸੇਵਾ ਵਿਚ ਲਾਉਣੀ ਚਾਹੀਦੀ ਹੈ ਅਤੇ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਨਾਲ ਜੁੜੋ ਨਹੀਂ ਤਾਂ ਗੁਰਮੰਤਰ ਤੋਂ ਹੀਨਾ ਵਿਅਕਤੀ ਕਾਂ, ਕੁੱਤਾ ਅਤੇ ਜਾਨਵਰਾਂ ਤੋਂ ਵੀ ਭੈੜਾ ਹੈ, ਇਸ ਲਈ ਵੱਧ ਤੋਂ ਵੱਧ ਨਾਮ ਜਦੋ, ਕੀਰਤ ਕਰੋ ਅਤੇ ਪਰਮੇਸ਼ਰ ਦਾ ਨਾਮ ਜਪਣਾ ਹੀ ਸਾਡਾ ਰਮ ਹੈ ਅਤੇ ਇਸ ਸਰੀਰ ਨੇ ਤੁਹਾਡੇ ਲਈ ਨਹੀਂ ਜਾਣਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਦਾ ਧੰਨਵਾਦ ਕੀਤਾ, ਜਿਹੜੇ ਆਪਣਾ ਕੀਮਤੀ ਸਮਾਂ ਕੱਢ ਕੇ ਗੁਰਦੁਆਰਾ ਸਾਹਿਬ ਵਿਚ ਆਪਣੀ ਹਾਜ਼ਰੀ ਲੁਆਈ। ਇਸ ਮੌਕੇ ਤੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਸਨਮਾਨਿਤ ਕੀਤਾ ਗਿਆ।

### ਮੰਗਾਂ ਦੀ ਪ੍ਰਾਪਤੀ ਲਈ

# ਸੰਘਰਸ਼ ਹੋਵੇਗਾ ਹੋਰ ਤਿੱਖਾ—ਮੁਲਾਜ਼ਮ ਆਗੂ



ਫ਼ਿਰੋਜ਼ਪੁਰ, 16 ਫਰਵਰੀ (ਮਨੋਹਰ ਲਾਲ) :— ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਵੱਲੋਂ ਵੱਡੀ ਗਿਣਤੀ ਵਿਚ ਇਕੱਤਰਤਾ ਕਰਦੇ ਹੋਏ ਮੈਨੇਜਮੈਂਟ ਅਤੇ ਸਰਕਾਰ ਵਿਰੁੱਧ ਕੀਤੀ ਹੜਤਾਲ। ਇਸ ਧਰਨੇ ਦੀ ਅਗਵਾਈ ਰਜੇਸ਼ ਦੱਤਾ ਪ੍ਰਧਾਨ ਸ਼ਹਿਰੀ ਮੰਡਲ ਵੱਲੋਂ ਕੀਤੀ ਗਈ, ਜਦੋਂ ਕਿ ਧਰਨੇ ਦੀ ਪ੍ਰਧਾਨਗੀ ਸੁਖਚੈਨ ਸਿੰਘ ਵੱਲੋਂ ਬਾਖੂਬੀ ਕਰਦਿਆਂ ਸਰਕਾਰ ਅਤੇ ਮੈਨੇਜਮੈਂਟ ਨੂੰ ਕਰੜੇ ਹੱਥੀਂ ਲੈਂਦਿਆਂ ਕੋਸਿਆ ਗਿਆ। ਇਸ ਮੌਕੇ ਸਤੀਸ਼ ਕੁਮਾਰ ਸਹਾਇਕ ਸਕੱਤਰ ਪੰਜਾਬ ਸਰਕਲ ਦੇ ਪ੍ਰਧਾਨ ਅਸ਼ਵਨੀ ਕੁਮਾਰ, ਸੁਖਚੈਨ ਸਿੰਘ, ਰਕੇਸ਼ ਮੈਣੀ, ਅਮੋਲਕ ਸਿੰਘ, ਰਾਮ ਸੁੱਖ, ਰੋਸ਼ਨ ਲਾਲ, ਮੇਜਰ ਸਿੰਘ, ਨੰਦ ਲਾਲ, ਪ੍ਰਦੀਪ ਕੁਮਾਰ, ਰਜਿੰਦਰ ਸਿੰਘ ਆਦਿ ਆਗੂ ਸਾਥੀਆਂ ਨੇ ਬੋਲਦਿਆਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਕਿਸਾਨ, ਮਜ਼ਦੂਰ, ਮੁਲਾਜ਼ਮ ਵਿਰੋਧੀ ਮਾੜੀਆਂ ਨੀਤੀਆਂ ਲੈ ਕੇ ਆ ਰਹੀ ਹੈ, ਜ਼ੋ ਬਿਜਲੀ ਸੋਧ ਬਿੱਲ 2020 ਲੈ ਕੇ ਆ ਰਹੀ ਹੈ ਅਤੇ ਸਾਰੇ ਸਰਕਾਰੀ ਅਦਾਰਿਆਂ ਨੂੰ ਪ੍ਰਾਈਵੇਟ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੁਰਾਣੀ ਪੈਨਸ਼ਨ ਬੰਦ ਕਰਕੇ ਨਵੀਂ ਪੈਨਸ਼ਨ ਸਕੀਮ ਕੇਂਦਰ ਸਰਕਾਰ ਲੈ ਕੇ ਆ ਰਹੀ ਹੈ, ਜਿਸ ਵਿਚ ਮੁਲਾਜ਼ਮਾਂ ਨੂੰ ਕਾਫੀ ਘਾਟਾ ਹੈ ਅਤੇ ਵੱਖ—ਵੱਖ ਕਾਨੂੰਨ ਬਨਾਏ ਜਾ ਰਹੇ ਹਨ, ਜ਼ੋ ਦੇਸ਼ ਵਿਰੋਧੀ ਸਾਬਿਤ ਹੋ ਰਹੇ ਹਨ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਮੁਲਾਜ਼ਮਾਂ ਦੀਆਂ ਡੀ.ਏ ਦੀਆਂ ਕਿਸ਼ਤਾਂ ਵੀ ਰੋਕੀਆਂ ਹੋਈਆਂ ਹਨ ਅਤੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀਆਂ ਇਨ੍ਹਾਂ ਨੀਤੀਆਂ ਖਿਲਾਫ 20 ਫਰਵਰੀ 2024 ਨੂੰ ਪੰਜਾਬ ਅੰਦਰ ਬਿਜਲੀ ਮੰਤਰੀ ਦੀ ਕੋਠੀ ਅੱਗੇ ਧਰਨਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੀ.ਆਰ.ਏ 295/19 ਦੇ ਸਾਥੀਆਂ ਨੂੰ ਪੂਰੀ ਤਨਖਾਹ ਦਿੱਤੀ ਜਾਵੇ, ਜੇਕਰ ਸਰਕਾਰ ਨੇ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਬਿਜਲੀ ਮੁਲਾਜ਼.ਮ ਸੰਘਰਸ਼ ਨੂੰ ਹੋਰ ਤਿੱਖਾ ਕਰਨਗੇ, ਜਿਸ ਦੀ ਸਾਰੀ ਜਿੰਮੇਵਾਰੀ ਪੰਜਾਬ ਅਤੇ ਕੇਂਦਰ ਸਰਕਾਰ ਦੀ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਕਿਸਾਨਾਂ ਦੇ ਸੰਘਰਸ਼ ਦੀ ਹਮਾਇਤ ਕਰੇਗੀ ਫੈਡਰੇਸ਼ਨ—ਰਾਜਵਿੰਦਰ ਸਿੰਘ ਗੋਲਡੀ



**ਫ਼ਿਰੋਜ਼ਪੁਰ, 16 ਫਰਵਰੀ (ਮਨੋਹਰ ਲਾਲ) :—** ਸੰਯੁਕਤ ਕਿਸਾਨ ਮੋਰਚਾ ਅਤੇ ਦੇਸ਼ ਦੀਆਂ ਮਜ਼ਦੂਰ ਜਥੇਬੰਦੀਆਂ ਵੱਲੋਂ ਮੋਦੀ ਸਰਕਾਰ ਵੱਲੋਂ ਦੇਸ਼ ਦੇ ਜਲ ਜੰਗਲ ਜਮੀਨ ਅਤੇ ਸਮੁੱਚੇ ਕਾਰੋਬਾਰਾਂ ਤੇ ਕਾਰਪੋਰੇਟ ਦਾ ਕਬਜ਼ਾ ਕਰਵਾਉਣ ਅਤੇ ਦੇਸ਼ ਦੀਆਂ ਘੱਟ ਗਿਣਤੀਆਂ ਨੂੰ ਦਬਾ ਕੇ ਬਹੁ ਗਿਣਤੀਆਂ ਦੇ ਧੁਰਵੀਕਰਣ ਕਰਕੇ ਦੇਸ਼ ਦੇ ਫੈਡਰਲ ਢਾਂਚੇ ਨੂੰ ਕਮਜ਼ੋਰ ਕਰਨ ਦੇ ਏਜੰਡੇ ਦੇ ਵਿਰੋਧ ਵਿੱਚ 16 ਫਰਵਰੀ ਨੂੰ ਭਾਰਤ ਬੰਦ ਦੇ ਸੱਦੇ ਦੀ ਫੈਡਰੇਸ਼ਨ ਪੂਰਨ ਹਮਾਇਤ ਕਰਨ ਕਰਦੀ ਹੈ। ਇਹ ਵਿਚਾਰ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਗੋਲਡੀ ਨੇ ਸਾਂਝੇ ਕਰਦਿਆਂ ਕਿਹਾ ਕਿ ਬੰਦ ਨੂੰ ਸਫਲ ਬਣਾਉਣ ਲਈ ਫੈਡਰੇਸ਼ਨ ਆਪਣੇ ਕਾਡਰ ਦੀ ਲਾਮਬੰਦੀ ਕਰੇਗੀ ਅਤੇ 16 ਫਰਵਰੀ ਨੂੰ ਹੋਣ ਵਾਲੇ ਇਕੱਠਾਂ ਵਿੱਚ ਸ਼ਮੂਲੀਅਤ ਕਰੂਗੀ। ਫੈਡਰੇਸ਼ਨ ਦੇ ਪ੍ਰਧਾਨ ਗੋਲਡੀ ਨੇ ਕਿਹਾ ਕਿ ਭਾਜਪਾ ਦੀ ਕੇਂਦਰ ਸਰਕਾਰ ਨੇ ਪਿਛਲੇ 10 ਸਾਲਾਂ ਵਿੱਚ ਜੀ.ਐਸ.ਟੀ ਡੈਮ ਸੇਫਟੀ ਐਕਟ ਕੇਂਦਰੀ ਬਿਜਲ, ਬਿਜਲੀ ਰੈਗੂਲੇਟਰੀ ਕਮਿਸ਼ਨ ਕੌਮੀ ਸਿੱਖਿਆ ਨੀਤੀ ਆਦਿ ਰਾਹੀਂ ਸੂਬਿਆਂ ਦੇ ਅਧਿਕਾਰਾਂ ਨੂੰ ਵੱਡਾ ਖੋਰਾ ਲਾਇਆ ਗਿਆ ਹੈ ਅਤੇ ਆਪਣੇ ਹੱਕ ਮੰਗਣ ਲਈ ਦਿੱਲੀ ਨੂੰ ਜਾ ਰਹੇ ਕਿਸਾਨਾਂ ਨੂੰ ਰੋਕ ਕੇ ਉਹਨਾਂ ਤੇ ਅੱਥਰੂ ਗੈਸ ਦੇ ਗੋਲੇ ਲਾਠੀਚਾਰਜ ਸੈਂਕੜਿਆਂ ਦੀ ਗਿਣਤੀ ਵਿੱਚ ਕਿਸਾਨਾਂ ਨੂੰ ਜਖਮੀ ਕੀਤਾ ਗਿਆ। ਉਨ੍ਹਾਂ ਕਿਹਾ ਕਿ ਵੱਖ—ਵੱਖ ਬਾਰਡਰਾਂ ਨੂੰ ਸੀਲ ਕੀਤਾ ਗਿਆ ਜਿਹੜੇ ਦੋ ਸਾਲ ਪਹਿਲਾਂ ਵਾਅਦੇ ਕੀਤੇ ਸੀ ਕੇਂਦਰ ਸਰਕਾਰ ਨੇ ਉਹਨਾਂ ਵਾਅਦਿਆਂ ਤੋਂ ਮੁੱਕਰਨ ਦੇ ਕਾਰਨ ਦੁਬਾਰਾ ਸੰਘਰਸ਼ ਲਈ ਜਾ ਰਹੇ ਕਿਸਾਨਾਂ ਤੇ ਲਾਠੀਚਾਰਜ ਕਰਨ ਦੀ ਨਿਖੇਧੀ ਕੀਤੀ। ਅੱਜ ਦੇਸ਼ ਦੇ ਅੰਨਦਾਤਾ ਜਿਹੜਾ ਸਮੁੱਚੇ ਹੀ ਦੇਸ਼ ਦਾ ਢਿੱਡ ਭਰਦਾ ਉਹ ਸੜਕਾਂ ਤੇ ਰੁਲ ਰਿਹਾ ਹੈ ਹਰਿਆਣਾ ਸਰਕਾਰ ਵੱਲੋਂ ਪੰਜਾਬ ਵਿੱਚ ਆ ਕੇ ਡਰੋਨ ਰਾਹੀਂ ਅਥਰੂ ਗੈਸ ਦੇ ਗੋਲੇ ਸਿੱਟਣੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੂੰ ਜਖਮੀ ਕਰਨ ਤੇ ਪੰਜਾਬ ਸਰਕਾਰ ਨੂੰ ਐਕਸ਼ਨ ਲੈਣਾ ਚਾਹੀਦਾ ਹੈ। ਇਸ ਮੌਕੇ ਸੁਖਪਾਲ ਸਿੰਘ, ਗੁਰਪ੍ਰੀਤ ਸਿੰਘ, ਹਰਪਾਲ ਸਿੰਘ, ਭੁਪਿੰਦਰ ਸਿੰਘ, ਅਮਨ ਭੁੱਲਰ, ਬਲਜੀਤ ਸਿੰਘ ਮੱਖੂ, ਪ੍ਰਦੀਪ ਸਿੰਘ ਢਿੱਲੋ, ਪ੍ਰੀਤ ਹਾਮਦ ਹਾਜ਼ਰ ਸਨ।

# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਵਿਖੇ ਹਰ ਬਿਮਾਰੀਆਂ ਦੇ ਵੱਖ—ਵੱਖ ਕੈਂਪ ਲਾਏ



ਫ਼ਿਰੋਜ਼ਪੁਰ, 16 ਫਰਵਰੀ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਹਰ ਬਿਮਾਰੀ ਦੇ ਇਲਾਜ ਲਈ ਵੱਖ—ਵੱਖ ਕੈਂਪ ਲਾਏ ਗਏ। ਇਸ ਮੌਕੇ ਤੇ ਸਭ ਤੋਂ ਪਹਿਲਾਂ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਉਦਘਾਟਨ ਕੀਤਾ। ਇਸ ਮੌਕੇ ਤੇ ਡਾ: ਮਨਦੀਪ ਸਿੰਘ ਹੱਡੀਆਂ ਵਾਲੇ ਫ਼ਿਰੋਜ਼ਪੁਰ, ਡਾ: ਰਜਿੰਦਰ ਸਿੰਘ ਮਮਦੋਟ, ਡਾ: ਮਹਿਲ ਸਿੰਘ ਟਿੱਬੀ ਕਲਾਂ, ਡਾ: ਰਣਜੀਤ ਸਿੰਘ ਮੁਰਕਵਾਲਾ, ਡਾ: ਬਬਲਪ੍ਰੀਤ ਸਰਗੁਣ ਹੋਮਿਓਪੈਥਿਕ ਤੋਂ ਇਲਾਵਾ ਵਾਹਿਗੁਰੂ ਅੱਖਾਂ ਦਾ ਹਸਪਤਾਲ ਵਾਲਿਆਂ ਨੇ ਮਰੀਜਾਂ ਨੂੰ ਚੈਕਅਪ ਕਰਕੇ ਦਵਾਈਆਂ ਦਿੱਤੀਆਂ। ਇਹ ਸਾਰੀਆਂ ਦਵਾਈਆਂ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵੱਲੋਂ ਮੁਫਤ ਦਿੱਤੀਆਂ ਗਈਆਂ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਬੋਲਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਇਕ ਸੱਚੀ ਸੁੱਚੀ ਸੇਵਾ ਹੈ, ਸਾਨੂੰ ਇਨ੍ਹਾਂ ਲੋਕ ਭਲਾਈ ਦੇ ਕੰਮਾਂ ਵਿਚ ਅੱਗੇ ਆਉਣਾ ਚਾਹੀਦਾ ਹੈ ਅਤੇ ਜ਼ਰੂਰਤਮੰਦਾਂ ਦੀ ਸੇਵਾ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਚੰਨ ਸਿੰਘ, ਭਾਈ ਜ਼ੋਗਾ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਭਾਈ ਬਲਜੀਤ ਸਿੰਘ ਬੱਬੂ, ਭਾਈ ਸੰਤੋਖ ਸਿੰਘ, ਭਾਈ ਸ਼ੇਰ ਸਿੰਘ ਸਰੰਚ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜੱਸੂ ਹਾਜ਼ਰ ਸਨ।

# ਭਾਈ ਸੁਖਦੇਵ ਸਿੰਘ ਮੁੱਖ ਬੁਲਾਰੇ ਦਮਦਮੀ ਟਕਸਾਲ ਨੇ ਕਿਸਾਨਾਂ ਉਪਰ ਹੋਏ ਲਾਠੀਚਾਰਜ ਅੱਥਰੂ ਗੈਸ ਅਤੇ ਕਿਸਾਨਾਂ ਨੂੰ ਜਖਮੀ ਕਰਨ ਦੀ ਸਖਤ ਸ਼ਬਦਾਂ ਵਿਚ ਕੀਤੀ ਨਿੰਦਿਆ



ਫ਼ਿਰੋਜ਼ਪੁਰ, 16 ਫਰਵਰੀ (ਮਨੋਹਰ ਲਾਲ) :— ਭਾਈ ਸੁਖਦੇਵ ਸਿੰਘ ਮੁੱਖ ਬੁਲਾਰੇ ਦਮਦਮੀ ਟਕਸਾਲ ਨੇ ਨਿਹੱਥੇ ਕਿਸਾਨਾਂ ਉਪਰ ਹੋਏ ਲਾਠੀਚਾਰਜ ਅੱਥਰੂ ਗੈਸ ਅਤੇ ਬਹੁਤ ਸਾਰੇ ਕਿਸਾਨਾਂ ਨੂੰ ਜਖਮੀ ਕਰਨ ਦੀ ਕੇਂਦਰ ਸਰਕਾਰ ਦੀ ਸਖਤ ਸ਼ਬਦਾਂ ਵਿਚ ਨਿੰਦਿਆ ਕੀਤੀ ਹੈ, ਕਿਉਂਕਿ ਕਿਸਾਨ ਇਕ ਭਗਤ ਹੁੰਦੇ ਹਨ, ਜਿਹੜੇ ਸਾਰਾ ਦਿਨ ਹੱਡਭੰਨਵੀਂ ਮਿਹਨਤ ਕਰਕੇ ਸਾਰੇ ਦੇਸ਼ ਦੇ ਲੋਕਾਂ ਦਾ ਢਿੱਡ ਭਰਦੇ ਹਨ, ਭਾਵੇਂ ਉਹ ਮੰਤਰੀ ਹੋਵੇ ਭਾਵੇਂ ਪ੍ਰਧਾਨ ਮੰਤਰੀ ਭਾਵੇਂ ਪੁਲਿਸ ਅਫਸਰ ਹੋਵੇ ਉਹ ਸਿਰਫ ਤੇ ਸਿਰਫ ਦੇਸ਼ ਦੇ ਅੰਨਦਾਤੇ ਦਾ ਦਿੱਤਾ ਹੋਇਆ ਅਨਾਜ ਨਾਲ ਆਪਣਾ ਢਿੱਡ ਭਰਕੇ ਸੋਦਾ ਹੈ, ਪਰ ਅੱਜ ਕਿਸਾਨ ਦੀ ਬਹੁਤ ਮਾੜੀ ਹਾਲਤ ਹੋਈ ਪਈ ਹੈ, ਕਿਸਾਨਾਂ ਦੇ ਸਿਰ ਤੇ ਪੰਡਾਂ ਹੀ ਪੰਡਾ ਕਰਜ ਹੈ, ਇਸ ਲਈ ਮੈਂ ਕੇਂਦਰ ਸਰਕਾਰ ਨੂੰ ਅਪੀਲ ਕਰਦਾ ਹਾਂ ਕਿ ਕਿਸਾਨਾਂ ਦੀਆਂ ਜਾਇਜ਼ ਮੰਗਾਂ ਜਲਦੀ ਤੋਂ ਜਲਦੀ ਮੰਨ ਲੈਣੀਆਂ ਚਾਹੀਦੀਆਂ। ਭਾਈ ਸਾਹਿਬ ਨੇ ਅੱਗੇ ਕਿਹਾ ਕਿ ਜੇਕਰ ਕੇਂਦਰ ਸਰਕਾਰ ਨੇ ਜਲਦੀ ਤੋਂ ਜਲਦੀ ਕਿਸਾਨਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਇਸ ਦੇ ਮਾੜੇ ਪ੍ਰਣਾਮ ਨਿਕਲ ਸਕਦੇ ਹਨ, ਜਿਸ ਦੀ ਸਾਰੀ ਜਿੰਮੇਵਾਰੀ ਕੇਂਦਰ ਸਰਕਾਰ ਦੀ ਹੋਵੇਗੀ।

ਬਜ਼ਾਰਾਂ 'ਚ ਫੈਡਰੇਸ਼ਨ ਦੀ ਆਮਦ 'ਤੇ

# ਸ਼ਟਰ ਹੋਏ ਠਾਹ-ਠਾਹ ਬੰਦ




ਫ਼ਿਰੋਜ਼ਪੁਰ, 16 ਫਰਵਰੀ (ਮਨੋਹਰ ਲਾਲ) :— ਕੇਂਦਰ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਕਾਰਣ ਪਿਛਲੇ ਕੁਝ ਸਮੇਂ ਤੋਂ ਆਪਣੇ ਬਣਦੇ ਹੱਕ ਲੈਣ ਲਈ ਸਮੁੱਚੀਆਂ ਕਿਸਾਨ ਜਥੇਬੰਦੀਆਂ ਵੱਲੋਂ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ, ਜਿਸ ਤੇ ਚਲਦਿਆਂ ਕਿਸਾਨ ਜਥੇਬੰਦੀਆਂ ਵੱਲੋਂ ਅੱਜ 16 ਫਰਵਰੀ ਦੇ ਭਾਰਤ ਬੰਦ ਦੀ ਦਿੱਤੀ ਕਾਲ ਦਾ ਪੰਜਾਬ ਦੇ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਬੰਦ ਪੂਰਨ ਅਸਰ ਦੇਖਣ ਨੂੰ ਮਿਲਿਆ। ਬੰਦ ਦੀ ਕਾਲ ਸੰਪੂਰਨ ਹੋਣ ਤੇ ਫੈਡਰੇਸ਼ਨ ਮਹਿਤਾ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਗੱਲਬਾਤ ਕਰਦਿਆਂ ਜਿਥੇ ਇਸ ਬੰਦ ਨੂੰ ਸਫਲ ਬਨਾਉਣ ਵਾਲਿਆਂ ਦੇ ਦਿੱਤੇ ਸਹਿਯੋਗ ਦਾ ਧੰਨਵਾਦ ਕੀਤਾ, ਉਥੇ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਉਹ ਤੁਰੰਤ ਕਿਸਾਨੀ ਮਸਲਿਆਂ ਦਾ ਹੱਲ ਕੱਢੇ। ਗੱਲਬਾਤ ਕਰਦਿਆਂ ਜ਼ਸਪਾਲ ਸਿੰਘ ਨੇ ਕਿਹਾ ਕਿ ਜਿਥੇ ਕਿਸਾਨ ਜਥੇਬੰਦੀਆਂ ਨੇ ਆਪੋ—ਆਪਣੇ ਢੰਗ ਨਾਲ ਇਸ ਬੰਦ ਨੂੰ ਸਫਲ ਬਨਾਉਣ ਲਈ ਕੋਸ਼ਿਸ਼ਾਂ ਕੀਤੀਆਂ, ਉਥੇ ਸਿੱਖ ਜਥੇਬੰਦੀਆਂ, ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਨੇ ਵੀ ਆਪਣੇ ਪੁਰਾਣੇ ਬਣੇ ਪ੍ਰਭਾਵ ਦਾ ਅਸਰ ਦਿਖਾਇਆ। ਫੈਡਰੇਸ਼ਨ ਹਿਤਾ ਵਰਕਰ ਸਵੇਰ ਤੋਂ ਹੀ ਅਲੱਗ—ਅਲੱਗ ਗਰੁੱਪ ਬਣਾ ਕੇ ਇਕੱਠੇ ਹੋਣੇ ਸ਼ੁਰੂ ਹੋ ਗਏ ਅਤੇ ਆਪੋ—ਆਪਣੀਆਂ ਲੱਗੀਆਂ ਡਿਊਟੀਆਂ ਅਨੁਸਾਰ ਬਜ਼ਾਰਾਂ ਵੱਲ ਮੋਟਰ ਸਾਈਕਲਾਂ ਅਤੇ ਸਕੂਟਰਾਂ ਤੇ ਸਵਾਰ ਹੋ ਕੇ ਰਵਾਨਾ ਹੋ ਗਏ, ਕਿਸੇ ਵੀ ਅਣਸੁਖਾਵੀਂ ਘਟਨਾ ਵਾਪਰਨ ਦੇ ਮੱਦੇਨਜ਼ਰ ਭਾਰੀ ਪੁਲਿਸ ਫੋਰਸ ਜਿੰਨਾਂ ਦੀ ਅਗਵਾਈ ਡੀ.ਐਸ.ਪੀ ਸਿਟੀ ਬਲਕਾਰ ਸਿੰਘ ਕਰ ਰਹੇ ਸਨ, ਇਨ੍ਹਾਂ ਵਰਕਰਾਂ ਦੇ ਨਾਲ—ਨਾਲ ਚੱਲ ਰਹੀ ਸੀ। ਫੈਡਰੇਸ਼ਨ ਵਰਕਰਾਂ ਨੇ ਅਨੁਸਾਸ਼ਨ ਵਿਚ ਰਹਿੰਦਿਆਂ ਕੁਝ ਖੁਲੀਆਂ ਦੁਕਾਨਾਂ ਤੇ ਸਰਕਾਰੀ ਅਦਾਰੇ ਬੰਦ ਕਰਾਏ, ਫੈਡਰੇਸ਼ਨ ਦੇ ਪੁਰਾਣੇ ਬਣੇ ਪ੍ਰਭਾਵ ਕਾਰਣ ਕੁਝ ਖੁਲੀਆਂ ਦੁਕਾਨਾਂ ਦੇ ਮਾਲਕਾਂ ਨੇ ਵਰਕਰਾਂ ਦੇ ਆਉਣ ਦੀ ਭਿਣਕ ਪੈਣ ਤੇ ਆਪਣੀਆਂ ਦੁਕਾਨਾਂ ਦੇ ਸ਼ਟਰ ਠਾਹ—ਠਾਹ ਬੰਦ ਕਰ ਦਿੱਤੇ। ਇਸ ਸਮੇਂ ਭਾਈ ਜ਼ਸਪਾਲ ਸਿੰਘ ਦੇ ਨਾਲ ਜਰਨੈਲ ਸਿੰਘ ਗਾਬੜੀਆ, ਡਾ: ਗੁਰਮੀਤ ਸਿੰਘ ਸਿੱਧੂ, ਗਗਨਦੀਪ ਸਿੰਘ ਚਾਵਲਾ, ਗੁਰਦਰਸ਼ਨ ਸਿੰਘ ਬੱਬੀ, ਅਮਰ ਸਿੰਘ, ਕੁਲਦੀਪ ਸਿੰਘ ਨੰਢਾ, ਗੁਰਮੇਲ ਸਿੰਘ ਭੇਡੀਆ, ਗੁਰਪ੍ਰੀਤ ਸਿੰਘ, ਸੁਖਚੈਨ ਸਿੰਘ, ਹਰਜਿੰਦਰ ਸਿੰਘ ਬੱਗਾ, ਜ਼ਸਬੀਰ ਸਿੰਘ ਜੱਸ, ਜਗਦੇਵ ਸਿੰਘ ਲਾਡੀ, ਗੁਰਮੀਤ ਸਿੰਘ ਸਮੇਤ ਹੋਰ ਕਈ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ

# ਨਿਜੀ ਕਰਨ ਨੀਤੀਆਂ ਦੀ ਕੀਤੀ ਨਿਖੇਧੀ




**ਫ਼ਿਰੋਜ਼ਪੁਰ, 16 ਫਰਵਰੀ (ਮਨੋਹਰ ਲਾਲ)** :— ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਜੇ.ਪੀ.ਐਮ.ਓ ਵੱਲੋਂ ਕੇਂਦਰ ਤੇ ਰਾਜ ਸਰਕਾਰ ਦੀਆਂ ਮੁਲਾਜ਼ਮ, ਮਜ਼ਦੂਰ, ਕਿਸਾਨ ਵਿਰੋਧੀ ਨੀਤੀਆਂ ਦੇ ਵਿਰੋਧ ਵਿੱਚ ਨੋਰਦਰਨ ਰੇਲਵੇ ਮੈਨਜ ਯੂਨੀਅਨ ਦਫਤਰ ਫਿਰੋਜਪੁਰ ਵਿਖੇ ਇਕੱਤਰ ਹੋ ਕੇ ਨਾਹਰੇ ਮਾਰਦੇ ਹੋਏ ਡਵੀਜ਼ਨ ਰੇਲਵੇ ਮੈਨੇਜਰ ਫਿਰੋਜ਼ਪੁਰ ਦਫਤਰ ਦੇ ਗੇਟ ਤੇ ਵਿਸ਼ਾਲ ਰੈਲੀ ਕੀਤੀ ਗਈ। ਇਸ ਉਪਰੰਤ ਵੱਡੇ ਕਾਫਲੇ ਦੇ ਰੂਪ ਵਿੱਚ ਸੱਤ ਨੰਬਰ ਚੁੰਗੀ ਤੇ ਕੀਤੇ ਜਾ ਰਹੇ ਭਾਰਤ ਬੰਦ ਦੇ ਧਰਨੇ ਵਿੱਚ ਸ਼ਾਮਿਲ ਹੋਏ। ਇਸ ਸਮੇਂ ਸਾਂਝੇ ਮੋਰਚੇ ਵਿੱਚ ਸ਼ਾਮਿਲ ਵੱਖ—ਵੱਖ ਜਥੇਬੰਦੀਆਂ ਦੇ ਆਗੂ ਜਿਨਾਂ ਵਿੱਚ ਸੁਰਿੰਦਰ ਸਿੰਘ ਕਨਵੀਨਰ, ਕਿਸਨ ਚੰਦ ਜਾਗੋਵਾਲੀਆ ਕਨਵੀਨਰ, ਸੁਭਾਸ਼ ਸ਼ਰਮਾ ਕੋ—ਆਰਡੀਨੇਟਰ, ਮਹਿੰਦਰ ਸਿੰਘ ਧਾਲੀਵਾਲ ਖਜਾਨਚੀ, ਦੇਸ਼ ਰਾਜ, ਪ੍ਰਤਾਪ ਸਿੰਘ ਢਿੱਲੋਂ, ਬਲਬੀਰ ਸਿੰਘ ਕੰਬੋਜ, ਤਰਲੋਕ ਸਿੰਘ, ਰਮੇਸ਼ ਕੁਮਾਰ, ਡਾਕਟਰ ਪ੍ਰਦੀਪ ਰਾਣਾ, ਜਗਜੀਤ ਸਿੰਘ, ਬਲਬੀਰ ਸਿੰਘ ਗੋਖੀਵਾਲਾ, ਅਨਿਲ ਸੇਠੀ ਦਲਜੀਤ ਸਿੰਘ ਯਾਰੇਸ਼ਾਹ ਵਾਲਾ, ਕਰਮ ਸਿੰਘ ਹਰਾਜ, ਰਮੇਸ਼ ਭੱਟੀ, ਮੇਹਰ ਸਿੰਘ, ਗੁਰਮੀਤ ਸਿੰਘ ਔਲਖ ਪਦਮ ਕੁਮਾਰ, ਬੂਟਾ ਸਿੰਘ ਆਦਿ ਨੇ ਕਿਹਾ ਕਿ ਕੇਂਦਰ ਤੇ ਰਾਜ ਸਰਕਾਰ ਦੇ ਮੁਲਾਜ਼ਮਾਂ ਮਜਦੂਰਾ ਕਿਸਾਨਾਂ ਦੇ ਜਮਹੂਰੀ ਅਧਿਕਾਰਾਂ ਉੱਪਰ ਪਾਬੰਦੀਆਂ ਲਗਾਈਆਂ ਜਾ ਰਹੀਆਂ। ਉਨ੍ਹਾਂ ਕਿਹਾ ਕਿ ਮਜ਼ਦੂਰਾਂ ਦੇ ਜਥੇਬੰਦ ਹੋਣ, ਸੰਘਰਸ਼ ਕਰਨ ਅਤੇ ਹੜਤਾਲ ਕਰਨ ਦਾ ਅਧਿਕਾਰ ਖੋਹਣ ਹਿੱਤ 40 ਕਿਰਤ ਕਾਨੂੰਨਾਂ ਨੂੰ ਚਾਰ ਕਿਰਤ ਕੋਡਾਂ ਵਿੱਚ ਬਦਲਿਆ ਗਿਆ ਹੈ ਅਤੇ ਸੰਵਿਧਾਨ ਦੀ ਧਾਰਾ 310, 311(2) ਏ.ਬੀ.ਸੀ, ਜਿਸ ਅਧੀਨ ਮੁਲਾਜ਼ਮਾਂ ਨੂੰ ਬਿਨਾਂ ਕੁਝ ਦੱਸੇ ਬਿਨਾਂ ਕੁਝ ਪੁੱਛੇ ਨੌਕਰੀ ਤੋਂ ਬਰਖਾਸਤ ਕੀਤਾ ਜਾ ਸਕਦਾ ਨੂੰ ਰੱਦ ਨਹੀਂ ਕੀਤਾ ਜਾ ਰਿਹਾਂ। ਉਨ੍ਹਾਂ ਕਿਹਾ ਕਿ ਇਹ ਸਰਕਾਰਾਂ ਮਹਿੰਗਾਈ ਤੇ ਬੇ➡ਜ਼ਗਾਰੀ ਨੂੰ ਨੱਥ ਪਾਉਣ ਵਿੱਚ ਬੁਰੀ ਤਰ੍ਹਾਂ ਫੇਲ ਹੋਈਆਂ ਹਨ, ਮਜ਼ਦੂਰਾਂ ਮੁਲਾਜ਼ਮਾਂ ਕਿਸਾਨਾਂ ਨੂੰ ਮਿਲਦੀਆਂ ਸਹੂਲਤਾਂ ਵਿੱਚ ਭਾਰੀ ਕਟੌਤੀ ਕੀਤੀ ਜਾ ਰਹੀ ਹੈ, ਮੁਲਾਜ਼ਮਾਂ ਨੂੰ ਸੇਵਾਂ ਮੁਕਤ ਹੋਣ ਤੇ ਮਿਲਦੀ ਪੈਨਸ਼ਨ ਬੰਦ ਕਰ ਦਿੱਤੀ ਹੈ, ਇਸ ਦੇ ਉਲਟ ਕਾਰਪੋਰੇਟ ਘਰਾਣਿਆਂ ਅਤੇ ਉਦਯੋਗਪਤੀਆਂ ਨੂੰ ਵਿਸ਼ੇਸ਼ ਰਿਆਇਤਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਦੇ 25 ਲੱਖ ਕਰੋੜ ਰੁਪਏ ਦੇ ਕਰਜੇ ਮਾਫ ਕੀਤੇ ਗਏ ਹਨ, ਪਰ ਖੁਦਕੁਸ਼ੀਆਂ ਦੇ ਰਾਹ ਪਏ ਕਿਸਾਨਾਂ ਦੇ ਕਰਜ਼ਿਆਂ ਤੇ ਲਕੀਰ ਨਹੀਂ ਫੇਰੀ ਜਾ ਰਹੀ। ਇਸ ਸਮੇਂ ਰਣਬੀਰ ਸਿੰਘ ਕੁਕੂ, ਇਕਬਾਲ ਸਿੰਘ, ਜਸਪਾਲ ਸਿੰਘ, ਪਿਆਰਾ ਸਿੰਘ, ਸੂਜਾ ਸਿੰਘ, ਚੰਦਰ ਮੋਹਨ, ਜਗਤਾਰ ਸਿੰਘ, ਜਗਦੀਪ ਮਾਗਟ ਸਤਨਾਮ ਸਿੰਘ, ਅਰਜਨ ਪਾਸੀਂ, ਰਾਜਬੀਰ ਸਿੰਘ, ਪ੍ਰਿਤਪਾਲ ਸਿੰਘ, ਜੀਤ ਸਿੰਘ ਆਦਿ ਸ਼ਾਮਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

# 67ਵੀਂ ਅਖਿਲ ਭਾਰਤੀ ਪੁਲਿਸ ਡਿਊਟੀ ਮੀਟ 'ਚ ਮੋਹਿਤ ਧਵਨ ਨੇ ਪ੍ਰਾਪਤ ਕੀਤਾ ਤੀਸਰਾ ਸਥਾਨ




ਫ਼ਿਰੋਜ਼ਪੁਰ, 16 ਫਰਵਰੀ (ਮਨੋਹਰ ਲਾਲ) :— ਪੁਲਿਸ ਪ੍ਰਸ਼ਾਸਨ ਵਿਚ ਭਰਤੀ ਹੋ ਕੇ ਲੋਕ ਸੇਵਾ ਨੂੰ ਸਮਰਪਿਤ ਹੁੰਦਿਆਂ ਨੌਕਰੀ ਕਰਦੇ ਆ ਰਹੇ ਮੋਹਿਤ ਧਵਨ ਵੱਲੋਂ ਲਖਨਊ ਵਿਖੇ ਹੋਈਆਂ 67ਵੀਂ ਅਖਿਲ ਭਾਰਤੀਆ ਪੁਲਿਸ ਡਿਊਟੀ ਮੀਟ ਵਿਚ ਸ਼ਿਰਕਤ ਕਰਕੇ ਪੰਜਾਬ ਪੁਲਿਸ ਦਾ ਸਿਰ ਮਾਣ ਨਾਲ ਕੀਤਾ ਉੱਚਾ। ਜ਼ਿਕਰਯੋਗ ਹੈ ਕਿ ਲਖਨਊ ਰਾਜ ਵੱਲੋਂ ਕਰਵਾਈ 67ਵੀਂ ਅਖਿਲ ਭਾਰਤੀ ਪੁਲਿਸ ਡਿਊਟੀ ਮੀਟ ਵਿਚ ਸਾਰੇ ਰਾਜਾਂ ਦੀਆਂ ਪੁਲਿਸ ਟੀਮਾਂ ਨੇ ਸ਼ਿਰਕਤ ਕਰਕੇ ਆਪੋ—ਆਪਣੀ ਤਾਕਤ ਦਾ ਮੁਜ਼ਾਹਰਾ ਕੀਤਾ ਅਤੇ ਇਸ ਦੌਰਾਨ 42 ਟੀਮਾਂ ਵਿਚ ਵੱਖ—ਵੱਖ ਥੀਮਾਂ ਦੇ ਮੁਕਾਬਲੇ ਕਰਵਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੋਹਿਤ ਧਵਨ ਨੇ ਦੱਸਿਆ ਕਿ ਇਸ ਦੌਰਾਨ ਅਵਲੋਕਨ, ਫਿੰਗਰ ਪ੍ਰਿੰਟ ਆਦਿ ਦੀ ਜਾਂਚ ਵਿਚ ਵਿਗਿਆਨਕ ਸਹਾਇਤਾ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿਚ ਉਨ੍ਹਾਂ ਨੇ 4 ਐਫ.ਆਰ ਦੀ ਜਾਂਚ ਵਿਚ ਵਿਗਿਆਨਕ ਸਹਾਇਤਾ ਵਿਚ ਤੀਸਰਾ ਸਥਾਨ ਪ੍ਰਾਪਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਕੇਂਦਰ ਸਰਕਾਰ ਨੂੰ ਕਿਹਾ ਕਿ ਕਿਸਾਨਾਂ ਦੀਆਂ ਮੰਗਾਂ ਮੁਰੰਤ ਮੰਨ ਲੈਣੀਆਂ ਚਾਹੀਦੀਆਂ ਹਨ—ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ

ਫ਼ਿਰੋਜ਼ਪੁਰ, 16 ਫਰਵਰੀ (ਮਨੋਹਰ ਲਾਲ) :— ਗੁਰਦੁਆਰਾ ਛਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਡੇ ਕਿਸਾਨ ਸ਼ੰਭੂ ਬਾਰਡਰ ਅਤੇ ਦਿੱਲੀ ਦੀਆਂ ਬਰੂਹਾਂ ਤੇ ਰਾਤ—ਦਿਨ ਬੈਠ ਕੇ ਧਰਨਾ ਲਾ ਰਹੇ ਹਨ, ਪਰ ਕੇਂਦਰ ਸਰਕਾਰ ਉਨ੍ਹਾਂ ਉਪਰ ਲਾਠੀਆਂ, ਡੰਡੇ ਅਤੇ ਅੱਥਰੂ ਗੈਸ ਦੇ ਗੋਲੇ ਸੁੱਟ ਕਰਕੇ ਕਿਸਾਨਾਂ ਨੂੰ ਜਖਮੀ ਕਰ ਰਹੀ ਹੈ,



ਆਵਾਜ਼ਿ ਕੌਮ AWAZE QAUM International Newspaper & WEB TV

ਜਿਸ ਦੀ ਅਸੀਂ ਪੁਰਜ਼ੋਰ ਸ਼ਬਦਾਂ ਵਿਚ ਨਿੰਦਿਆ ਕਰਦੇ ਹਾਂ, ਕਿਉਂਕਿ ਭਾਰਤ ਦੇ ਕਾਨੂੰਨ ਮੁਤਾਬਿਕ ਆਪਣੇ ਹੱਕ ਲੈਣ ਲਈ ਧਰਨੇ ਮੁਜਾਹਰੇ ਸਾਡਾ ਮੁਢਲਾ ਅਧਿਕਾਰ ਹੈ, ਇਸ ਲਈ ਅਸੀਂ ਕੇਂਦਰ ਸਰਕਾਰ ਨੂੰ ਕਹਿਣਾ ਚਾਹੁੰਦੇ ਹਾਂ ਕਿ ਉਨ੍ਹਾਂ ਕਿਸਾਨਾਂ ਦੀਆਂ ਮੰਗਾਂ ਵੱਲ ਤੁਰੰਤ ਧਿਆਨ ਦੇਣ ਅਤੇ ਜਲਦੀ ਤੋਂ ਜਲਦੀ ਕਿਸਾਨਾਂ ਦੀਆਂ ਮੰਗਾਂ ਮੰਨ ਲੈਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਵੀ ਕਿਸਾਨਾਂ ਨੇ ਇਕ ਸਾਲ ਧਰਨਾ ਲਾਇਆ ਸੀ, ਪਰ ਅਖਿਰ ਵਿਚਕਾਲੇ ਕਾਨੂੰਨਾਂ ਨੂੰ ਖਤਮ ਕਰ ਦਿੱਤਾ ਸੀ, ਹੁਣ ਵੀ ਜਲਦੀ ਤੋਂ ਜਲਦੀ ਕਿਸਾਨਾਂ ਦੀਆਂ ਮੰਗਾਂ ਮੰਨ ਲੈਣੀਆਂ ਚਾਹੀਦੀਆਂ ਹਨ ਤਾਂ ਜ਼ੋ ਕਿਸਾਨਾਂ ਨੂੰ ਸੜਕਾਂ ਤੇ ਨਾ ਰੁਲਣਾ ਪਵੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਖਾਂ ਦੇ ਨਗਰ ਵਿਖੇ

# ਸਲਾਨਾ ਮਹਾਨ ਗੁਰਮਤਿ ਸਮਾਗਮ ਅੱਜ 16 ਫ਼ਰਵਰੀ ਤੋਂ 22 ਫ਼ਰਵਰੀ ਤੱਕ ਸ਼ੁਰੂ













**ਮੋਗਾ, 16 ਫ਼ਰਵਰੀ ( ਆਵਾਜਿ ਕੌਮ ਬਿਊਰੋ )**-ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਖਾਂ ਦੇ ਨਗਰ ਪਿੰਡ ਰੋਡੇ ਗੁਰਦੁਆਰਾ ਸੰਤ ਖਾਲਸਾ ਵਿਖੇ ਸਲਾਨਾ ਮਹਾਨ ਗੁਰਮਤਿ ਸਮਾਗਮ ਅੱਜ ਤੋਂ ਸ਼ੁਰੂ ਹਨ। ਅਤੇ 16 ਤੇ 17 ਫ਼ਰਵਰੀ ਨੂੰ ਸ਼ਾਮ 4 ਤੋਂ ਲੈਕੇ ਸ਼ਾਮ 6 ਵਜ਼ੇ ਤੱਕ ਹੋਣਗੇ, ਉਪਰੰਤ 18 ਤਾਰੀਖ ਨੂੰ ਨਗਰ ਕੀਰਤਨ ਸਾਹਿਬ ਸਜਾਇਆ ਜਾਵੇਗਾ। ਜਿਸ ਵਿੱਚ ਪੰਥਕ ਮਹਾਨ ਸ਼ਖ਼ਸੀਅਤਾਂ ਹਾਜਰੀ ਭਰਨਗੀਆ, ਅਤੇ ਵਿਸ਼ੇਸ਼ ਤੌਰ ਤੇ ਸਾਬਕਾ ਜਥੇਦਾਰ ਭਾਈ ਜਸਵੀਰ ਸਿੰਘ ਜੀ ਖਾਲਸਾ ਵੀ ਹਾਜ਼ਰੀ ਭਰਨਗੇ। ਅਤੇ 19,20,21 ਨੂੰ ਬਾਹਰ ਵੱਡੀ ਦੀਵਾਨ ਸਟੇਜ ਤੇ ਗੁਰਮਤਿ ਸਮਾਗਮ ਹੋਣਗੇ। ਅਤੇ 22 ਤਾਰੀਖ ਨੂੰ ਮਹਾਨ ਸੰਤ ਸਮਾਗਮ ਹੋਵੇਗਾ, ਤੇ ਇਸ ਸਮਾਗਮ ਵਿੱਚ ਸਮੂਹ ਸੰਤ ਮਹਾਂਪੁਰਖ ਅਤੇ ਪੰਥ ਦੀਆਂ ਮਹਾਨ ਸ਼ਖ਼ਸੀਅਤਾਂ, ਤੇ ਰਾਜਨੀਤਕ ਸ਼ਖ਼ਸੀਅਤਾਂ ਵੀ ਹਾਜ਼ਰੀ ਭਰਨਗੀਆ। ਕੀਰਤਨ ਦੀਵਾਨ ਸਜਾਏ ਜਾਣਗੇ ਅਤੇ ਅਤੇ ਸਮੂਹ ਮਹਾਨ ਸ਼ਖ਼ਸੀਅਤਾਂ ਵੀ ਹਾਜ਼ਰੀ ਲਗਵਾਉਣ ਗੀਆ।

**ਬੇਨਤੀ ਕਰਤਾ - ਵੱਲੋਂ - ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ, ਗੁਰਦੁਆਰਾ ਸੰਤ ਖਾਲਸਾ, ਸਮੂਹ ਸੰਗਤਾਂ, ਐਨ. ਆਰ. ਆਈ. ਵੀਰ , ਆਪ ਸਭ ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਇਹਨਾਂ ਸਮਾਗਮਾਂ ਵਿੱਚ ਹਾਜ਼ਰੀ ਭਰਕੇ ਗੁਰੂ ਦੇ ਲਾਹੇ ਪ੍ਰਾਪਤ ਕਰੋ ਜੀ।**

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




## ਪਿੰਡ ਦਤਿਆਲ, ਗੋਲ, ਕਥਲੋਰ ਅਤੇ ਜਸਵਾਂ ਵਿਖੇ

# ਕੈਬਨਿਟ ਮੰਤਰੀ ਪੰਜਾਬ ਨੇ ਪਹੁੰਚ ਲਿਆ ਲੋਕ ਸੁਵਿਧਾ ਕੈਂਪਾਂ ਦਾ ਜਾਇਜਾ

## ਮੌਕੇ ਤੇ ਸਮੱਸਿਆਵਾਂ ਦਾ ਹੱਲ ਅਤੇ ਇੱਕ ਹੀ ਦਿਨ ਵਿੱਚ ਕਾਰਜ ਮੁਕੰਮਲ ਨੂੰ ਲੈ ਕੇ ਲੋਕਾਂ ਵਿੱਚ ਖੁਸ਼ੀ

**ਪਠਾਨਕੋਟ, 16 ਫਰਵਰੀ (ਆਵਾਜ਼ਿ ਕੌਮ ਬਿਊਰੋ )**-ਜਿਹੜੇ ਕੰਮਾਂ ਨੂੰ ਕਰਵਾਉਂਣ ਦੇ ਲਈ ਲੋਕਾਂ ਨੂੰ ਕਈ ਕਈ ਦਿਨ ਸਰਕਾਰੀ ਦਫਤਰਾਂ ਦੇ ਚੱਕਰ ਲਗਾਉਂਣੇ ਪੈਂਦੇ ਸਨ ਅੱਜ ਉਨ੍ਹਾਂ ਲੋਕਾਂ ਨੂੰ ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਵਿੱਚ ਪਿੰਡ ਪਿੰਡ "ਆਪ ਦੀ ਸਰਕਾਰ ਆਪ ਦੇ ਦੁਆਰਾ" ਮੁਹਿੰਮ ਤਹਿਤ ਲਗਾਏ ਜਾ ਰਹੇ ਲੋਕ ਸੁਵਿਧਾ ਕੈਂਪਾਂ ਵਿੱਚ ਇੱਕ ਹੀ ਦਿਨ ਵਿੱਚ ਲੋਕਾਂ ਦੇ ਕਾਗਜਾਤ ਤਿਆਰ

ਆਵਾਜ਼ਿ ਕੌਮ AWAZE QAUM International Newspaper & WEB TV

ਹੋ ਰਹੇ ਹਨ। ਇਹ ਪ੍ਰਗਟਾਪਾ । ਇਹ ਪਗਟਾਵਾ ਸ੍ਰੀ ਲਾਲ ਚੰਦ ਕਟਾਰੂਚੱਕ ਵਣ ਅਤੇ ਜੰਗਲੀ ਜੀਵ ਸੁਰੱਖਿਆ, ਖੁਰਾਕ ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਪੰਜਾਬ ਨੇ ਅੱਜ ਪਿੰਡ ਜਸਵਾਂ ਵਿਖੇ ਲੋਕ ਸੁਵਿਧਾ ਕੈਂਪ ਦਾ ਦੋਰਾ ਕਰਨ ਮਗਰੋਂ ਕੀਤਾ । ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਰਾਜ ਕੁਮਾਰ ਨਾਇਬ ਤਹਿਸੀਲਦਾਰ ਪਠਾਨਕੋਟ, ਪਵਨ ਕੁਮਾਰ ਫੋਜੀ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਠਾਕੁਰ ਭੁਪਿੰਦਰ ਸਿਘ, ਰਜਿੰਦਰ ਸਿੰਘ ਭਿੱਲਾ ਬਲਾਕ ਪ੍ਰਧਾਨ, ਬਲਾਕ ਪ੍ਰਧਾਨ ਸੂਬੇਦਾਰ ਕੁਲਵੰਤ ਸਿੰਘ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ। ਜਿਕਰਯੋਗ ਹੈ ਕਿ ਅੱਜ ਜਿਲ੍ਹਾ ਪਠਾਨਕੋਟ ਦੇ ਪਿੰਡ ਦਤਿਆਲ, ਜਸਵਾਂ, ਗੋਲ ਅਤੇ ਕਥਲੋਰ ਵਿਖੇ ਲੋਕ ਸੁਵਿਧਾ ਕੈਂਪ ਲਗਾਏ ਗਏ ਹਨ।

ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਸਰਕਾਰੀ ਸੁਵਿਧਾਵਾਂ ਉਨ੍ਹਾਂ ਦੇ ਘਰ੍ਹਾਂ ਦੇ ਨਜਦੀਕ ਦੇਣ ਦੇ ਉਦੇਸ ਨਾਲ ਪੂਰੇ ਪੰਜਾਬ ਅੰਦਰ "ਆਪ ਦੀ ਸਰਕਾਰ ਆਪ ਦੇ ਦੁਆਰਾ" ਮੁਹਿੰਮ ਤਹਿਤ ਲੋਕ ਸੁਵਿਧਾ ਕੈਂਪ ਲਗਾ ਰਹੀ ਹੈ। ਇਨ੍ਹਾਂ ਕੈਂਪਾਂ ਵਿੱਚ ਪਹੁੰਚ ਰਹੇ ਲੋਕਾਂ ਦੇ ਕਾਰਜ ਮੋਕੇ ਤੇ ਹੀ ਕੀਤੇ ਜਾਂਦੇ ਹਨ । ਜਿਸ ਦੇ ਚਲਦਿਆਂ ਲੋਕਾਂ ਵਿੱਚ ਖੁਸੀ ਦੀ ਲਹਿਰ ਪਾਈ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਖ-ਵੱਖ ਪਿੰਡਾਂ ਅਤੇ ਵਾਰਡਾਂ ਵਿੱਚ ਲੋਕ ਸੁਵਿਧਾ ਕੈਂਪ ਲਗਾ ਕੇ ਇੰਨ੍ਹਾਂ ਕੈਂਪਾਂ ਦਾ ਲਾਭ ਲੋਕਾਂ ਨੂੰ ਸਿੱਧੇ ਰੂਪ ਵਿੱਚ ਦਿੱਤਾ ਜਾ ਰਿਹਾ ਹੈ ਅਤੇ ਕੈਂਪ ਵਿੱਚ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਵੱਖ-ਵੱਖ ਤਰ੍ਹਾਂ ਦੀਆਂ ਸੇਵਾਵਾਂ ਜਿਸ ਤਰ੍ਹਾਂ ਸੇਵਾ ਕੇਂਦਰ, ਮਾਲ ਵਿਭਾਗ, ਸਿਹਤ ਵਿਭਾਗ, ਨਗਰ ਨਿਗਮ, ਕਿਰਤ ਵਿਭਾਗ, ਲੇਬਰ ਵਿਭਾਗ, ਬੈਂਕ ਵਿਭਾਗ, ਬਿਜਲੀ ਵਿਭਾਗ, ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤ ਵਿਭਾਗ ਅਤੇ ਹੋਰ ਵੱਖ-ਵੱਖ ਵਿਭਾਗਾਂ ਵੱਲੋਂ ਆਪਣੇ-ਆਪਣੇ ਕਾਊਂਟਰ ਲੱਗਾ ਕੇ ਲੋਕਾਂ ਨੂੰ ਮੌਕੇ 'ਤੇ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਲੋਕਾਂ ਨੂੰ ਕਿਹਾ ਕਿ ਉਹ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ। ਉਨ੍ਹਾਂ ਨੇ ਇਸ ਮੌਕੇ 'ਤੇ ਲੋਕਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਮੌਕੇ 'ਤੇ ਹੱਲ ਵੀ ਕੀਤਾ। ਉਨ੍ਹਾਂ ਕੈਂਪਾਂ ਦੋਰਾਨ ਮੋਜੂਦ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਲੋਕਾਂ ਦੇ ਅੱਜ ਦੇ ਕਾਰਜ ਅੱਜ ਹੀ ਕੀਤੇ ਜਾਣ ਅਤੇ ਦੂਸਰੇ ਦਿਨ ਤੇ ਕੋਈ ਵੀ ਕੰਮ ਨਾ ਛੱਡਿਆ ਜਾਵੇ।

